‘ਜ਼ਿਕਰ ਪੰਜਾਬ’ ਨੂੰ
ਲੋੜ ਹੈ
ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸਬਿਆਂ ਤੋਂ ਤਜ਼ਰਬੇਕਾਰ ਪੜ੍ਹੇ-ਲਿਖੇ ਪੱਤਰਕਾਰਾਂ ਦੀ
ਸੰਪਰਕ:-
9815024577
E-mail:
zikarpunjab44@gmail.com

ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 23 ਮਾਰਚ ਤੋਂ ਐਤਵਾਰ, 29 ਮਾਰਚ, 2026
WEEKLY ZIKAR PUNJAB
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ
ਹਫਤਾਵਾਰੀ ਅਖ਼ਬਾਰ
Ludhiana : Monday, 23 March to Sunday, 29 March 2026

ਹਫਤਾਵਾਰੀ ‘ਜ਼ਿਕਰ ਪੰਜਾਬ’ ਅਖ਼ਬਾਰ ਵਿੱਚ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਛਪਵਾਉਣ ਲਈ
ਸੰਪਰਕ:-
9815024577
E-mail:
zikarpunjab44@gmail.com

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 12 | Website : www.zikarpunjab.com



## ਮੋਦੀ ਵੱਲੋਂ ਤੇਲ, ਬਿਜਲੀ ਅਤੇ ਖਾਦ ਦੀ ਸਪਲਾਈ ਦਾ ਜਾਇਜ਼ਾ

ਜ਼ਿਕਰ ਪੰਜਾਬ
**ਨਵੀਂ ਦਿੱਲੀ/ਬਿਊਰੋ**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਸੀਨੀਅਰ ਮੰਤਰੀਆਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਪੱਛਮੀ ਏਸ਼ੀਆ ਦੇ ਹਾਲਾਤ ਨੂੰ ਦੇਖਦੇ ਹੋਏ ਕੱਚੇ ਤੇਲ, ਗੈਸ, ਪੈਟਰੋਲੀਅਮ ਉਤਪਾਦਾਂ, ਬਿਜਲੀ ਅਤੇ ਖਾਦ ਖੇਤਰ ਦੀ ਸਥਿਤੀ ਦੀ ਸਮੀਖਿਆ ਕੀਤੀ ਗਈ। ਸਰਕਾਰੀ ਸੂਤਰਾਂ ਅਨੁਸਾਰ, ਮੀਟਿੰਗ ਦਾ ਮੁੱਖ ਮਕਸਦ ਦੇਸ਼ ਭਰ ਵਿੱਚ ਇਨ੍ਹਾਂ ਚੀਜ਼ਾਂ ਦੀ ਬਿਨਾਂ ਰੁਕਾਵਟ ਸਪਲਾਈ, ਸਥਿਰ ਲੌਜਿਸਟਿਕਸ ਅਤੇ ਕੁਸ਼ਲ ਵੰਡ ਨੂੰ ਯਕੀਨੀ ਬਣਾਉਣਾ ਸੀ। ਇਸ ਅਹਿਮ ਮੀਟਿੰਗ ਵਿੱਚ ਕਈ ਕੇਂਦਰੀ ਮੰਤਰੀ ਸ਼ਾਮਲ ਹੋਏ ਜਿਨ੍ਹਾਂ ਵਿੱਚ ਰਾਜਨਾਥ ਸਿੰਘ (ਰੱਖਿਆ), ਅਮਿਤ ਸ਼ਾਹ (ਗ੍ਰਹਿ), ਸ਼ਿਵਰਾਜ ਸਿੰਘ ਚੌਹਾਨ (ਖੇਤੀਬਾੜੀ), ਐਸ ਜੈਸ਼ੰਕਰ (ਵਿਦੇਸ਼ ਮਾਮਲੇ), ਨਿਰਮਲਾ ਸੀਤਾਰਮਨ (ਵਿੱਤ), ਜੇ ਪੀ ਨੱਡਾ (ਸਿਹਤ), ਪੀਯੂਸ਼ ਗੋਇਲ (ਵਣਜ), ਅਸ਼ਵਨੀ ਵੈਸ਼ਨਵ (ਰੇਲਵੇ), ਹਰਦੀਪ ਸਿੰਘ ਪੁਰੀ (ਪੈਟਰੋਲੀਅਮ), ਇਸ ਤੋਂ

**■ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਸੀਨੀਅਰ ਮੰਤਰੀਆਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ**

ਇਲਾਵਾ ਐਨ.ਐਸ.ਏ ਅਜੀਤ ਡੋਭਾਲ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਮੀਟਿੰਗ ਵਿੱਚ ਦੱਸਿਆ ਗਿਆ ਕਿ ਸਰਕਾਰ ਪੈਟਰੋਲੀਅਮ ਅਤੇ ਹੋਰ ਜ਼ਰੂਰੀ ਚੀਜ਼ਾਂ ਦੀ ਸਪਲਾਈ ਨੂੰ ਬਰਕਰਾਰ ਰੱਖਣ ਲਈ ਸਰਗਰਮ ਕਦਮ ਚੁੱਕ ਰਹੀ ਹੈ। ਮੀਟਿੰਗ ਵਿੱਚ ਵਿਸ਼ਵ ਪੱਧਰੀ ਸਥਿਤੀ ਦਾ ਜਾਇਜ਼ਾ ਲਿਆ ਗਿਆ ਤਾਂ ਜੋ ਆਮ ਜਨਤਾ ਅਤੇ ਉਦਯੋਗਾਂ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਸਕੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਜੰਗ ਕਾਰਨ ਦੁਨੀਆ ਭਰ ਵਿੱਚ ਊਰਜਾ ਸੰਕਟ ਪੈਦਾ ਹੋ ਗਿਆ ਹੈ। ਸਰਕਾਰ ਅੰਤਰਰਾਸ਼ਟਰੀ ਸਪਲਾਈ ਚੇਨ ਵਿੱਚ ਆਈਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਇਹ ਤਣਾਅ 28 ਫਰਵਰੀ ਨੂੰ ਸ਼ੁਰੂ ਹੋਇਆ ਸੀ। ਇਰਾਨ ਨੇ ਹੋਰਮੁਜ਼ ਜਲ ਮਾਰਗ ’ਤੇ ਕੰਟਰੋਲ ਕੀਤਾ ਹੋਇਆ ਹੈ, ਜਿੱਥੋਂ ਦੁਨੀਆ ਦੀ 20 ਫੀਸਦ ਊਰਜਾ ਲੰਘਦੀ ਹੈ। ਨਾਕਾਬੰਦੀ ਕਾਰਨ ਭਾਰਤ ਸਮੇਤ ਕਈ ਦੇਸ਼ਾਂ ਨੂੰ ਤੇਲ ਦੀ ਸਪਲਾਈ ਵਿੱਚ ਮੁਸ਼ਕਲਾਂ ਆ ਰਹੀਆਂ ਹਨ। ਪ੍ਰਧਾਨ ਮੰਤਰੀ ਮੋਦੀ ਨੇ ਇਸ ਮੁੱਦੇ ’ਤੇ ਸਾਊਦੀ ਅਰਬ, ਯੂ.ਏ.ਈ, ਕਤਰ, ਇਜ਼ਰਾਈਲ ਅਤੇ ਇਰਾਨ ਸਮੇਤ ਕਈ ਦੇਸ਼ਾਂ ਦੇ ਆਗੂਆਂ ਨਾਲ ਫੋਨ ’ਤੇ ਗੱਲਬਾਤ ਵੀ ਕੀਤੀ ਹੈ।

## ਮੋਦੀ ਸਭ ਤੋਂ ਲੰਬੇ ਸਮੇਂ ਤੱਕ ਸਰਕਾਰ ਦੇ ਮੁਖੀ ਰਹਿਣ ਵਾਲੇ ਭਾਰਤੀ ਬਣੇ

ਜ਼ਿਕਰ ਪੰਜਾਬ
**ਨਵੀਂ ਦਿੱਲੀ/ਬਿਊਰੋ**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਭਾਰਤ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਸਰਕਾਰ ਦੇ ਮੁਖੀ ਵਜੋਂ ਸੇਵਾ ਨਿਭਾਉਣ ਦਾ ਇਤਿਹਾਸ ਰਚ ਦਿੱਤਾ ਹੈ। ਗੁਜਰਾਤ ਦੇ ਮੁੱਖ ਮੰਤਰੀ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਵਜੋਂ ਕੁੱਲ 8,931 ਦਿਨਾਂ ਦਾ ਕਾਰਜਕਾਲ ਪੂਰਾ ਕਰਕੇ ਉਨ੍ਹਾਂ ਨੇ ਸਿੱਕਮ ਦੇ ਸਾਬਕਾ ਮੁੱਖ ਮੰਤਰੀ ਪਵਨ ਕੁਮਾਰ ਚਾਮਲਿੰਗ ਦੇ 8,930 ਦਿਨਾਂ ਦੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ ਹੈ। ਨਰਿੰਦਰ ਮੋਦੀ ਆਜ਼ਾਦੀ ਤੋਂ ਬਾਅਦ ਪੈਦਾ ਹੋਣ ਵਾਲੇ ਪਹਿਲੇ ਪ੍ਰਧਾਨ ਮੰਤਰੀ ਹਨ ਅਤੇ ਉਨ੍ਹਾਂ

**☛ ਪਵਨ ਕੁਮਾਰ ਚਾਮਲਿੰਗ ਦਾ ਰਿਕਾਰਡ ਤੋੜਿਆ**

ਨੇ 2014, 2019 ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਆਪਣੀ ਪਾਰਟੀ ਨੂੰ ਲਗਾਤਾਰ ਤਿੰਨ ਵਾਰ ਜਿੱਤ ਦਿਵਾਈ ਹੈ। ਪਿਛਲੇ ਸਾਲ ਅਕਤੂਬਰ ਵਿੱਚ ਸਰਕਾਰ ਦੇ ਮੁਖੀ ਵਜੋਂ ਆਪਣੇ ਕਾਰਜਕਾਲ ਦੇ 25ਵੇਂ ਸਾਲ ਵਿੱਚ ਪ੍ਰਵੇਸ਼ ਕਰਦਿਆਂ ਉਨ੍ਹਾਂ ਨੇ ਭਾਰਤ ਦੇ ਲੋਕਾਂ ਦਾ ਧੰਨਵਾਦ ਕੀਤਾ ਸੀ। ਸਾਲ 2001 ਵਿੱਚ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣ ਤੋਂ ਬਾਅਦ ਦੇ ਆਪਣੇ ਸਫ਼ਰ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਗੁਜਰਾਤ ਨੂੰ ਭੂਚਾਲ, ਸੋਕੇ ਅਤੇ ਸਿਆਸੀ ਅਸਥਿਰਤਾ ਵਰਗੀਆਂ ਚੁਣੌਤੀਆਂ ਵਿੱਚੋਂ ਕੱਢ ਕੇ ਇੱਕ ● ਬਾਕੀ ਸਫ਼ਾ 2 ’ਤੇ

## 24.5 ਕਿਲੋ ਹੈਰੋਇਨ, 21 ਲੱਖ ਰੁਪਏ ਦੀ ਡਰੱਗ ਮਨੀ ਅਤੇ ਮਲਟੀ-ਕਾਪਰ ਡਰੋਨ ਸਮੇਤ ਤਿੰਨ ਕਾਬੂ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਪੰਜਾਬ ਪੁਲਿਸ ਦੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਨੇ ਸੀਮਾ ਸੁਰੱਖਿਆ ਬਲ (ਬੀ.ਐਸ.ਐਫ.) ਨਾਲ ਸਾਂਝੇ ਆਪ੍ਰੇਸ਼ਨ ਤਹਿਤ ਪਾਕਿਸਤਾਨ- ਸਮਰਥਿਤ ਸਰਹੱਦ ਪਾਰੋਂ ਚੱਲ ਰਹੇ ਤਸਕਰੀ ਮਾਡਿਊਲ ਦੇ ਤਿੰਨ ਮਾਸਟਰਮਾਈਂਡਾਂ ਨੂੰ 24.5 ਕਿਲੋ ਹੈਰੋਇਨ ਅਤੇ 21 ਲੱਖ ਰੁਪਏ ਦੀ ਡਰੱਗ ਮਨੀ ਨਾਲ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ



ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਨੂਰਵਾਲ ਦੇ ਰਹਿਣ ਵਾਲੇ ਜਗਜੀਤ ਸਿੰਘ ਉਰਫ਼ ਰਾਣਾ, ਅੰਮ੍ਰਿਤਸਰ ਦੇ ਪਿੰਡ ਔਲਖ ਖੁਰਦ ਦੇ ਰਹਿਣ ਵਾਲੇ ਮਨਪ੍ਰੀਤ ਸਿੰਘ ਉਰਫ਼ ਪ੍ਰੀਤ ਅਤੇ ਅੰਮ੍ਰਿਤਸਰ ਦੇ ਪਿੰਡ ਧੂਪਸੜੀ ਦੇ ਰਹਿਣ ਵਾਲੇ ਰੌਸ਼ਨ ਸਿੰਘ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਹੈਰੋਇਨ ਅਤੇ ਡਰੱਗ ਮਨੀ ਬਰਾਮਦ ਕਰਨ ਤੋਂ ਇਲਾਵਾ ਬੀ.ਐਸ.ਐਫ. ਅਤੇ ਪੁਲਿਸ ਟੀਮਾਂ ਨੇ ਮਲਟੀ-ਕਾਪਟਰ ਡਰੋਨ ਵੀ ਜ਼ਬਤ ਕੀਤਾ ਹੈ, ਜਿਸਦੀ ਵਰਤੋਂ ਪਾਕਿਸਤਾਨ ਅਧਾਰਤ ਤਸਕਰਾਂ ਵੱਲੋਂ ਸਰਹੱਦ ਪਾਰੋਂ ● ਬਾਕੀ ਸਫ਼ਾ 2 ’ਤੇ

## ਡੀ.ਐਮ. ਰੰਧਾਵਾ ਖ਼ੁਦਕੁਸ਼ੀ ਮਾਮਲਾ: ਚੰਡੀਗੜ੍ਹ ਬਣਿਆ ਜੰਗ ਦਾ ਮੈਦਾਨ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**

ਪੰਜਾਬ ਸਟੇਟ ਵੇਅਰਹਾਊਸ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਮੌਤ ਦੇ

**■ ਵਿਰੋਧੀ ਧਿਰਾਂ ’ਤੇ ਪੁਲਿਸ ਨੇ ਚਲਾਈਆਂ ਪਾਣੀ ਦੀਆਂ ਬੁਛਾੜਾਂ**

ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਅੱਜ ਰਾਜਧਾਨੀ ਚੰਡੀਗੜ੍ਹ ਵਿੱਚ ਭਾਰੀ ਹੰਗਾਮਾ ਹੋਇਆ। ਸਾਬਕਾ





ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਉਨ੍ਹਾਂ ਦੇ ਪਿਤਾ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਸਮੇਤ ਸਮੁੱਚੀ ਵਿਰੋਧੀ ਧਿਰ ਨੇ ਇੱਕਜੁੱਟ ਹੋ ਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਦਾ ਘਿਰਾਓ ਕਰਨ ਦੀ ਕੋਸ਼ਿਸ਼ ਕੀਤੀ। ਜਿਵੇਂ ਹੀ ਪ੍ਰਦਰਸ਼ਨਕਾਰੀ ਬੈਰੀਕੇਡ ਤੋੜ ਕੇ ਸੀ.ਐਮ. ਹਾਊਸ ਵੱਲ ਵਧਣ ਲੱਗੇ, ਤਾਂ ਪਹਿਲਾਂ ਤੋਂ ਤੈਨਾਤ ਚੰਡੀਗੜ੍ਹ ਪੁਲਿਸ ਨਾਲ ਉਨ੍ਹਾਂ ਦੀ ਜ਼ਬਰਦਸਤ ਧੱਕਾ-ਮੁੱਕੀ ਹੋਈ। ਭੀੜ ਨੂੰ ਖਿੰਡਾਉਣ ਲਈ ਪੁਲਿਸ ਨੇ ਪਾਣੀ ਦੀਆਂ ਬੁਛਾੜਾਂ ਦੀ ਵਰਤੋਂ ਕੀਤੀ। ਇਸ ਦੌਰਾਨ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ, ਭਾਜਪਾ ਪ੍ਰਧਾਨ ਸੁਨੀਲ ਜਾਖੜ ਅਤੇ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਸਮੇਤ ਕਈ ਦਿੱਗਜ ਨੇਤਾਵਾਂ ਨੂੰ ਪੁਲਿਸ ਨੇ ਹਿਰਾਸਤ ਵਿੱਚ ਲੈ ● ਬਾਕੀ ਸਫ਼ਾ 2 ’ਤੇ

## ਸਾਡਾ ਮੰਤਰੀ ਹੋਵੇ ਜਾਂ ਕੋਈ ਹੋਰ ਕਾਨੂੰਨ ਸਭ ਲਈ ਬਰਾਬਰ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟੋਲਰੈਂਸ ਦੀ ਨੀਤੀ ਅਪਣਾਈ ਹੋਈ ਹੈ ਅਤੇ ਕਾਨੂੰਨ ਸਭ ਲਈ ਬਰਾਬਰ ਹੈ ਤੇ ਜੇਕਰ ਕੋਈ ਇਸ ਦੀ ਉਲੰਘਣਾ ਕਰੇਗਾ ਤਾਂ ਬਖਸ਼ਿਆ ਨਹੀਂ ਜਾਵੇਗਾ। ਮੁੱਖ ਮੰਤਰੀ ਦਾ ਇਹ ਬਿਆਨ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਅਧਿਕਾਰੀ ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਅਤੇ ਲਾਲਜੀਤ ਸਿੰਘ ਭੁੱਲਰ ਦੇ ਅਸਤੀਫੇ ਉੱਤੇ ਵਧੇ ਵਿਵਾਦ ਤੋਂ ਬਾਅਦ ਆਇਆ ਹੈ। ਮੁੱਖ ਮੰਤਰੀ ਮਾਨ ਨੇ ਲਾਲਜੀਤ ਭੁੱਲਰ ਦਾ ਨਾਮ ਲਏ ਬਿਨਾਂ ਕਿਹਾ, ‘ਸਾਡੀ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟੋਲਰੈਂਸ ਨੀਤੀ ਹੈ ਅਤੇ ਇਹ ਪਹਿਲਾ ਮਾਮਲਾ ਨਹੀਂ ਹੈ। ਸਾਡੀ ਪਾਰਟੀ ਨੇ ਪਹਿਲਾਂ ਵੀ ਅਜਿਹੀ ਕਾਰਵਾਈ ਕੀਤੀ ਹੈ, ਇੱਥੋਂ ਤੱਕ ਕਿ ਦਿੱਲੀ ਵਿੱਚ ਵੀ। ਇਸ ਲਈ ਜੇ ਕੋਈ ਕੁਝ ਗਲਤ ਕਰਦਾ ਹੈ ਅਤੇ ਕਿਸੇ ਨੂੰ ਆਪਣੀ ਜਾਨ ਲੈਣ ਲਈ ਮਜਬੂਰ ਕਰਦਾ ਹੈ ਤਾਂ ਇਹ ਜਾਂਚ ਦਾ ਵਿਸ਼ਾ ਹੈ ਪਰ ਚਾਹੇ ਉਹ ਸਾਡਾ ਮੰਤਰੀ ਹੋਵੇ ਜਾਂ ਕੋਈ ਹੋਰ ਕਾਨੂੰਨ ਸਾਰਿਆਂ ਲਈ ਬਰਾਬਰ ਹੈ। ਕਾਨੂੰਨ ਆਪਣਾ ਕੰਮ ਕਰ ਰਿਹਾ ਹੈ।’

## ਭੁੱਲਰ ਦੇ ਸਮਰਥਕਾਂ ਵੱਲੋਂ ਦਫ਼ਤਰ ਅੱਗੇ ਇਕੱਠ



ਜ਼ਿਕਰ ਪੰਜਾਬ
**ਪੱਟੀ/ਬਿਊਰੋ**

ਵੇਅਰਹਾਊਸ ਦੇ ਐੱਮਡੀ ਗਗਨਦੀਪ ਸਿੰਘ ਦੇ ਕਥਿਤ ਸੁਸਾਈਡ ਮਾਮਲੇ ਵਿੱਚ ਫਸ ਚੁੱਕੇ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਸਮਰਥਕਾਂ ਵੱਲੋਂ ਪੱਟੀ ਸਥਿਤ ਉਨ੍ਹਾਂ ਦੇ ਦਫ਼ਤਰ ਅੰਦਰ ਇਕੱਠ ਕੀਤਾ ਗਿਆ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਪੱਟੀ ਹਲਕੇ ਤੋਂ ਆਪ ਆਗੂ ਐਡਵੋਕੇਟ ਹੀਰਾ ਸਿੰਘ ਸੰਧੂ ਅਤੇ ਚੈਅਰਮੈਨ ਗੁਰਪਿੰਦਰ ਸਿੰਘ ਉਪਲ ਨੇ ਕਿਹਾ ਕਿ ਐੱਮਡੀ ਸੁਸਾਈਡ ਮਾਮਲੇ ਵਿੱਚ ਉਨ੍ਹਾਂ ਨੂੰ ਪੁਲੀਸ ਜਾਂਚ ਜਾ ਕਿਸੇ ਹੋਰ ਜਾਂਚ ਵਿੱਚ ਭਰੋਸਾ ਹੈ ਪਰ ਕਥਿਤ ਜਾਂਚ ਕਿਸੇ ਪੱਖ ਤੋਂ ਪ੍ਰਭਾਵਿਤ ਨਾ ਹੋਵੇ?। ਉਨ੍ਹਾਂ ਦਾਅਵਾ ਕੀਤਾ ਕਿ ਲਾਲਜੀਤ ਸਿੰਘ ਭੁੱਲਰ ਨੂੰ ਕਨੂੰਨ ਤੇ ਭਰੋਸਾ ਹੈ ਤੇ ਉਹ ਇਸ ਮਾਮਲੇ ਵਿੱਚ ਜਾਂਚ ਅੰਦਰ ਸ਼ਾਮਿਲ ਹੋਣਗੇ। ਸਥਾਨਕ ਆਗੂਆਂ ਨੇ ਕਿਹਾ ਕਿ ਲਾਲਜੀਤ ਸਿੰਘ ਭੁੱਲਰ ਦੇ ਖ਼ਿਲਾਫ਼ ਵਿਰੋਧੀ ਪਾਰਟੀਆਂ ਪ੍ਰਚਾਰ ਕਰਕੇ ਆਪਣੀ ਸਿਆਸਤ ਚਮਕਾ ਰਹੀਆਂ ਹਨ ਜਦੋਂ ਕਿ ਲਾਲਜੀਤ ਸਿੰਘ ਭੁੱਲਰ ਨੇ ਇਹ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਆਪਣੇ ਕੈਬਨਿਟ ਮੰਤਰੀ ਪਦ ਤੋਂ ਤਰੁੰਤ ਅਸਤੀਫ਼ਾ ਦੇ ਦਿੱਤਾ ਸੀ। ਭੁੱਲਰ ਦੇ ਸਮਰਥਕਾਂ ਨੇ ਕਥਿਤ ਇਸ ਮਾਮਲੇ ਨਾਲ ਜੁੜਦੇ ਪੱਟੀ ਭਿੱਖੀਵਿੰਡ ਲਈ ਜਾਰੀ ਕੀਤੇ ਗਏ ਟੈਡਰਾਂ ਸਬੰਧੀ ਨਿਰਪੱਖ ਜਾਂਚ ਦੀ ਮੰਗ ਕੀਤੀ। ਜ਼ਿੱਥੇ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਜ਼ਿਲ੍ਹਾ ਤਰਨਤਾਰਨ ਨਾਲ ਸਬੰਧਤ ਪਾਰਟੀ ਦੀ ● ਬਾਕੀ ਸਫ਼ਾ 2 ’ਤੇ

## ਲਾਲਜੀਤ ਭੁੱਲਰ ਦੀ ਗ੍ਰਿਫ਼ਤਾਰੀ ਤੱਕ ਗਗਨਦੀਪ ਦਾ ਪੋਸਟਮਾਰਟਮ ਨਾ ਕਰਵਾਉਣ ’ਤੇ ਅੜਿਆ ਪਰਿਵਾਰ



ਜ਼ਿਕਰ ਪੰਜਾਬ
**ਅੰਮ੍ਰਿਤਸਰ/ਬਿਊਰੋ**

ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਮ੍ਰਿਤਕ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੇ ਪਰਿਵਾਰ ਨੇ ਪੋਸਟਮਾਰਟਮ ਦੀ ਇਜਾਜ਼ਤ ਦੇਣ ਤੋਂ ਪਹਿਲਾਂ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਹੋਰ ਮੁਲਜ਼ਮਾਂ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਕੀਤੀ ਹੈ। ਰੰਧਾਵਾ ਦੀ ਪਤਨੀ ਉਪਿੰਦਰ ਕੌਰ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਭੁੱਲਰ ਅਤੇ ਹੋਰ ਸ਼ੱਕੀ ਹਿਰਾਸਤ ਵਿੱਚ ਨਹੀਂ ਲਏ ਜਾਂਦੇ, ਪਰਿਵਾਰ ਪੋਸਟਮਾਰਟਮ ਨਹੀਂ ਹੋਣ ਦੇਵੇਗਾ। ਉਨ੍ਹਾਂ ਦੋਸ਼ ਲਾਇਆ ਕਿ ਉਨ੍ਹਾਂ ਦੇ ਪਤੀ ’ਤੇ ਭਾਰੀ ਦਬਾਅ ਸੀ, ਉਨ੍ਹਾਂ ਨਾਲ ਕੁੱਟਮਾਰ ਕੀਤੀ ਗਈ ਅਤੇ ਉਨ੍ਹਾਂ ਨੂੰ ਜ਼ਲੀਲ ਕੀਤਾ ਗਿਆ, ਜਿਸ ਕਾਰਨ ਉਨ੍ਹਾਂ ਨੇ ਇਹ ਖ਼ੌਫ਼ਨਾਕ ਕਦਮ ਚੁੱਕਿਆ। ਉਪਿੰਦਰ ਕੌਰ ਨੇ ਕਿਹਾ, ÷ਸਾਨੂੰ ਪਹਿਲਾਂ ਇਨਸਾਫ਼ ਚਾਹੀਦਾ ਹੈ। ਮੁਲਜ਼ਮ ਮੰਤਰੀ ਦੀ ਗ੍ਰਿਫ਼ਤਾਰੀ ਤੋਂ ਬਾਅਦ ਹੀ ਪੋਸਟਮਾਰਟਮ ਅਤੇ ਸਸਕਾਰ ਕੀਤਾ ਜਾਵੇਗਾ।’ ਉਨ੍ਹਾਂ ਸਰਕਾਰ ’ਤੇ ਵਰ੍ਹਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਗੰਭੀਰ ਹੁੰਦੀ ਤਾਂ ਐੱਫ ਆਈ ● ਬਾਕੀ ਸਫ਼ਾ 2 ’ਤੇ

## ਵਿਸ਼ੇਸ਼ ਸੈਸ਼ਨ ਬੁਲਾਉਣ ਦੇ ਨਾਮ ’ਤੇ ਨੌਟੰਕੀ ਕਰਨੀ ਬੰਦ ਕਰਨੀ ਚਾਹੀਦੀ ਹੈ : ਬਾਦਲ

ਜ਼ਿਕਰ ਪੰਜਾਬ
**ਕੋਟਕਪੂਰਾ/ਬਿਊਰੋ**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਦੇ ਨਾਮ ’ਤੇ ਨੌਟੰਕੀ ਕਰਨੀ ਬੰਦ ਕਰਨੀ ਚਾਹੀਦੀ ਹੈ ਅਤੇ ਦੱਸਿਆ ਕਿ ਪਿਛਲੀ ਅਕਾਲੀ ਸਰਕਾਰ ਨੇ 2016 ਵਿੱਚ ਹੀ ਬੇਅਦਬੀ ਵਿਰੋਧੀ ਕਾਨੂੰਨ ਪਾਸ ਕਰ ਦਿੱਤਾ ਸੀ। ਅਕਾਲੀ ਦਲ ਦੇ ਪ੍ਰਧਾਨ ਨੇ ਇਥੇ ਇਕ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ, ਉਨ੍ਹਾਂ ਦੇ ਨਾਲ ਸੀਨੀਅਰ ਆਗੂ ਮੰਤਰ ਸਿੰਘ ਬਰਾੜ ਮੌਜੂਦ ਸਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਲੋਂ 2016 ਵਿੱਚ ਪਾਸ ਕੀਤੇ ਬੇਅਦਬੀ ਵਿਰੋਧੀ ਕਾਨੂੰਨ ਵਿਚ ਸ਼?ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਖਿਲਾਫ ਬੇਅਦਬੀ ਕਰਨ ਵਾਲੇ ਕਿਸੇ ਵੀ ਵਿਅਕਤੀ ਲਈ ਉਮਰ



ਕੈਦ ਦੀ ਸਜ਼ਾ ਦਾ ਪ੍ਰਬੰਧ ਹੈ। ਉਨ੍ਹਾਂ ਕਿਹਾ, “ਇਸ ਕਾਨੂੰਨ ਨੂੰ ਕੇਂਦਰ ਵੱਲੋਂ ਅਜੇ ਤੱਕ ਮਨਜ਼ੂਰੀ ਨਹੀਂ ਦਿੱਤੀ ਗਈ ਹੈ। ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ, “ਮੁੱਖ ਮੰਤਰੀ ਨੂੰ ਇਸ ਸੰਵੇਦਨਸ਼ੀਲ ਮਸਲੇ ’ਤੇ ਨਾਟਕ ਕਰਨ ਦੀ ਬਜਾਏ ਇਸਨੂੰ ਕੇਂਦਰ ਸਰਕਾਰ ਅੱਗੇ ਉਠਾਉਣਾ ਚਾਹੀਦਾ ਹੈ ਅਤੇ ਇਸ ਨੂੰ ਪਾਸ ਕਰਵਾਉਣਾ ਚਾਹੀਦਾ ਹੈ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਦਾਅਵਾ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਆਉਣ ਤੋਂ ਬਾਅਦ 2015 ਵਿੱਚ ਬੇਅਦਬੀ ਦੀਆਂ ਘਟਨਾਵਾਂ ਸ਼ੁਰੂ ਹੋਈਆਂ। ਉਨ੍ਹਾਂ ਕਿਹਾ, “ਆਪ ਵਿਧਾਇਕ ਨਰੇਸ਼ ਯਾਦਵ ਨੂੰ ਬੇਅਦਬੀ ਦੇ ਇੱਕ ਮਾਮਲੇ ਵਿੱਚ ਦੋਸ਼ੀ ਵੀ ਕਰਾਰ ਦਿੱਤਾ ਗਿਆ ਸੀ, ਪਰ ਆਮ ਆਦਮੀ ਪਾਰਟੀ ਨੇ ਪੰਜਾਬੀਆਂ ਨੂੰ ਇਹ ਨਹੀਂ ਦੱਸਿਆ ਕਿ ਪਾਰਟੀ ਨੇ ਯਾਦਵ ਦਾ ਬਚਾਅ ਕਿਉਂ ਕੀਤਾ ਅਤੇ ਇੱਥੋਂ ਤੱਕ ਕਿ ਆਪਣੇ ਸੀਨੀਅਰ ਆਗੂਆਂ ਹਰਪਾਲ ਚੀਮਾ ਅਤੇ ਹਰਜੋਤ ਬੈਂਸ ਨੂੰ ਉਨ੍ਹਾਂ ਦਾ ਮਾਮਲਾ ਲੜਨ ਲਈ ਮੈਦਾਨ ਵਿੱਚ ਉਤਾਰਿਆ। ਸਰਦਾਰ ਬਾਦਲ ਨੇ ਲੋਕਾਂ ਨੂੰ ਅਕਾਲੀ ਦਲ ਦਾ ਸਮਰਥਨ ਕਰਨ ਅਤੇ ਪੰਜਾਬ ਨਾਲ ਭੇਦਭਾਵ ਕਰਨ ਵਾਲੀਆਂ ਦਿੱਲੀ ਦੀਆਂ ਪਾਰਟੀਆਂ ਦਾ ਬਾਈਕਾਟ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਮੋਦੀ ਜੀ (ਪ੍ਰਧਾਨ ਮੰਤਰੀ ਨਰਿੰਦਰ ਮੋਦੀ), ਰਾਹੁਲ ਗਾਂਧੀ ਅਤੇ ਅਰਵਿੰਦ ਕੇਜਰੀਵਾਲ ਨੂੰ ਤੁਹਾਡੀ ਕੋਈ ਪਰਵਾਹ ਨਹੀਂ ਹੈ। ਸ਼?ਰੋਮਣੀ ਅਕਾਲੀ ਦਲ ਤੁਹਾਡੇ ਪਰਿਵਾਰ ਦਾ ਹਿੱਸਾ ਹੈ। ਅਸੀਂ ਹਮੇਸ਼ਾਂ ਤੁਹਾਡੇ ਨਾਲ ਖੜ੍ਹੇ ਹਾਂ, ਜਦਕਿ ਦਿੱਲੀ ਦੀਆਂ ਪਾਰਟੀਆਂ ਸਿਰਫ਼ ਸੱਤਾ ਅਤੇ ਲੁੱਟ ’ਚ ਹੀ ਵਿਸ਼ਵਾਸ ਕਰਦੀਆਂ ਹਨ। ਇਸ ਮੌਕੇ ’ਤੇ ਵਪਾਰ ਵਿੰਗ ਦੇ ਜ਼ਿਲਾ ਪ੍ਰਧਾਨ ਰਵਿੰਦਰ ਗਰਗ ਨੇ ਕਿਹਾ ਕਿ ਜਦੋਂ ਤੋਂ ਕੇਂਦਰ ਸਰਕਾਰ ਨੇ ਖਾਦ ਅਨਾਜ ’ਤੇ ਕਮਿਸ਼ਨ ਘਟਾਇਆ ਹੈ, ਉਦੋਂ ਤੋਂ ‘ਆੜਤੀ’ ਭਾਈਚਾਰੇ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਆਪਣੇ ਬਜਟ ਵਿਚ ਵਾਧੂ ਮੁਆਵਜ਼ਾ ਦੇ ਕੇ ਆੜ੍ਹਤੀਆਂ ਦੀ ਮਦਦ ਕਰ ਰਹੀ ਹੈ ਅਤੇ ਕਿਹਾ ਕਿ ਰਾਜ ਵਿੱਚ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਪੰਜਾਬ ਵਿੱਚ ਵੀ ਇਸੇ ਤਰ੍ਹਾਂ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਆੜ੍ਹਤੀਆਂ ਨੂੰ 50 ਕਰੋੜ ਰੁਪਏ ਦਾ ਈਪੀਐਫ ਲਾਭ ● ਬਾਕੀ ਸਫ਼ਾ 2 ’ਤੇ

## ਕੈਨੇਡਾ ’ਚ ਬਿਨਾਂ ਵਰਕ ਪਰਮਿਟ ਤੋਂ ਦਾਖਲ ਹੋ ਸਕਣਗੇ ਵਿਦੇਸ਼ੀ ਨਾਗਰਿਕ

ਜ਼ਿਕਰ ਪੰਜਾਬ
**ਵਿਨੀਪੈਗ/ਬਿਊਰੋ**

ਕੈਨੇਡਾ ਵਿੱਚ ਇਮੀਗ੍ਰੇਸ਼ਨ ਵਿਭਾਗ ਵੱਲੋਂ ਵਰਕ ਪਰਮਿਟ ਅਤੇ ਸੁਪਰ ਵੀਜ਼ਾ ਨਾਲ ਸਬੰਧਿਤ ਦੋ ਨਵੇਂ ਨਿਯਮ ਲਿਆਂਦੇ ਗਏ ਹਨ, ਜਿਨ੍ਹਾਂ ਰਾਹੀਂ ਨੌਜਵਾਨਾਂ ਅਤੇ ਬਜ਼ੁਰਗਾਂ ਦਾ ਕੈਨੇਡਾ ਆਉਣਾ ਸੌਖਾ ਹੋ ਗਿਆ ਹੈ। ਬਿਜ਼ਨਸ ਵਿਜ਼ਟਰ ਵਜੋਂ ਕੈਨੇਡਾ ਆਉਣ ਦੇ ਇਛੁੱਕ ਵਿਦੇਸ਼ੀ ਨਾਗਰਿਕਾਂ ਵਾਸਤੇ ਲਾਜ਼ਮੀ ਹੈ ਕਿ ਉਹ ਇਮੀਗ੍ਰੇਸ਼ਨ ਐਂਡ ਰਫ਼ਿਊਜੀ ਪ੍ਰੋਟੈਕਸ਼ਨ ਰੈਗੂਲੇਸ਼ਨ ਅਧੀਨ ਸ਼ਰਤਾਂ ਪੂਰੀਆਂ ਕਰਦੇ ਹੋਣ। ਸ਼ਰਤਾਂ ਪੂਰੀਆਂ ਕਰਨ ਵਾਲੇ ਵਿਦੇਸ਼ੀ ਨਾਗਰਿਕ ਬਗੈਰ ਵਰਕ ਪਰਮਿਟ ਤੋਂ ਮੁਲਕ ਵਿਚ ਦਾਖਲ ਹੋ ਸਕਦੇ ਹਨ। ਬਿਜ਼ਨਸ ਵਿਜ਼ਟਰ ਵੀਜ਼ਾ ਲਈ ਵਿਦੇਸ਼ੀ ਨਾਗਰਿਕ ਅਤੇ ਉਨ੍ਹਾਂ ਦੇ ਇੰਪਲਾਇਰ ਤਜ਼ਰਬੇਕਾਰ ਇਮੀਗ੍ਰੇਸ਼ਨ ਵਕੀਲਾਂ ਦੀਆਂ ਸੇਵਾਵਾਂ ਵੀ ਲੈ ਸਕਦੇ ਹਨ ,ਪਰ ਕਿਸੇ ਵਿਦੇਸ਼ੀ ਨਾਗਰਿਕ ਦਾ ਕੋਈ ਅਪਰਾਧਿਕ ਪਿਛੋਕੜ ਨਹੀਂ ਹੋਣਾ ਚਾਹੀਦਾ। ਇਮੀਗ੍ਰੇਸ਼ਨ ਵਿਭਾਗ ਵੱਲੋਂ ਨਵੇਂ ਨਿਯਮਾਂ ਅਨੁਸਾਰ ਬਿਜ਼ਨਸ ਵਿਜ਼ਟਰ ਵੀਜ਼ਾ ਲਈ ਅਰਜ਼ੀ ਦਾਖਲ ਕਰਦਿਆਂ ਸਾਬਿਤ ਕਰਨਾ ਹੋਵੇਗਾ ਕਿ ਕੈਨੇਡਾ ਵਿਚ ਰਿਹਾਇਸ਼ ਦਾ ਸਾਰਾ ਖ਼ਰਚਾ ਤੁਹਾਡਾ ਇੰਪਲਾਇਰ ਬਰਦਾਸ਼ਤ ਕਰ ਰਿਹਾ ਹੈ ਅਤੇ ਬਿਨੈਕਾਰਾਂ ਨੂੰ ਆਪਣੀ ਆਮਦਨ ਦੇ ਸਬੂਤ ਵੀ ਪੇਸ਼ ਕਰਨੇ ਹੋਣਗੇ। ਵੀਜ਼ਾ ਅਫ਼ਸਰਾਂ ਨੂੰ ਜਾਰੀ ਹਦਾਇਤਾਂ ਵਿਚ ਵੀਜ਼ਾ ਮਿਆਦ ਦਾ ਵੀ ਖ਼ਾਸ ਤੌਰ ’ਤੇ ਜ਼ਿਕਰ ਕੀਤਾ ਗਿਆ ਹੈ ਜਿਨ੍ਹਾਂ ਮੁਤਾਬਕ ਨਿਯਮ ਅਤੇ ਸ਼ਰਤਾਂ ਦੀ ਪਾਲਣਾ ਕਰਨ ਵਾਲਿਆਂ ਨੂੰ ਮਲਟੀਪਲ ਐਂਟਰੀ ਵੀਜ਼ਾ ਦਿੱਤਾ ਜਾ ਸਕਦਾ ਹੈ। ਮਲਟੀਪਲ ਐਂਟਰੀ ਵੀਜ਼ਾ ਵਾਸਤੇ ਲਾਜ਼ਮੀ ਹੈ ਕਿ ਸਬੰਧਿਤ ਵਿਦੇਸ਼ੀ ਨਾਗਰਿਕ ਸਿੱਧੇ ਤੌਰ ’ਤੇ ਕੈਨੇਡੀਅਨ ਕਿਰਤੀ ਬਾਜ਼ਾਰ ਵਿਚ ਦਾਖਲ ਨਾ ਹੋਵੇ ਜਦਕਿ ਕਾਰੋਬਾਰੀ ਸਰਗਰਮੀਆਂ ਕੌਮਾਂਤਰੀ ਪੱਧਰ ਦੀਆਂ ਹੋਣੀਆਂ ਚਾਹੀਦੀਆਂ ਹਨ। ਵਿਦੇਸ਼ੀ ਨਾਗਰਿਕ ਨੂੰ ਮਿਲਣ ਵਾਲਾ ਮਿਹਨਤਾਨਾ ਮੁਢਲੇ ਤੌਰ ’ਤੇ ਕੈਨੇਡਾ ਤੋਂ ਜਾਰੀ ਨਹੀਂ ਹੋਣਾ ਚਾਹੀਦਾ ਅਤੇ ਕਾਰੋਬਾਰ ਦਾ ਮੁੱਖ ਸਰੋਤ ਕੈਨੇਡਾ ਤੋਂ ਬਾਹਰ ਮੌਜੂਦ ਹੋਣਾ ਲਾਜ਼ਮੀ ਹੈ। ਮਿਸਾਲ ਵਜੋਂ ਕੈਨੇਡੀਅਨ ਵਸਤਾਂ ਦੀ ਖ਼ਰੀਦ ● ਬਾਕੀ ਸਫ਼ਾ 2 ’ਤੇ

### ਪੰਜਾਬ ਵਿੱਚ ਵਿਸ਼ਵ ਪੱਧਰੀ ਸੜਕਾਂ ਦਾ ਮਜ਼ਬੂਤ ਨੈੱਟਵਰਕ ਕਾਇਮ ਕਰ ਰਹੀ ਹੈ ਆਪ ਸਰਕਾਰ

## ਮਾਨ ਨੇ 300 ਕਿਲੋਮੀਟਰ ਨਵੀਆਂ ਸੜਕਾਂ ਦਾ ਨੀਂਹ ਪੱਥਰ ਰੱਖਿਆ

ਜ਼ਿਕਰ ਪੰਜਾਬ
**ਫਾਜ਼ਿਲਕਾ/ਬਿਊਰੋ**

ਪੰਜਾਬ ਭਰ ਵਿੱਚ ਵਿਸ਼ਵ ਪੱਧਰੀ ਸੜਕਾਂ ਦਾ ਵਿਸ਼ਾਲ ਨੈੱਟਵਰਕ ਕਾਇਮ ਕਰਦੇ ਹੋਏ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਤੇਜ਼ੀ ਲਿਆਂਦੀ ਹੈ, ਜਿਸ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਫਾਜ਼ਿਲਕਾ ਜ਼ਿਲ੍ਹੇ ਦੇ ਜਲਾਲਾਬਾਦ ਵਿੱਚ 300 ਕਿਲੋਮੀਟਰ ਨਵੀਆਂ ਸੜਕਾਂ ਦਾ ਨੀਂਹ ਪੱਥਰ ਰੱਖਿਆ ਅਤੇ 350 ਕਿਲੋਮੀਟਰ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਭ੍ਰਿਸ਼ਟਾਚਾਰੀ ਦੀ ਆੜ ਵਿੱਚ ਬਣਦੀਆਂ ਘਟੀਆ-ਮਿਆਰ ਵਾਲੀਆਂ ਸੜਕਾਂ ਦੇ ਨਿਰਮਾਣ ਦਾ ਯੁੱਗ ਹੁਣ ਖਤਮ ਹੋ ਚੁੱਕਾ ਹੈ। ਅੱਜ ਦੇ ਸੜਕੀ ਪ੍ਰਾਜੈਕਟ ਨੂੰ ਪੰਜਾਬ ਭਰ ਵਿੱਚ ਬਣਾਏ ਜਾ ਰਹੇ 43,000 ਕਿਲੋਮੀਟਰ ਦੇ ਵਿਸ਼ਾਲ ਸੜਕੀ ਨੈੱਟਵਰਕ ਦਾ ਹਿੱਸਾ ਦੱਸਿਦਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸਖ਼ਤ ਜਵਾਬਦੇਹੀ ਨਾਲ ਸੜਕਾਂ





ਚੰਗੀਆਂ ਬਣਨਗੀਆਂ, ਜ਼ਮੀਨਦੋਜ਼ ਤਾਰਾਂ ਰਾਹੀਂ ਬਿਜਲੀ ਦੇ ਖੰਭੇ ਹਟਾਉਣ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਵੋਟਰ ਮੁੜ ਫਤਵਾ ਦੇ ਕੇ ਸਰਕਾਰ ਨੂੰ ਵਾਪਸ ਲਿਆਉਣਗੇ। ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਪਿਛਲੇ ਚਾਰ ਸਾਲਾਂ ਵਿੱਚ ਸੂਬਾ ਸਰਕਾਰ ਨੇ ਰਵਾਇਤੀ ਪਾਰਟੀਆਂ ਦੇ 70 ਸਾਲਾਂ ਦੇ ਕਾਰਜਕਾਲ ਨਾਲੋਂ ਵੱਧ ਕੰਮ ਕੀਤਾ ਹੈ। ਸੂਬਾ ਸਰਕਾਰ ਤੇਜ਼ ਗਤੀ ਨਾਲ ਅੱਗੇ ਵਧ ਰਹੀ ਹੈ ਅਤੇ ਸਾਲ 2027 ਵਿੱਚ ਸੂਬਾ ਇਸ ਵਿਕਾਸ ਨੂੰ ਅਗਲੇ ਪੱਧਰ ’ਤੇ ਲੈ ਜਾਵੇਗਾ। ਇਹ ਵਿਕਾਸ ਆਮ ਆਦਮੀ ਦੀ ਭਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਕਈ ਲੋਕ-ਪੱਖੀ ਨੀਤੀਆਂ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਅੱਗੇ ਕਿਹਾ, “ਇਹ ਕੰਧ ’ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਆਮ ਲੋਕਾਂ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਸਾਲ 2027 ਵਿੱਚ ਦੁਬਾਰਾ ਸਰਕਾਰ ਬਣਾਏਗੀ। ਸੂਬਾ ਸਰਕਾਰ ਦੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਨੀਤੀਆਂ ਕਾਰਨ ਅਸੀਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ 100 ਤੋਂ ਵੱਧ ਸੀਟਾਂ ਜਿੱਤਾਂਗੇ। ਪਿਛਲੀ ਸਰਕਾਰ ’ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਇਸ ਇਲਾਕੇ ਵਿੱਚ ਛੋਟੇ ਦੁਕਾਨਦਾਰ, ਵਪਾਰੀ ਅਤੇ ਕਿਸਾਨ ਹਨ। ਲੋਕਾਂ ਨੇ ਪਹਿਲਾਂ ਰਵਾਇਤੀ ਪਾਰਟੀਆਂ ਨੂੰ ਵੱਡੇ ਪੱਧਰ ’ਤੇ ਵੋਟ ਦਿੱਤੀ ਸੀ, ਪਰ ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਲੁੱਟਿਆ। ਇਨ੍ਹਾਂ ਆਗੂਆਂ ਨੇ ਸਰੋਤਾਂ ਨੂੰ ਨਿੱਜੀ ਮੁਫਾਦਾਂ ਲਈ ਵਰਤਿਆ ਅਤੇ ਅੱਜ ਵੀ ਉਨ੍ਹਾਂ ਕੋਲ ਕੋਈ ਏਜੰਡਾ ਨਹੀਂ ਹੈ, ਸਿਰਫ਼ ਸੱਤਾ ਦੀ ਭੁੱਖ ਹੈ। ਉਹ ਇੱਕ ਦੂਜੇ ਤੋਂ ਮੂਹਰੇ ਹੋ ਕੇ ਮੈਨੂੰ ਗਾਲ੍ਹਾਂ ਕ ਢ ਦ ● ਬਾਕੀ ਸਫ਼ਾ 2 ’ਤੇ

## ਸਪੀਕਰ ਸੰਧਵਾਂ ਦੀ ਅਗਵਾਈ ਹੇਠ ਵਿਧਾਇਕਾਂ ਦੇ ਵਫ਼ਦ ਵੱਲੋਂ ਸਮਾਣਾ ਟਾਵਰ ਮੋਰਚੇ ਦੀ ਸੰਗਤ ਨਾਲ ਮੁਲਾਕਾਤ




ਜ਼ਿਕਰ ਪੰਜਾਬ
**ਸਮਾਣਾ/ਬਿਊਰੋ**

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਇਕਾਂ ਦੇ ਵਫ਼ਦ ਨੂੰ ਨਾਲ ਲੈ ਕੇ ਅੱਜ ਸਮਾਣਾ ਟਾਵਰ ਮੋਰਚੇ ਦੀ ਸੰਗਤ ਨਾਲ ਮੁਲਾਕਾਤ ਕੀਤੀ। ਇਸ ਮੌਕੇ ਸਪੀਕਰ ਸੰਧਵਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਚੌਂਕ ਵਿਖੇ ਸੰਗਤ ਦੇ ਵਿਸ਼ਾਲ ਇਕੱਠ ਵਿੱਚ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008 ਵਿੱਚ ਸੋਧ ਕਰਨ ਅਤੇ ਸਖ਼ਤ ਕਾਨੂੰਨ ਲਿਆਉਣ ਲਈ 13 ਅਪ੍ਰੈਲ ਨੂੰ ਸੱਦੇ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਪਾਸ ਕੀਤੇ ਗਏ ਕਾਨੂੰਨ ਦਾ ਖਰੜਾ ਲੈਕੇ ਉਹ 14 ਅਪ੍ਰੈਲ ਨੂੰ ਸਮਾਣਾ ਮੋਰਚੇ ਵਿੱਚ ਪੁੱਜਣਗੇ। ਇਸ ਮੌਕੇ ਉਹ ਖੁਦ ਇਸ ਪਾਸ ਕਾਨੂੰਨ ਦਾ ਖਰੜਾ ਅਕਤੂਬਰ 2024 ਤੋਂ ਟਾਵਰ ਉੱਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੂੰ ਸੌਂਪਣਗੇ। ਇਸ ਦੌਰਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ, ਸੰਤ ਸਮਾਜ ਵੱਲੋਂ ਬਾਬਾ ਭੁਪਿੰਦਰ ਸਿੰਘ ਰਾਮਪੁਰ ਖੇੜੇ ਵਾਲੇ, ਵਿਧਾਨ ਸਭਾ ਦੀ ਸਿਲੈਕਟ ਕਮੇਟੀ ਦੇ ਚੇਅਰਮੈਨ ਡਾ. ਇੰਦਰਬੀਰ ਸਿੰਘ ਨਿੱਜਰ, ਚੇਤਨ ਸਿੰਘ ਜੌੜਾਮਾਜਰਾ, ਅਜੀਤਪਾਲ ਸਿੰਘ ਕੋਹਲੀ, ਗੁਰਲਾਲ ● ਬਾਕੀ ਸਫ਼ਾ 2 ’ਤੇ



# ਹਰਮੀਤ ਸਿੰਘ ਕਾਲਕਾ ਦੀ ਮਾਤਾ ਸ੍ਰੀਮਤੀ ਪ੍ਰੀਤ ਮੋਹੀਨੀ ਕੌਰ ਜੀ ਨੂੰ ਅੰਤਿਮ ਵਿਦਾਈ ਦੌਰਾਨ ਸਮਾਜ ਦੇ ਹਰ ਵਰਗ ਵੱਲੋਂ ਨਮਨ ਅੱਖਾਂ ਨਾਲ ਸ਼ਰਧਾਂਜਲੀ

ਜ਼ਿਕਰ ਪੰਜਾਬ
**ਨਵੀਂ ਦਿੱਲੀ/ਬਿਊਰੋ**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਜੀ ਦੀ ਸਤਿਕਾਰਯੋਗ ਮਾਤਾ ਸ੍ਰੀਮਤੀ ਪ੍ਰੀਤ ਮੋਹੀਨੀ ਕੌਰ ਜੀ ਦਾ ਕੱਲ੍ਹ ਸੰਖੇਪ ਬਿਮਾਰੀ ਉਪਰੰਤ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦਾ ਅੱਜ ਲੋਧੀ ਰੋਡ ਸ਼ਮਸ਼ਾਨ ਘਾਟ ਵਿਖੇ ਪੂਰਨ ਸਿੱਖੀ ਰਸਮਾਂ ਅਨੁਸਾਰ ਅੰਤਿਮ ਸੰਸਕਾਰ ਕੀਤਾ ਗਿਆ। ਇਸ ਦੁਖਦਾਈ ਮੌਕੇ 'ਤੇ ਸਮਾਜ ਦੇ ਵੱਖ-ਵੱਖ ਵਰਗਾਂ ਨਾਲ ਸੰਬੰਧਿਤ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰਕੇ ਸ੍ਰੀਮਤੀ ਪ੍ਰੀਤ ਮੋਹੀਨੀ ਕੌਰ ਜੀ ਨੂੰ ਨਮਨ ਅੱਖਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ ਗਈ ਅਤੇ ਸਰਦਾਰ ਹਰਮੀਤ ਸਿੰਘ ਕਾਲਕਾ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ 'ਤੇ ਦਿੱਲੀ ਸਰਕਾਰ ਦੇ ਕੈਬਿਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਅਤੇ ਦਿੱਲੀ ਦੇ ਉਪਰਾਜਪਾਲ ਸ੍ਰੀ ਤਰਨਜੀਤ ਸਿੰਘ ਸੰਧੂ ਸਮੇਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ, ਮੈਂਬਰਾਂ ਅਤੇ ਸਮਾਜ ਦੇ ਪ੍ਰਮੁੱਖ ਪ੍ਰਤੀਨਿਧਾਂ ਮੌਕੇ 'ਤੇ ਪਹੁੰਚ ਕੇ ਦੁਖੀ ਪਰਿਵਾਰ ਨਾਲ ਅਫਸੋਸ ਪ੍ਰਗਟ ਕੀਤੀ ਅਤੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਸ੍ਰੀਮਤੀ ਪ੍ਰੀਤ ਮੋਹੀਨੀ ਕੌਰ ਦੀ ਅੰਗੀਠਾ ਸੰਭਾਲ ਦੀ ਰਸਮ ਕੱਲ੍ਹ ਸਵੇਰੇ 8.00 ਵਜੇ ਲੋਧੀ ਰੋਡ ਸ਼ਮਸ਼ਾਨ ਘਾਟ ਵਿਖੇ ਅਦਾ ਕੀਤੀ ਜਾਵੇਗੀ। ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਿੱਛੇ ਰਹਿੰਦੇ ਪਰਿਵਾਰ ਨੂੰ ਇਹ ਅਪਾਰ ਦੁੱਖ ਸਹਿਣ ਦੀ ਤਾਕਤ ਬਖ਼ਸ਼ਣ।

# ਅੰਮ੍ਰਿਤਸਰ ਦੇ ਛੇਹਰਟਾ 'ਚ ਡਾਕਟਰ ਦੇ ਘਰ ਬਾਹਰ ਹੋਈ ਗੋਲੀਬਾਰੀ

ਜ਼ਿਕਰ ਪੰਜਾਬ
**ਅੰਮ੍ਰਿਤਸਰ/ਬਿਊਰੋ**

ਅੰਮ੍ਰਿਤਸਰ ਦੇ ਛੇਹਰਟਾ ਇਲਾਕੇ ਚ ਉਸ ਵੇਲੇ ਦਹਿਸ਼ਤ ਫੈਲ ਗਈ ਜਦੋਂ ਨਾਮਵਰ ਡਾਕਟਰ ਹਰੀਸ਼ ਦੇ ਘਰ ਬਾਹਰ ਖੜੀ ਗੱਡੀ ਤੇ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀ ਚਲਾਉਣ ਦੀ ਘਟਨਾ ਸਾਹਮਣੇ ਆਈ। ਇਸ ਵਾਰਦਾਤ ਤੋਂ ਬਾਅਦ ਇਲਾਕੇ ਦੇ ਲੋਕਾਂ ਵਿੱਚ ਡਰ ਦਾ ਮਾਹੌਲ ਬਣ ਗਿਆ ਹੈ। ਇਸ ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਦਲਿਤ ਸੁਰੱਖਿਆ ਸੈਨਾ ਦੇ ਫਾਊਂਡਰ ਪ੍ਰੈਜ਼ੀਡੈਂਟ ਸ਼ਬੀਰ ਦਰਾਵੜ ਮੌਕੇ ਤੇ ਪਹੁੰਚੇ। ਉਨ੍ਹਾਂ ਦੱਸਿਆ ਕਿ ਡਾਕਟਰ ਹਰੀਸ਼ ਵੱਲੋਂ ਫ਼ੋਨ ਕਰਕੇ ਉਨ੍ਹਾਂ ਨੂੰ ਇਸ ਹਮਲੇ ਬਾਰੇ ਸੂਚਿਤ ਕੀਤਾ ਗਿਆ ਸੀ। ਉਨ੍ਹਾਂ ਦੇ ਅਨੁਸਾਰ ਡਾਕਟਰ ਹਰੀਸ਼ ਸਮਾਜ ਸੇਵਾ ਨਾਲ ਜੁੜੇ ਹੋਏ ਹਨ ਅਤੇ ਸੰਭਵ ਹੈ ਕਿ ਕਿਸੇ ਪੁਰਾਣੀ ਰੰਜਿਸ਼ ਕਾਰਨ ਇਹ ਹਮਲਾ ਕੀਤਾ ਗਿਆ ਹੋਵੇ। ਇਸੇ ਮਾਮਲੇ ਚ ਕੌਮਾਂਤਰੀ ਮਨੁੱਖੀ ਅਧਿਕਾਰ ਸੰਘਰਸ਼ ਕਮੇਟੀ ਦੇ ਰਾਸ਼ਟਰੀ ਪ੍ਰਧਾਨ ਡਾ. ਹਰੀਸ਼ ਸ਼ਰਮਾ ਨੇ ਵੀ ਦੱਸਿਆ ਕਿ ਬੀਤੀ ਰਾਤ ਕੁਝ ਅਣਪਛਾਤੇ ਲੋਕ ਇੱਕ ਗੱਡੀ ਵਿੱਚ ਉਨ੍ਹਾਂ ਦਾ ਪਿੱਛਾ ਕਰ ਰਹੇ ਸਨ। ਪੁਤਲੀ ਘਰ ਇਲਾਕੇ ਤੋਂ ਸ਼ੁਰੂ ਹੋਇਆ ਇਹ ਪਿੱਛਾ ਯੂਨੀਵਰਸਿਟੀ ਨੇੜੇ ਤੱਕ ਜਾਰੀ ਰਿਹਾ।




# ਸਮਾਣਾ ਵਿੱਚ ਸੈਣੀ ਨੂੰ ਦਿਖਾਏ ਕਾਲੇ ਝੰਡੇ, 'ਆਪ' ਨੇ 'ਗੋ ਬੈਕ' ਦੇ ਨਾਅਰਿਆਂ ਨਾਲ ਕੀਤਾ ਜ਼ੋਰਦਾਰ ਪ੍ਰਦਰਸ਼ਨ

ਜ਼ਿਕਰ ਪੰਜਾਬ
**ਪਟਿਆਲਾ/ਬਿਊਰੋ**

ਆਮ ਆਦਮੀ ਪਾਰਟੀ (ਆਪ) ਦੀ ਜ਼ਿਲ੍ਹਾ ਇਕਾਈ ਪਟਿਆਲਾ ਵੱਲੋਂ ਅੱਜ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਮਾਣਾ ਸਥਿਤ ਕਿਸਾਨ ਭਵਨ ਦੇ ਦੌਰੇ ਦੌਰਾਨ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਨੇ ਇਕੱਠੇ ਹੋ ਕੇ ਕਾਲੇ ਝੰਡੇ ਲਹਿਰਾਏ ਅਤੇ 'ਸੈਣੀ ਗੋ ਬੈਕ', 'ਪੰਜਾਬ ਦਾ ਪੇਂਡੂ ਵਿਕਾਸ ਫੰਡ (ਆਰਡੀਐਫ) ਜਾਰੀ ਕਰੋ' ਅਤੇ 'ਹੜ੍ਹ ਪ੍ਰਭਾਵਿਤ ਖੇਤਰਾਂ ਲਈ 1600 ਕਰੋੜ ਰੁਪਏ ਜਾਰੀ ਕਰੋ' ਵਰਗੇ ਨਾਅਰੇ ਲਗਾ ਕੇ ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਕੀਤੀ ਜਾ ਰਹੀ ਬੇਇਨਸਾਫ਼ੀ ਵਿਰੁੱਧ ਆਪਣੇ ਗੁੱਸੇ ਦਾ ਪ੍ਰਗਟਾਵਾ ਕੀਤਾ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਤੇਜਿੰਦਰ ਮਹਿਤਾ ਅਤੇ ਹਲਕਾ ਇੰਚਾਰਜ ਗੁਲਜ਼ਾਰ ਸਿੰਘ ਵਿਰਕ ਨੇ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ 'ਆਪ' ਆਗੂਆਂ ਨੇ ਭਾਜਪਾ ਸਰਕਾਰ 'ਤੇ ਪੰਜਾਬ ਦਾ ਬਣਦਾ ਹੱਕ ਦੇਣ ਤੋਂ ਲਗਾਤਾਰ ਇਨਕਾਰ ਕਰਨ ਦੇ ਦੋਸ਼ ਲਾਏ। ਉਨ੍ਹਾਂ ਪੰਜਾਬ ਦੇ ਬਕਾਇਆ ਪੇਂਡੂ ਵਿਕਾਸ ਫੰਡ (ਆਰਡੀਐਫ) ਅਤੇ ਹੜ੍ਹ ਪ੍ਰਭਾਵਿਤ ਖੇਤਰਾਂ ਲਈ 1600 ਕਰੋੜ ਰੁਪਏ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਅਤੇ ਕਿਹਾ ਕਿ ਇਸ ਦੇਰੀ ਕਾਰਨ ਸੂਬੇ ਅਤੇ ਇੱਥੋਂ ਦੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪ੍ਰਦਰਸ਼ਨ ਵਿੱਚ ਹਲਕਾ ਇੰਚਾਰਜ ਪ੍ਰਦੀਪ ਜੋਸਨ, ਕੁੰਦਨ ਗੋਗੀਆ, ਸਿੱਖਿਆ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਟਿਵਾਣਾ, ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਧਰਮ ਪਾਲ ਨਾਹਰ ਸਮੇਤ ਸ਼ੰਕਰ ਜਿੰਦਲ, ਗੋਪਾਲ ਕ੍ਰਿਸ਼ਨ ਅਤੇ ਵਪਾਰ ਕਮਿਸ਼ਨ ਸਮਾਣਾ ਦੇ ਚੇਅਰਮੈਨ ਰਾਜੂ ਛਾਬੜਾ ਸਮੇਤ ਕਈ ਹੋਰ ਪਾਰਟੀ ਆਗੂਆਂ ਤੇ ਵਰਕਰਾਂ ਨੇ ਵੀ ਸ਼ਮੂਲੀਅਤ ਕੀਤੀ। ਇਨ੍ਹਾਂ ਦੇ ਨਾਲ ਅਮਰਦੀਪ ਸੰਘੇੜਾ (ਜ਼ਿਲ੍ਹਾ ਪ੍ਰਧਾਨ ਯੂਥ ਵਿੰਗ), ਗੁਰਦੇਵ ਟਿਵਾਣਾ (ਜ਼ਿਲ੍ਹਾ ਪਰਿਸ਼ਦ ਮੈਂਬਰ), ਸੰਦੀਪ ਝਾਂਡੀ (ਯੂਥ ਇੰਚਾਰਜ ਸਮਾਣਾ), ਦੀਪਕ ਬਧਵਾ, ਕੁਲਜੀਤ ਰੰਧਾਵਾ, ਰਵੀ ਰੰਧਾਵਾ, ਰਮਨਦੀਪ ਸ਼ਰਮਾ, ਕਮਲਜੀਤ ਖਾਨਪੁਰ ਗਾਡੀਆ, ਮਨਿੰਦਰ ਡਕਾਲਾ, ਗੋਪਾਲ ਕ੍ਰਿਸ਼ਨ ਬਿੱਟੂ, ਸੁਨੈਨਾ ਮਿੱਤਲ, ਐਮਸੀ ਜੱਸੀ ਖੇੜਾ ਜੱਟਾ ਅਤੇ ਸਮਾਣਾ ਦੇ ਪਿੰਡਾਂ ਦੇ ਕਈ ਸਰਪੰਚ ਵੀ ਹਾਜ਼ਰ ਸਨ।

# ਭੱਠੀ 'ਚ ਡਿੱਗਣ ਕਾਰਨ ਨੌਜਵਾਨ ਕਾਮੇ ਦੀ ਮੌਤ, ਮਾਮਲਾ ਦਰਜ

ਜ਼ਿਕਰ ਪੰਜਾਬ
**ਲੁਧਿਆਣਾ/ਬਿਊਰੋ**

ਉਦਯੋਗਿਕ ਸ਼ਹਿਰ ਦੇ ਜਮਾਲਪੁਰ ਇਲਾਕੇ ਵਿੱਚ ਸਥਿਤ ਇੱਕ ਸਟੀਲ ਫੈਕਟਰੀ ਵਿੱਚ ਵਾਪਰੇ ਭਿਆਨਕ ਹਾਦਸੇ ਨੇ ਸੁਰੱਖਿਆ ਪ੍ਰਬੰਧਾਂ 'ਤੇ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ। ਬੁੱਢੇਵਾਲ ਰੋਡ 'ਤੇ ਸਥਿਤ 'ਵਾਈਟਲ ਸਟੀਲ ਬਾਰਜ਼ ਲਿਮਟਿਡ' ਵਿੱਚ ਰਾਤ ਦੀ ਸ਼ਿਫਟ ਦੌਰਾਨ 26 ਸਾਲਾ ਨੌਜਵਾਨ ਸਚਿਨ ਗੌਤਮ ਲੋਹੇ ਦੀ ਭਖਦੀ ਭੱਠੀ ਵਿੱਚ ਡਿੱਗ ਗਿਆ। ਭੱਠੀ ਦਾ ਤਾਪਮਾਨ ਇੰਨਾ ਜ਼ਿਆਦਾ ਸੀ ਕਿ ਨੌਜਵਾਨ ਦਾ ਸਰੀਰ ਪਲ ਭਰ ਵਿੱਚ ਸੁਆਹ ਹੋ ਗਿਆ। ਪੁਲਿਸ ਨੇ ਇਸ ਮਾਮਲੇ ਵਿੱਚ ਲਾਪਰਵਾਹੀ ਵਰਤਣ ਦੇ ਦੋਸ਼ ਹੇਠ ਫੈਕਟਰੀ ਮਾਲਕ ਅਸੀਮ ਅਗਰਵਾਲ ਵਿਰੁੱਧ ਐਫ.ਆਈ.ਆਰ. ਦਰਜ ਕਰ ਲਈ ਹੈ। ਫੈਕਟਰੀ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਸਾਹਮਣੇ ਆਈ ਹੈ, ਜਿਸ ਵਿੱਚ ਦੇਖਿਆ ਜਾ ਸਕਦਾ ਹੈ ਕਿ ਕੰਮ ਦੌਰਾਨ ਸਚਿਨ ਅਚਾਨਕ ਸੰਤੁਲਨ ਵਿਗੜਨ ਕਾਰਨ ਭੱਠੀ ਦੇ ਅੰਦਰ ਜਾ ਡਿੱਗਿਆ। ਉਸ ਦੇ ਡਿੱਗਦੇ ਹੀ ਭੱਠੀ ਵਿੱਚੋਂ ਅੱਗ ਦੀਆਂ ਉੱਚੀਆਂ ਲਪਟਾਂ ਨਿਕਲੀਆਂ, ਜਿਸ ਨੂੰ ਦੇਖ ਕੇ ਉੱਥੇ ਮੌਜੂਦ ਦੂਜੇ ਮਜ਼ਦੂਰਾਂ ਵਿੱਚ ਭਗਦੜ ਮਚ ਗਈ। ਮ੍ਰਿਤਕ ਦੇ ਪਿਤਾ ਅਤੇ ਭਰਾ ਮਨੂ ਗੌਤਮ ਨੇ ਫੈਕਟਰੀ ਪ੍ਰਬੰਧਕਾਂ 'ਤੇ ਸੁਰੱਖਿਆ ਨਿਯਮਾਂ ਦੀਆਂ ਧੱਜੀਆਂ ਉਡਾਉਣ ਦੇ ਇਲਜ਼ਾਮ ਲਗਾਏ ਹਨ। ਪਰਿਵਾਰ ਦਾ ਕਹਿਣਾ ਹੈ ਕਿ ਭੱਠੀ ਦੇ ਆਲੇ-ਦੁਆਲੇ ਕੋਈ ਸੁਰੱਖਿਆ ਘੇਰਾ ਜਾਂ ਜਾਲ ਨਹੀਂ ਸੀ। ਹੰਝੂਆਂ ਨਾਲ ਭਰੇ ਲਹਿਜ਼ੇ ਵਿੱਚ ਪਰਿਵਾਰ ਨੇ ਦੱਸਿਆ ਕਿ ਹਾਦਸਾ ਇੰਨਾ ਭਿਆਨਕ ਸੀ ਕਿ ਉਨ੍ਹਾਂ ਨੂੰ ਆਪਣੇ ਪੁੱਤ ਦੀਆਂ



ਅਸਥੀਆਂ ਤੱਕ ਨਸੀਬ ਨਹੀਂ ਹੋਈਆਂ, ਜਿਸ ਕਾਰਨ ਉਹ ਉਸ ਦਾ ਅੰਤਿਮ ਸਸਕਾਰ ਵੀ ਰੀਤੀ-ਰਿਵਾਜ਼ਾਂ ਮੁਤਾਬਕ ਨਹੀਂ ਕਰ ਸਕੇ। ਉਨ੍ਹਾਂ ਨੇ ਪੁਲਿਸ ਅਤੇ ਮਾਲਕ ਵਿਚਾਲੇ ਮਿਲੀਭੁਗਤ ਹੋਣ ਦਾ ਵੀ ਸ਼ੱਕ ਜਤਾਇਆ ਹੈ। ਮੂਲ ਰੂਪ ਵਿੱਚ ਉੱਤਰ ਪ੍ਰਦੇਸ਼ ਦੇ ਗੋਰਖਪੁਰ ਨਾਲ ਸਬੰਧਤ ਸਚਿਨ ਪਿਛਲੇ ਕਈ ਸਾਲਾਂ ਤੋਂ ਇਸੇ ਕੰਪਨੀ ਵਿੱਚ ਸੇਵਾਵਾਂ ਨਿਭਾ ਰਿਹਾ ਸੀ। ਉਹ ਆਪਣੇ ਪਰਿਵਾਰ ਦਾ ਮੁੱਖ ਵਿੱਤੀ ਸਹਾਰਾ ਸੀ। ਦੱਸਿਆ ਜਾ ਰਿਹਾ ਹੈ ਕਿ ਘਰ ਵਿੱਚ ਸਚਿਨ ਦੇ ਵਿਆਹ ਲਈ ਰਿਸ਼ਤੇ ਦੀ ਗੱਲ ਚੱਲ ਰਹੀ ਸੀ, ਪਰ ਇਸ ਮੰਦਭਾਗੀ ਘਟਨਾ ਨੇ ਖੁਸ਼ੀਆਂ ਨੂੰ ਸੋਗ ਵਿੱਚ ਬਦਲ ਦਿੱਤਾ। ਪੀੜਤ ਪਰਿਵਾਰ ਦੇ ਸਖ਼ਤ ਰੋਸ ਤੋਂ ਬਾਅਦ ਪੁਲਿਸ ਨੇ ਹਰਕਤ ਵਿੱਚ ਆਉਂਦਿਆਂ ਫੈਕਟਰੀ ਮਾਲਕ ਅਸੀਮ ਅਗਰਵਾਲ ਵਿਰੁੱਧ ਬੀ.ਐਨ.ਐਸ. ਦੀ ਧਾਰਾ 106 ਤਹਿਤ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਫੈਕਟਰੀ ਦੇ ਸੁਰੱਖਿਆ ਮਾਪਦੰਡਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

●----- ਸਫ਼ਾ 1 ਦਾ ਬਾਕੀ -----●

## ਮੋਦੀ ਸਭ ਤੋਂ ਲੰਬੇ ਸਮੇਂ ਤੱਕ ਸਰਕਾਰ ਦੇ ਮੁਖੀ...

'ਗਵਰਨੈਂਸ ਪਾਵਰਹਾਊਸ' ਬਣਾਉਣਾ ਉਨ੍ਹਾਂ ਦਾ ਮੁੱਖ ਟੀਚਾ ਰਿਹਾ ਹੈ। ਉਨ੍ਹਾਂ ਨੇ ਆਪਣੀ ਮਾਂ ਦੀ ਉਸ ਸਿੱਖਿਆ ਨੂੰ ਵੀ ਯਾਦ ਕੀਤਾ ਜਿਸ ਵਿੱਚ ਉਨ੍ਹਾਂ ਨੂੰ ਹਮੇਸ਼ਾ ਗਰੀਬਾਂ ਲਈ ਕੰਮ ਕਰਨ ਅਤੇ ਇਮਾਨਦਾਰੀ ਨਾਲ ਰਹਿਣ ਦੀ ਸਲਾਹ ਦਿੱਤੀ ਗਈ ਸੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ 25 ਕਰੋੜ ਤੋਂ ਵੱਧ ਲੋਕ ਗਰੀਬੀ ਰੇਖਾ ਤੋਂ ਬਾਹਰ ਆਏ ਹਨ ਅਤੇ ਭਾਰਤ ਵਿਸ਼ਵ ਪੱਧਰ 'ਤੇ ਇੱਕ ਮਜ਼ਬੂਤ ਆਰਥਿਕਤਾ ਵਜੋਂ ਉਭਰਿਆ ਹੈ। ਉਨ੍ਹਾਂ ਨੇ ਸੰਵਿਧਾਨਕ ਕਦਰਾਂ-ਕੀਮਤਾਂ ਦੀ ਰਾਖੀ ਕਰਦਿਆਂ 'ਵਿਕਸਿਤ ਭਾਰਤ' ਦੇ ਨਿਰਮਾਣ ਲਈ ਆਪਣੀ ਵਚਨਬੱਧਤਾ ਨੂੰ ਮੁੜ ਦੁਹਰਾਇਆ।

## ਡੀ.ਐਮ. ਰੰਧਾਵਾ ਖ਼ੁਦਕੁਸ਼ੀ ਮਾਮਲਾ: ਚੰਡੀਗੜ੍ਹ...

ਕੇ ਸੈਕਟਰ-3 ਦੇ ਥਾਣੇ ਪਹੁੰਚਾਇਆ। ਇਤਿਹਾਸ ਵਿੱਚ ਇਹ ਪਹਿਲੀ ਵਾਰ ਦੇਖਣ ਨੂੰ ਮਿਲਿਆ ਜਦੋਂ ਪੰਜਾਬ ਦੀਆਂ ਸਾਰੀਆਂ ਮੁੱਖ ਵਿਰੋਧੀ ਧਿਰਾਂ ਇੱਕੋ ਮੰਚ 'ਤੇ ਇਕੱਠੀਆਂ ਹੋਈਆਂ। ਬਿਕਰਮ ਮਜੀਠੀਆ ਅਤੇ ਪ੍ਰਤਾਪ ਬਾਜਵਾ ਨੇ ਸਾਂਝੇ ਤੌਰ 'ਤੇ ਸਰਕਾਰ ਨੂੰ ਘੇਰਦਿਆਂ ਮੰਗ ਕੀਤੀ ਕਿ ਇਸ ਸੰਵੇਦਨਸ਼ੀਲ ਮਾਮਲੇ ਦੀ ਸੀਬੀਆਈ ਜਾਂਚ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਜਦੋਂ ਤੱਕ ਲਾਲਜੀਤ ਭੁੱਲਰ ਸਲਾਖਾਂ ਪਿੱਛੇ ਨਹੀਂ ਜਾਂਦਾ, ਇਹ ਸੰਘਰਸ਼ ਜਾਰੀ ਰਹੇਗਾ। ਪ੍ਰਦਰਸ਼ਨ ਵਿੱਚ ਸ਼ਾਮਿਲ ਮ੍ਰਿਤਕ ਗਗਨਦੀਪ ਸਿੰਘ ਦਾ ਪਰਿਵਾਰ ਅਜੇ ਵੀ ਆਪਣੇ ਫੈਸਲੇ 'ਤੇ ਅਟੱਲ ਹੈ। ਪਰਿਵਾਰਕ ਮੈਂਬਰਾਂ ਨੇ ਸਾਫ਼ ਕਰ ਦਿੱਤਾ ਹੈ ਕਿ ਜਦੋਂ ਤੱਕ ਮੁੱਖ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਹੀਂ ਹੁੰਦੀ, ਉਹ ਦੇਹ ਦਾ ਅੰਤਿਮ ਸਸਕਾਰ ਨਹੀਂ ਕਰਨਗੇ। ਇਸ ਮੌਕੇ ਅਕਾਲੀ ਦਲ ਵੱਲੋਂ ਅਰਸ਼ਦੀਪ ਕਲੇਰ, ਪਰਵਿੰਦਰ ਸੋਹਾਣਾ ਅਤੇ ਭਾਜਪਾ ਵੱਲੋਂ ਅਨਿਲ ਸਰੀਨ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਸਨ। ਵਿਰੋਧੀ ਧਿਰਾਂ ਦੇ ਇਸ ਸਾਂਝੇ ਹਮਲੇ ਨੇ ਪੰਜਾਬ ਸਰਕਾਰ ਨੂੰ ਰੱਖਿਆਤਮਕ ਸਥਿਤੀ ਵਿੱਚ ਲਿਆ ਦਿੱਤਾ ਹੈ। ਆਗੂਆਂ ਨੇ ਚੇਤਾਵਨੀ ਦਿੱਤੀ ਹੈ ਕਿ ਇਹ ਲੜਾਈ ਸਿਰਫ਼ ਇੱਕ ਅਧਿਕਾਰੀ ਦੀ ਮੌਤ ਦੀ ਨਹੀਂ, ਬਲਕਿ ਸੂਬੇ ਵਿੱਚ ਫੈਲੀ ਸਿਆਸੀ ਗੁੰਡਾਗਰਦੀ ਦੇ ਖ਼ਿਲਾਫ਼ ਮਨੁੱਖਤਾ ਦੀ ਲੜਾਈ ਹੈ।

## ਭੁੱਲਰ ਦੇ ਸਮਰਥਕਾਂ ਵੱਲੋਂ ਦ.ਫਤਰ ਅੱਗੇ ਇਕੱਠ

ਸੀਨੀਅਰ ਲੀਡਰਸ਼ਿੱਪ ਪੂਰੀ ਤਰਾਂ ਨਾਲ ਚੁੱਪ ਹੈ, ਉਥੇ ਹੀ ਅੱਜ ਲਾਲਜੀਤ ਸਿੰਘ ਭੁੱਲਰ ਦੇ ਸਮਰਥਕਾਂ ਵੱਲੋਂ ਕੀਤੇ ਇਕੱਠ ਵਿੱਚ ਤਰਨਤਾਰਨ ਜ਼ਿਲ੍ਹੇ ਨਾਲ ਸਬੰਧਤ ਕਿਸੇ ਵਿਧਾਇਕ ਜਾਂ ਕਿਸੇ ਚੈਅਰਮੈਨ ਸਮੇਤ ਸੀਨੀਅਰ ਲੀਡਰਾਂ ਨੇ ਮਕੁੰਮਲ ਤੌਰ ਤੇ ਦੂਰੀ ਬਣਾਈ ਰੱਖੀ।

## ਲਾਲਜੀਤ ਭੁੱਲਰ ਦੀ ਗ੍ਰਿ.ਫਤਾਰੀ ਤੱਕ ਗਗਨਦੀਪ...

ਆਰ ਦਰਜ ਕਰਨ ਵਿੱਚ ਇੰਨੀ ਦੇਰੀ ਨਾ ਹੁੰਦੀ, ਜੋ ਕਿ ਅੱਧੀ ਰਾਤ ਨੂੰ ਦਰਜ ਕੀਤੀ ਗਈ ਹੈ। ਆਪਣੀ ਸੁਰੱਖਿਆ ਦਾ ਖਦਸ਼ਾ ਪ੍ਰਗਟਾਉਂਦਿਆਂ ਉਨ੍ਹਾਂ ਤੁਰੰਤ ਪੁਲੀਸ ਸੁਰੱਖਿਆ ਦੀ ਮੰਗ ਕੀਤੀ ਅਤੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੇ ਪਰਿਵਾਰ ਨੂੰ ਕੁਝ ਵੀ ਹੁੰਦਾ ਹੈ ਤਾਂ ਆਪ ਸਰਕਾਰ ਜ਼ਿੰਮੇਵਾਰ ਹੋਵੇਗੀ। ਇਸ ਮਾਮਲੇ ਨੇ ਪੰਜਾਬ ਵਿੱਚ ਸਿਆਸੀ ਤੂਫ਼ਾਨ ਖੜ੍ਹਾ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਪੰਜਾਬ ਵੇਅਰ ਹਾਊਸਿੰਗ ਕਾਰਪੋਰੇਸ਼ਨ ਅੰਮ੍ਰਿਤਸਰ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਨੇ ਲਾਲਜੀਤ ਸਿੰਘ ਭੁੱਲਰ ਤੇ ਕਈ ਤਰ੍ਹਾਂ ਦੇ ਦੋਸ਼ ਲਗਾਉਂਦਿਆਂ ਖੁਦਕੁਸ਼ੀ ਕਰ ਲਈ ਸੀ। ਇਸ ਮਾਮਲੇ ਦੀ ਜਾਣਕਾਰੀ ਮਿਲਦਿਆਂ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਾਲਜੀਤ ਭੁੱਲਰ ਤੋਂ ਕੈਬਨਿਟ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਲੈ ਲਿਆ ਸੀ ਅਤੇ ਮਾਮਲੇ ਦੀ ਜਾਂਚ ਪੰਜਾਬ ਦੇ ਮੁੱਖ ਸਕੱਤਰ ਨੂੰ ਸੌਂਪ ਦਿੱਤੀ ਸੀ। ਲੰਘੀ ਦੇਰ ਰਾਤ ਲਾਲਜੀਤ ਭੁੱਲਰ ਖ਼?ਲਾਫ਼ ਕੇਸ ਵੀ ਦਰਜ ਕਰ ਲਿਆ ਗਿਆ ਹੈ। ਇਸ ਸਬੰਧ ਵਿੱਚ ਥਾਣਾ ਰਣਜੀਤ ਐਵੀਨਿਊ ਵਿਖੇ ਬੀ ਐੱਨ ਐੱਸ ਦੀ ਧਾਰਾ 108, 351(3) ਅਤੇ 3(5)ਹੇਠ ਕੇਸ ਦਰਜ ਕੀਤਾ ਗਿਆ। ਇਹ ਮਾਮਲਾ ਰਾਤ ਲਗਪਗ 12 ਵਜੇ ਦਰਜ ਕੀਤਾ ਗਿਆ ਹੈ।

## 24.5 ਕਿਲੋ ਹੈਰੋਇਨ, 21 ਲੱਖ ਰੁਪਏ ਦੀ...

ਖੇਪ ਪਹੁੰਚਾਉਣ ਲਈ ਕੀਤੀ ਜਾਂਦੀ ਸੀ ਅਤੇ ਇੱਕ ਐਸ.ਯੂ.ਵੀ. ਮਹਿੰਦਰਾ ਥਾਰ ਸਮੇਤ ਦੋ ਕਾਰਾਂ, ਜੋ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਲਈ ਵਰਤੀਆਂ ਜਾਂਦੀਆਂ ਸਨ, ਵੀ ਜ਼ਬਤ ਕੀਤੀਆਂ ਗਈਆਂ ਹਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਸਿੱਧੇ ਸਬੰਧ ਸਨ। ਉਨ੍ਹਾਂ ਦੱਸਿਆ ਕਿ ਡੂੰਘੀ ਤਕਨੀਕੀ ਜਾਂਚ ਉਪਰੰਤ ਪੁਲਿਸ ਟੀਮਾਂ ਨੇ ਸਰਹੱਦ ਪਾਰੋਂ ਚੱਲ ਰਹੇ ਇਸ ਨੈੱਟਵਰਕ ਨੂੰ ਨਸ਼ਟ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਏ.ਐਨ.ਟੀ.ਐਫ. ਦੇ ਪੁਲਿਸ ਸੁਪਰਡੈਂਟ (ਐਸਪੀ) ਗੁਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਕਾਰਵਾਈ ਦੋ ਪੜਾਵਾਂ ਤਹਿਤ ਅਮਲ ਵਿੱਚ ਲਿਆਂਦੀ ਗਈ ਸੀ। ਪਹਿਲੇ ਪੜਾਅ ਵਿੱਚ ਇੱਕ ਮਲਟੀ-ਕਾਪਟਰ ਡਰੋਨ ਦੇ ਨਾਲ 12.1 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਸੀ। ਫਿਰ ਡਰੋਨ ਦੇ ਤਕਨੀਕੀ ਡੇਟਾ, ਲੈਟੀਟਿਊਡ-ਲੌਂਗੀਟਿਊਡ ਅਤੇ ਟਾਵਰ ਡੰਪਸ ਦੇ ਮੁਕੰਮਲ ਅਧਿਐਨ ਸਮੇਤ ਫੋਰੈਂਸਿਕ ਵਿਸ਼ਲੇਸ਼ਣ ਤੋਂ ਬਾਅਦ ਮਨਪ੍ਰੀਤ ਸਿੰਘ ਦੇ ਘਰੋਂ 12.4 ਕਿਲੋਗ੍ਰਾਮ ਹੈਰੋਇਨ ਦੀ ਹੋਰ ਖੇਪ ਜ਼ਬਤ ਕੀਤੀ ਗਈ, ਜਿਸ ਨਾਲ ਕੁੱਲ ਬਰਾਮਦਗੀ 24.5 ਕਿਲੋਗ੍ਰਾਮ ਹੋ ਗਈ ਹੈ। ਐਸ.ਪੀ. ਨੇ ਕਿਹਾ ਕਿ ਦੋਸ਼ੀ ਜਗਜੀਤ ਰਾਣਾ ਨੇ ਹਾਲ ਹੀ ਵਿੱਚ ਡਰੱਗ ਮਨੀ ਨਾਲ ਮਹਿੰਗੇ ਅਤੇ ਆਲੀਸ਼ਾਨ ਇਲਾਕਿਆਂ ਵਿੱਚ ਜਾਇਦਾਦਾਂ ਖਰੀਦੀਆਂ ਅਤੇ ਉਹ ਕਾਰਾਂ ਦਾ ਵੀ ਸ਼ੌਕੀਨ ਸੀ। ਉਨ੍ਹਾਂ ਕਿਹਾ ਕਿ ਅਗਲੇਰੀ ਜਾਂਚ ਜਾਰੀ ਹੈ ਅਤੇ ਇਸ ਮਾਮਲੇ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਆਸ ਹੈ। ਇਸ ਸਬੰਧ ਵਿੱਚ ਐਫਆਈਆਰ ਨੰਬਰ 43 ਮਿਤੀ 2 ਮਾਰਚ, 2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21(ਸੀ) ਅਤੇ 23 ਅਤੇ ਏਅਰਕ੍ਰਾਫਟ ਐਕਟ ਦੀ ਧਾਰਾ 25, 26 ਅਤੇ 29 ਤਹਿਤ ਥਾਣਾ ਏ.ਐਨ.ਟੀ.ਐਫ. ਐਸਏਐਸ ਨਗਰ ਵਿਖੇ ਕੇਸ ਦਰਜ ਕੀਤਾ ਗਿਆ ਹੈ।

## ਵਿਸ਼ੇਸ਼ ਸੈਸ਼ਨ ਬੁਲਾਉਣ ਦੇ ਨਾਮ 'ਤੇ ਨੌਟੰਕੀ...

ਜਾਰੀ ਨਹੀਂ ਕਰ ਰਹੀ ਹੈ। ਇਸ ਮੌਕੇ 'ਤੇ ਸਿਕੰਦਰ ਸਿੰਘ ਮਲੂਕਾ, ਸ਼ੇਰ ਸਿੰਘ ਮੰਡਵਾਲਾ, ਸਤੀਸ਼ ਗਰੋਵਲ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਸੂਬਾ ਸਿੰਘ ਬਾਦਲ, ਗੁਰਚੇਤ ਸਿੰਘ ਬਰਗਾੜੀ, ਪਰਮਬੰਸ ਰੋਮਾਣਾ ਅਤੇ ਅਨੁਪ੍ਰਤਾਪ ਸਿੰਘ ਬਰਾੜ ਨੇ ਵੀ ਰੈਲੀ ਨੂੰ ਸੰਬੋਧਨ ਕੀਤਾ।

## ਕੈਨੇਡਾ 'ਚ ਬਿਨਾਂ ਵਰਕ ਪਰਮਿਟ ਤੋਂ ਦਾਖਲ...

ਜਾਂ ਸੇਵਾਵਾਂ ਦੀ ਸਿਖਲਾਈ ਦੇ ਮਕਸਦ ਤਹਿਤ ਬਿਜ਼ਨਸ ਵਿਜ਼ਟਰ ਵੀਜ਼ਾ ਹਾਸਲ ਕੀਤਾ ਜਾ ਸਕਦਾ ਹੈ ਜਦਕਿ ਕੈਨੇਡੀਅਨ ਕੰਪਨੀ ਜਾਂ ਵਿਦੇਸ਼ੀ ਕੰਪਨੀ ਦੀ ਕੈਨੇਡੀਅਨ ਇਕਾਈ ਵਿਚ ਸਿਖਲਾਈ ਦੇ ਮਕਸਦ ਤਹਿਤ ਵੀ ਇਹ ਵੀਜ਼ਾ ਜਾਰੀ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਕੈਨੇਡਾ ਵਿਚ ਵਸਤਾਂ ਦੀ ਵਿੱਕਰੀ ਜੋ ਸਿੱਧੇ ਤੌਰ 'ਤੇ ਆਮ ਲੋਕਾਂ ਨੂੰ ਨਾ ਵੇਚੀਆਂ ਜਾਣ, ਦੇ ਮਕਸਦ ਤਹਿਤ ਬਿਜ਼ਨਸ ਵਿਜ਼ਟਰ ਵੀਜ਼ਾ ਹਾਸਲ ਕੀਤਾ ਜਾ ਸਕਦਾ ਹੈ। ਦੂਜੇ ਪਾਸੇ ਸੁਪਰ ਵੀਜ਼ਾ ਮਾਮਲੇ ਵਿਚ 31 ਮਾਰਚ ਤੋਂ ਨਵੇਂ ਨਿਯਮ ਲਾਗੂ ਹੋ ਰਹੇ ਹਨ ਜਿਸ ਵਿੱਚ ਪਰਿਵਾਰਕ ਮੈਂਬਰਾਂ ਦੇ ਮੇਲ ਨੂੰ ਸੁਖਾਲਾ ਬਣਾਉਣ ਦਾ ਦਾਅਵਾ ਕੀਤਾ ਗਿਆ ਹੈ। ਸੁਪਰ ਵੀਜ਼ਾ ਇੱਕ ਮਲਟੀਪਲ ਐਂਟਰੀ ਵਿਜ਼ਟਰ ਵੀਜ਼ਾ ਹੈ ਜੋ ਕੈਨੇਡੀਅਨ ਨਾਗਰਿਕਾਂ ਅਤੇ ਸਥਾਈ ਵਸਨੀਕਾਂ ਦੇ ਮਾਪਿਆਂ ਅਤੇ ਦਾਦਾ-ਦਾਦੀ ਨੂੰ ਲੰਬੇ ਸਮੇਂ ਲਈ ਕੈਨੇਡਾ ਵਿੱਚ ਆਪਣੇ ਪਰਿਵਾਰ ਨੂੰ ਮਿਲਣ ਦੀ ਆਗਿਆ ਦਿੰਦਾ ਹੈ। ਇਮੀਗ੍ਰੇਸ਼ਨ ਵਿਭਾਗ ਵੱਲੋਂ ਕੈਨੇਡੀਅਨ ਸਿਟੀਜ਼ਨ ਜਾਂ ਪਰਮਾਨੈਂਟ ਰੈਜ਼ੀਡੈਂਟ ਦੇ ਮਾਪਿਆਂ ਦੀ ਕਮਾਈ ਨੂੰ ਵੀ ਆਮਦਨ ਸ਼ਰਤ ਵਿਚ ਜੋੜਨ ਦੀ ਸਹੂਲਤ ਦਿੱਤੀ ਜਾ ਰਹੀ ਹੈ ਜਿਸ ਨਾਲ ਸਪਾਂਸਰ 'ਤੇ ਜ਼ਿਆਦਾ ਬੋਝ ਨਹੀਂ ਪਵੇਗਾ। 31 ਮਾਰਚ ਤੋਂ ਬਾਅਦ ਸਾਰੀਆਂ ਅਰਜ਼ੀਆਂ ਨਵੀਂਆਂ ਆਮਦਨ ਸ਼ਰਤਾਂ ਦੇ ਆਧਾਰ 'ਤੇ ਮੁਲਾਂਕਣ ਕੀਤੀਆਂ ਜਾਣਗੀਆਂ।

## ਮਾਨ ਨੇ 300 ਕਿਲੋਮੀਟਰ ਨਵੀਆਂ ਸੜਕਾਂ...

ਹਨ। ਭਵਿੱਖੀ ਸਰਗਰਮੀਆਂ ਬਾਰੇ ਉਨ੍ਹਾਂ ਕਿਹਾ, "ਇਹ ਸਭ ਇਮਾਨਦਾਰ ਸ਼ਾਸਨ ਦਾ ਨਤੀਜਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਸਾਡਾ ਟੀਚਾ ਪੰਜਾਬ ਭਰ ਵਿੱਚ ਜ਼ਮੀਨਦੋਜ਼ ਬਿਜਲੀ ਲਾਈਨਾਂ ਨੂੰ ਲਾਗੂ ਕਰਨਾ ਹੈ। ਇਸ ਨਾਲ ਖੇਤ ਸਾਫ਼ ਹੋਣਗੇ, ਹਾਦਸਿਆਂ ਨੂੰ ਰੋਕਿਆ ਜਾਵੇਗਾ ਅਤੇ ਬਿਹਤਰ ਸਪਲਾਈ ਯਕੀਨੀ ਬਣਾਈ ਜਾਵੇਗੀ। ਜੇਕਰ ਪਾਇਲਟ ਪ੍ਰੋਜੈਕਟ ਸਫਲ ਹੁੰਦਾ ਹੈ ਤਾਂ ਇਸਦਾ ਵਿਸਥਾਰ ਕੀਤਾ ਜਾਵੇਗਾ। ਆਪਣੀ ਸਰਕਾਰ ਦੀ ਪਹੁੰਚ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕ ਕਹਿੰਦੇ ਸਨ ਕਿ ਕੁਝ ਨਹੀਂ ਬਦਲੇਗਾ, ਨਾ ਨੌਕਰੀਆਂ , ਨਾ ਸੜਕਾਂ , ਨਾ ਵਿਕਾਸ , ਪਰ ਅਸੀਂ ਉਨ੍ਹਾਂ ਨੂੰ ਗਲਤ ਸਾਬਤ ਕਰ ਦਿੱਤਾ ਹੈ। ਇਸ ਮੌਕੇ ਕੈਬਨਿਟ ਮੰਤਰੀ, ਵਿਧਾਇਕ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

## ਸਪੀਕਰ ਸੰਧਵਾਂ ਦੀ ਅਗਵਾਈ ਹੇਠ...

ਘਨੌਰ, ਨਰਿੰਦਰ ਕੌਰ ਭਰਾਜ, ਗੁਰਦੇਵ ਸਿੰਘ ਦੇਵ ਮਾਨ ਅਤੇ ਕੁਲਵੰਤ ਸਿੰਘ ਬਾਜ਼ੀਗਰ ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਮੋਰਚੇ ਦੇ ਆਗੂਆਂ ਨਾਲ ਕੀਤੀ ਗਈ ਬੈਠਕ ਵਿੱਚ ਸਮਾਣਾ ਮੋਰਚੇ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ, ਅਮਿਤੋਜ ਸਿੰਘ ਮਾਨ, ਪੁਸ਼ਪਿੰਦਰ ਸਿੰਘ ਕਾਕਾ, ਤਲਵਿੰਦਰ ਸਿੰਘ ਔਲਖ, ਅਮਰਜੀਤ ਸਿੰਘ ਮਰਿਆਦਾ ਅਤੇ ਕਾਕਾ ਸਿੰਘ ਕੋਟੜਾ ਸ਼ਾਮਲ ਸਨ। ਇਸ ਦੌਰਾਨ ਟਾਵਰ ਉਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੇ ਮੋਬਾਇਲ 'ਤੇ ਸਪੀਕਰ ਸੰਧਵਾਂ ਨਾਲ ਗੱਲਬਾਤ ਕਰਦਿਆਂ ਜਿੱਥੇ ਪੰਜਾਬ ਸਰਕਾਰ ਵੱਲੋਂ ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਬਣਾਉਣ ਲਈ ਇਹ ਵਿਸ਼ੇਸ਼ ਸੈਸ਼ਨ ਸੱਦਣ 'ਤੇ ਧੰਨਵਾਦ ਕੀਤਾ ਉੱਥੇ ਹੀ ਕਿਹਾ ਕਿ ਉਹ ਇਸ ਕਾਨੂੰਨ ਦੇ ਪਾਸ ਹੋਣ ਤੋਂ ਬਾਅਦ ਟਾਵਰ ਤੋਂ ਹੇਠਾਂ ਉਤਰ ਆਉਣਗੇ। ਸੰਗਤ ਨੂੰ ਸੰਬੋਧਨ ਕਰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਗੱਲੋਂ ਪੂਰੀ ਤਰ੍ਹਾਂ ਸੰਜੀਦਾ ਤੇ ਵਚਨਬੱਧ ਹੈ ਕਿ ਪ੍ਰਸਤਾਵਿਤ ਕਾਨੂੰਨ ਵਿੱਚ ਸਖ਼ਤ ਸਜ਼ਾ, ਭਾਰੀ ਜੁਰਮਾਨੇ, ਜਾਇਦਾਦ ਜ਼ਬਤ ਕਰਨ ਅਤੇ ਡਿਜੀਟਲ ਸਮੱਗਰੀ ਰਾਹੀਂ ਕੀਤੇ ਗਏ ਅਪਰਾਧਾਂ ਨੂੰ ਇਸ ਦੇ ਦਾਇਰੇ ਹੇਠ ਲਿਆਉਣ ਦੀ ਵਿਵਸਥਾ ਹੋਵੇਗੀ, ਜਿਸ ਦਾ ਖਰੜਾ ਸੰਤ ਸਮਾਜ ਅਤੇ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਤਿਆਰ ਕੀਤਾ ਜਾ ਰਿਹਾ ਹੈ। ਇਸ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨ ਹੀ ਸੰਤ ਸਮਾਜ ਨਾਲ ਬੈਠਕ ਕਰਕੇ ਸਰਕਾਰ ਦੀ ਮਨਸ਼ਾ ਤੋਂ ਪੂਰੀ ਸੰਗਤ ਨੂੰ ਜਾਣੂ ਕਰਵਾਇਆ ਹੈ। ਉਨ੍ਹਾਂ ਨੇ 'ਬੇਅਦਬੀ' ਵਿਰੋਧੀ ਇਤਿਹਾਸਕ ਕਾਨੂੰਨ ਲਿਆਉਣ ਲਈ ਸੰਤ ਸਮਾਜ ਦੇ ਸਹਿਯੋਗ ਵਾਸਤੇ ਸੰਤ ਸੇਵਾ ਸਿੰਘ ਰਾਮਪੁਰ ਖੇੜੇ ਵਾਲਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਵੀ ਸੰਤ ਭੁਪਿੰਦਰ ਸਿੰਘ ਰਾਮ ਖੇੜਾ ਵਾਲੇ ਸੰਗਤ ਵਿੱਚ ਸ਼ਾਮਲ ਹੋਣ ਲਈ ਆਏ ਹਨ। ਸਪੀਕਰ ਸੰਧਵਾਂ ਨੇ ਦੁਹਰਾਇਆ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਕੋਈ ਝੂਠਾ ਵਾਅਦਾ ਨਹੀਂ ਕਰਦੀ ਸਗੋਂ ਕੰਮ ਕਰਨ ਵਿੱਚ ਯਕੀਨ ਰੱਖਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੇਅਦਬੀ ਦੇ ਦੋਸ਼ੀਆਂ ਵਿਰੁੱਧ ਕੋਈ ਲਿਹਾਜ਼ ਨਾ ਵਰਤਣ ਦੇ ਸਟੈਂਡ 'ਤੇ ਜ਼ੋਰ ਦੇ ਰਹੀ ਹੈ। ਸਪੀਕਰ ਵੱਲੋਂ ਕੀਤੇ ਐਲਾਨ ਦਾ ਸੰਗਤ ਵੱਲੋਂ ਜੈਕਾਰਿਆਂ ਨਾਲ ਸਵਾਗਤ ਕੀਤਾ ਗਿਆ, ਜਦੋਂ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਇਸ ਕਨੂੰਨ ਨੂੰ ਵਿਧਾਨ ਸਭਾ ਦੇ ਹੋਰ ਕਾਰਜਾਂ ਨਾਲ ਰੱਲਗੱਡ ਨਹੀਂ ਸੀ ਕਰਨਾ ਚਾਹੁੰਦੀ ਸਗੋਂ "ਖਾਲਸੇ ਦੇ ਸਾਜਨਾ ਦਿਵਸ ਦੇ ਪਵਿੱਤਰ ਮੌਕੇ 'ਤੇ ਇੱਕ ਵਿਸ਼ੇਸ਼ ਸੈਸ਼ਨ ਬੁਲਾਕੇ ਅਤੇ ਸੰਤ ਸਮਾਜ ਅਤੇ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਐਕਟ ਬਣਾ ਰਹੀ ਹੈ। ਇਸ ਦੌਰਾਨ ਆਪ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਅਤੇ ਸਿਲੈਕਟ ਕਮੇਟੀ ਦੇ ਚੇਅਰਮੈਨ ਡਾ ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ 'ਬੇਅਦਬੀ' ਦੇ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਲਈ ਮਿਸਾਲੀ ਸਜ਼ਾ ਯਕੀਨੀ ਬਣਾਉਣ ਲਈ ਇਸ ਕਾਨੂੰਨ ਦਾ ਖਰੜਾ ਤਿਆਰ ਕਰਦੇ ਸਮੇਂ ਦੇਸ਼ ਭਰ ਦੇ ਉੱਘੇ ਵਕੀਲਾਂ ਤੋਂ ਵੀ ਰਾਏ ਲਈ ਜਾਵੇਗੀ। ਬਲਤੇਜ ਪੰਨੂ ਨੇ ਕਿਹਾ ਕਿ ਸੈਸ਼ਨ ਦੌਰਾਨ ਪੰਜਾਬ ਸਰਕਾਰ ਦੁਆਰਾ ਲਾਗੂ ਕੀਤੇ ਗਏ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008 ਵਿੱਚ ਜ਼ਰੂਰੀ ਸੋਧਾਂ ਕੀਤੀਆਂ ਜਾਣਗੀਆਂ ਤਾਂ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਹੋਰ ਧਾਰਮਿਕ ਗ੍ਰੰਥਾਂ ਦੀ 'ਬੇਅਦਬੀ' ਨੂੰ ਰੋਕਣ ਲਈ ਮਜ਼ਬੂਤ ਅਤੇ ਵਿਆਪਕ ਕਾਨੂੰਨ ਲਿਆਂਦਾ ਜਾ ਸਕੇ। ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਐਲਾਨ ਅਨੁਸਾਰ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਅੱਜ ਸਮਾਣਾ ਦਾ ਦੌਰਾ ਕਰਕੇ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਆਪਣਾ ਵਿਰੋਧ ਪ੍ਰਦਰਸ਼ਨ ਖਤਮ ਕਰਨ ਲਈ ਮਨਾਉਣ ਅਤੇ ਉਨ੍ਹਾਂ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਸ਼ਾਮਲ ਹੋਣ ਲਈ ਵੀ ਸੱਦਾ ਦਿੱਤਾ ਹੈ। ਇਸ ਮੌਕੇ ਏਡੀਸੀ ਦਮਨਜੀਤ ਸਿੰਘ ਮਾਨ, ਐਸ ਪੀ ਵੈਭਵ ਚੌਧਰੀ, ਐਸ ਡੀ ਐਮ ਰਿਚਾ ਗੋਇਲ, ਡੀਐਸਪੀ ਫ਼ਤਿਹ ਸਿੰਘ ਬਰਾੜ ਵੀ ਹਾਜ਼ਰ ਸਨ।

# ਭਗਵੰਤ ਮਾਨ ਸਰਕਾਰ ਦਾ ਯੂਨੀਵਰਸਲ ਹੈਲਥਕੇਅਰ ਮਾਡਲ ਆਯੁਸ਼ਮਾਨ ਭਾਰਤ ਤੋਂ ਅੱਗੇ ਨਿਕਲਿਆ, ਬਿਨਾਂ ਕਿਸੇ ਸ਼ਰਤ ਹਰ ਪਰਿਵਾਰ ਨੂੰ ਕੀਤਾ ਕਵਰ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**


ਅਜਿਹੇ ਸਮੇਂ ਵਿੱਚ ਜਦੋਂ ਇਲਾਜ ਦੇ ਵਧਦੇ ਖਰਚੇ ਭਾਰਤੀ ਪਰਿਵਾਰਾਂ ਨੂੰ ਵਿੱਤੀ ਸੰਕਟ ਵੱਲ ਧੱਕ ਰਹੇ ਨੇ , ਸਿਹਤ ਸੇਵਾਵਾਂ ਲਈ ਫੰਡ ਦੇਣ ਅਤੇ ਉਹਨਾਂ ਨੂੰ ਮੁਹੱਈਆ ਕਰਵਾਉਣ ਦੇ ਤਰੀਕੇ ਵਿੱਚ ਇੱਕ ਵੱਡਾ ਅੰਤਰ ਉੱਭਰ ਕੇ ਸਾਹਮਣੇ ਆ ਰਿਹਾ ਹੈ। ਜਿੱਥੇ ਕੇਂਦਰ ਦੀ ਆਯੁਸ਼ਮਾਨ ਭਾਰਤ ਯੋਜਨਾ 140 ਕਰੋੜ ਦੀ ਆਬਾਦੀ ਲਈ 9,500 ਕਰੋੜ ਰੁਪਏ ਅਲਾਟ ਕਰਦੀ ਹੈ, ਉੱਥੇ ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਸਿਰਫ 3 ਕਰੋੜ ਨਿਵਾਸੀਆਂ ਲਈ 2,000 ਕਰੋੜ ਰੁਪਏ ਦੀ ਵਚਨਬੱਧਤਾ ਦੁਹਰਾਉਂਦੀ ਹੈ, ਜਿਸਦਾ ਮਤਲਬ ਹੈ ਕਿ ਪ੍ਰਤੀ ਵਿਅਕਤੀ ਲਗਭਗ ਦਸ ਗੁਣਾ ਵੱਧ ਨਿਵੇਸ਼। ਇਹ ਅੰਤਰ ਸਿਰਫ ਵਿੱਤੀ ਨਹੀਂ, ਸਗੋਂ ਢਾਂਚਾਗਤ ਵੀ ਹੈ। ਜਿੱਥੇ ਰਾਸ਼ਟਰੀ ਸਕੀਮ ਯੋਗਤਾ ਅਤੇ ਕਵਰੇਜ ਦੋਵਾਂ ਨੂੰ 5 ਲੱਖ ਰੁਪਏ ਤੱਕ ਸੀਮਤ ਕਰਦੀ ਹੈ, ਉੱਥੇ ਪੰਜਾਬ ਦਾ ਮਾਡਲ ਹਰ ਨਿਵਾਸੀ ਨੂੰ ਬਿਨਾਂ ਕਿਸੇ ਸ਼ਰਤ ਦੇ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਪ੍ਰਦਾਨ ਕਰਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਯੂਨੀਵਰਸਲ ਹੈਲਥਕੇਅਰ (ਸਰਬ ਸਾਂਝੀ ਸਿਹਤ ਸੇਵਾ) ਨੂੰ ਇੱਕ ਸੀਮਤ ਲਾਭ ਵਜੋਂ ਨਹੀਂ, ਸਗੋਂ ਇੱਕ ਗਾਰੰਟੀਸ਼ੁਦਾ ਅਧਿਕਾਰ ਵਜੋਂ ਸਥਾਪਿਤ ਕੀਤਾ ਹੈ, ਜਿਸ ਨਾਲ ਇਹ ਯਕੀਨੀ ਬਣਾਇਆ ਗਿਆ ਹੈ ਕਿ ਇਲਾਜ ਦੀ ਪਹੁੰਚ ਕਿਸੇ ਸਰਕਾਰੀ ਸੂਚੀ ਦੀ ਬਜਾਏ ਮਰੀਜ਼ ਦੀ ਲੋੜ ਅਨੁਸਾਰ ਤੈਅ ਹੋਵੇ। ਜ਼ਿਆਦਾਤਰ ਭਾਰਤੀ ਪਰਿਵਾਰਾਂ ਲਈ, ਮੈਡੀਕਲ ਐਮਰਜੈਂਸੀ ਦੋ ਤਤਕਾਲ ਚਿੰਤਾਵਾਂ ਲੈ ਕੇ ਆਉਂਦੀ ਹੈ: ਇਲਾਜ ਕਿੰਨੀ ਜਲਦੀ ਸ਼ੁਰੂ ਹੋ ਸਕਦਾ ਹੈ, ਅਤੇ ਖਰਚੇ ਦਾ ਪ੍ਰਬੰਧ ਕਿਵੇਂ ਹੋਵੇਗਾ। ਸਰਵਵਿਆਪੀ ਪਹੁੰਚ ਰਾਹੀਂ ਇਨ੍ਹਾਂ ਦੋਵਾਂ ਚਿੰਤਾਵਾਂ ਨੂੰ ਹੱਲ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ 2026-27 ਦੇ ਬਜਟ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਲਈ 2,000 ਕਰੋੜ ਰੁਪਏ ਅਲਾਟ ਕੀਤੇ ਹਨ, ਜਿਸ ਨਾਲ ਤਕਰੀਬਨ 65 ਲੱਖ ਪਰਿਵਾਰਾਂ ਦੇ 3 ਕਰੋੜ ਨਿਵਾਸੀਆਂ ਨੂੰ 10 ਲੱਖ ਰੁਪਏ ਪ੍ਰਤੀ ਪਰਿਵਾਰ ਤੱਕ ਦਾ ਕੈਸ਼ਲੈੱਸ ਬੀਮਾ ਮਿਲੇਗਾ। ਆਯੁਸ਼ਮਾਨ ਭਾਰਤ ਵਰਗੀਆਂ ਨਿਸ਼ਾਨਾ-ਬੱਧ (ਟਾਰਗੇਟਿਡ) ਸਕੀਮਾਂ ਦੇ ਉਲਟ, ਪੰਜਾਬ ਦਾ ਮਾਡਲ ਯੂਨੀਵਰਸਲ ਕਵਰੇਜ 'ਤੇ ਆਧਾਰਿਤ ਹੈ, ਜੋ ਇਹ ਯਕੀਨੀ ਬਣਾਉਂਦਾ ਹੈ ਕਿ ਹਰ ਨਿਵਾਸੀ ਬਿਨਾਂ ਕਿਸੇ ਯੋਗਤਾ ਦੀ ਰੁਕਾਵਟ ਦੇ ਇਸ ਵਿੱਚ ਸ਼ਾਮਲ ਹੋਵੇ। ਦੋਵਾਂ ਪਹੁੰਚਾਂ ਵਿਚਕਾਰ ਬੁਨਿਆਦੀ ਅੰਤਰ ਹੈ। ਮੁੱਖ ਮੰਤਰੀ ਸਿਹਤ ਯੋਜਨਾ ਇਹ ਨਹੀਂ ਪੁੱਛਦੀ ਕਿ ਕੌਣ ਯੋਗ ਹੈ। ਪੰਜਾਬ ਦਾ ਹਰ ਨਿਵਾਸੀ, ਚਾਹੇ ਉਸ ਦੀ ਆਮਦਨ ਕੁਝ ਵੀ ਹੋਵੇ, ਇਸ ਦੇ ਦਾਇਰੇ ਵਿੱਚ ਆਉਂਦਾ ਹੈ। ਆਯੁਸ਼ਮਾਨ ਭਾਰਤ, ਜੋ 2018 ਵਿੱਚ ਸ਼ੁਰੂ ਕੀਤੀ ਗਈ ਸੀ, ਸਿਰਫ ਐੱਸ ਈ ਸੀ ਸੀ ਡੇਟਾਬੇਸ ਰਾਹੀਂ ਆਰਥਿਕ ਤੌਰ 'ਤੇ ਕਮਜ਼ੋਰ ਵਜੋਂ ਪਛਾਣੇ ਗਏ ਪਰਿਵਾਰਾਂ ਤੱਕ ਸੀਮਤ ਹੈ। ਆਬਾਦੀ ਦਾ ਇੱਕ ਵੱਡਾ ਹਿੱਸਾ, ਖਾਸ ਕਰਕੇ ਘੱਟ ਅਤੇ ਦਰਮਿਆਨੀ ਆਮਦਨ ਵਾਲੇ ਸਮੂਹ ਜੋ ਉਸ ਡੇਟਾਬੇਸ ਵਿੱਚ ਦਰਜ ਨਹੀਂ ਹਨ, ਇਸ ਤੋਂ ਬਾਹਰ ਰਹਿ ਰਹੇ ਹਨ। ਕਵਰੇਜ ਦਾ ਦਾਇਰਾ ਇਸ ਪਾੜੇ ਨੂੰ ਹੋਰ ਪ੍ਰਮੁੱਖ ਕਰਦਾ ਹੈ। ਆਯੁਸ਼ਮਾਨ ਭਾਰਤ ਨੇ ਆਪਣੀ ਸ਼ੁਰੂਆਤ ਤੋਂ ਹੀ ਪ੍ਰਤੀ ਪਰਿਵਾਰ ਪ੍ਰਤੀ ਸਾਲ 5 ਲੱਖ ਰੁਪਏ ਦੀ ਪੇਸ਼ਕਸ਼ ਕੀਤੀ ਹੈ, ਜੋ ਕਿ ਇਲਾਜ ਦੇ ਵਧਦੇ ਖਰਚਿਆਂ ਦੇ ਬਾਵਜੂਦ ਬਰਕਰਾਰ ਹੈ। ਪੰਜਾਬ ਦੀ ਸਕੀਮ ਇਸ ਕਵਰੇਜ ਨੂੰ ਦੁੱਗਣਾ ਕਰਕੇ 10 ਲੱਖ ਰੁਪਏ ਕਰਦੀ ਹੈ, ਅਤੇ ਉਹਨਾਂ ਪਰਿਵਾਰਾਂ ਨੂੰ ਵੀ ਸੁਰੱਖਿਆ ਪ੍ਰਦਾਨ ਕਰਦੀ ਹੈ ਜੋ ਪਹਿਲਾਂ ਸਰਕਾਰੀ ਸਿਹਤ ਸੇਵਾਵਾਂ ਤੋਂ ਵਾਂਝੇ ਸਨ। ਵਿੱਤੀ ਵਚਨਬੱਧਤਾ ਵਿੱਚ ਵੀ ਅੰਤਰ ਸਪੱਸ਼ਟ ਦਿਖਾਈ ਦਿੰਦਾ ਹੈ। ਕੇਂਦਰ ਸਰਕਾਰ ਵੱਲੋਂ 140 ਕਰੋੜ ਦੀ ਆਬਾਦੀ ਲਈ 9,500 ਕਰੋੜ ਰੁਪਏ ਦੀ ਅਲਾਟਮੈਂਟ ਦੀ ਤੁਲਨਾ ਪੰਜਾਬ ਦੇ 3 ਕਰੋੜ ਨਿਵਾਸੀਆਂ ਲਈ 2,000 ਕਰੋੜ ਰੁਪਏ ਨਾਲ ਕੀਤੀ ਜਾ ਸਕਦੀ ਹੈ। ਪ੍ਰਤੀ ਵਿਅਕਤੀ ਦੇ ਆਧਾਰ 'ਤੇ ਪੰਜਾਬ ਦਾ ਨਿਵੇਸ਼ ਕਾਫ਼ੀ ਜ਼ਿਆਦਾ ਹੈ, ਜੋ ਕਿ ਸੁਲੱਭ ਅਤੇ ਵਿਆਪਕ ਸਿਹਤ ਸੇਵਾਵਾਂ ਦੀ ਸਪੱਸ਼ਟ ਤਰਜੀਹ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਇਲਾਜ ਦੇ ਦਾਇਰੇ ਨੂੰ ਵੀ ਵਧਾਉਂਦੀ ਹੈ। ਲਾਭਪਾਤਰੀ 2,300 ਇਲਾਜ ਪੈਕੇਜਾਂ ਰਾਹੀਂ ਦਿਲ ਦੀ ਬਿਮਾਰੀ, ਕੈਂਸਰ, ਗੁਰਦੇ ਦੀਆਂ ਬਿਮਾਰੀਆਂ, ਆਰਥੋਪੀਡਿਕ ਪ੍ਰਕਿਰਿਆਵਾਂ ਅਤੇ ਹਾਦਸੇ ਨਾਲ ਸਬੰਧਤ ਸੱਟਾਂ ਸਮੇਤ ਕਈ ਗੰਭੀਰ ਬਿਮਾਰੀਆਂ ਲਈ ਕੈਸ਼ਲੈੱਸ ਇਲਾਜ ਪ੍ਰਾਪਤ ਕਰ ਸਕਦੇ ਹਨ। ਇਸ ਦੇ ਮੁਕਾਬਲੇ ਆਯੁਸ਼ਮਾਨ ਭਾਰਤ ਲਗਭਗ 1,900 ਪੈਕੇਜਾਂ ਨੂੰ ਕਵਰ ਕਰਦਾ ਹੈ।

ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦ.ਫਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly

ਸੰਪਾਦਕੀ

# ਦੁੱਖ ਦੀ ਘੜੀ ਤੇ ਸਿਆਸਤ ਦੀਆਂ ਰੋਟੀਆਂ

ਪੰਜਾਬ ਦੀ ਆਪ ਸਰਕਾਰ ਦੇ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਮਾਮਲਾ ਸੂਬੇ ਦੀ ਸਿਆਸਤ ਵਿਚ ਇਕ ਵੱਡਾ ਮੁੱਦਾ ਬਣ ਗਿਆ ਹੈ। ਇੱਕ ਵੱਡੀ ਦੁਖਦਾਈ ਵਾਰਦਾਤ ਤੋਂ ਬਾਅਦ ਲੱਗੇ ਸੰਗੀਨ ਇਲਜ਼ਾਮਾਂ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਪਣੀ ਵਜਾਰਤ ਦੇ ਇਸ ਮੰਤਰੀ ਤੋਂ ਅਸਤੀਫਾ ਲੈਣਾ ਅਤੇ ਇਹ ਬਿਆਨ ਕਿ ਦੋਸ਼ੀ ਭਾਵੇਂ ਕੋਈ ਵੀ ਹੋਵੇ, ਜਾਂਚ ਤੋਂ ਬਾਅਦ ਦੋਸ਼ ਸਿੱਧ ਹੋਣ ਤੋਂ ਬਾਅਦ ਬਖਸ਼ਿਆ ਨਹੀਂ ਜਾਵੇਗਾ, ਸੂਬੇ ਦੀ ਸਿਆਸਤ ਵਿੱਚ ਉਬਾਲ ਆ ਗਿਆ ਹੈ। ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਐਮ.ਡੀ. ਗਗਨਦੀਪ ਸਿੰਘ ਰੰਧਾਵਾ ਨੇ ਖੁਦਕੁਸ਼ੀ ਕਰ ਲਈ ਅਤੇ ਆਪਣੀ ਮੌਤ ਦੇ ਜ਼ਿੰਮੇਵਾਰ ਮੰਤਰੀ ਭੁੱਲਰ ਨੂੰ ਠਹਿਰਾਉਂਦਿਆਂ ਜੋ ਸੁਸਾਇਡ ਨੋਟ ਲਿਖਿਆ, ਉਸ ਨੇ ਦੱਸਿਆ ਕਿ ਸੱਤਾ ਦੇ ਨਸ਼ੇ ਸਾਹਮਣੇ ਇਮਾਨਦਾਰੀ ਦੇ ਦਮ ਤੋੜਨ ਦੀ ਕਹਾਣੀ ਜਾਂ ਕਹਿ ਲਓ ਮਜਬੂਰੀ ਨੇ ਉਸ ਮਜਬੂਰ ਅਧਿਕਾਰੀ ਨੂੰ ਆਪਣੀ ਜੀਵਨ ਲੀਲਾ ਖਤਮ ਕਰਨ ਲਈ ਮਜਬੂਰ ਕੀਤਾ ਕਿਉਂਕਿ ਉਹ ਆਪਣੇ ਨਾਲ ਹੋਏ ਕਰੂਰ ਵਿਹਾਰ ਅਤੇ ਬੇਇੱਜ਼ਤੀ ਨੂੰ ਸਹਾਰ ਨਹੀਂ ਸਕਿਆ ਅਤੇ ਮੌਤ ਨੂੰ ਗਲੇ ਲਾਉਣ ਲਈ ਵਿਵਸ਼ ਹੋਇਆ। ਸੁਸਾਇਡ ਨੋਟ ਮੁਤਾਬਿਕ ਉਸਦੇ ਦਰਦਨਾਕ ਅੰਤ ਲਈ ਭੁੱਲਰ ਜ਼ਿੰਮੇਵਾਰ ਸੀ। ਸਰਕਾਰ ਨੇ ਮਾਮਲੇ ਦੀ ਜਾਂਚ ਦੇ ਆਦੇਸ਼ ਦਿੱਤੇ ਹਨ। ਇਸ ਜਾਂਚ ਦੇ ਨਤੀਜੇ ਕੀ ਨਿਕਲਦੇ ਹਨ, ਉਹ ਆਉਣ ਵਾਲਾ ਸਮਾਂ ਦੱਸੇਗਾ, ਲੇਕਿਨ ਫਿਲਹਾਲ ਸਾਰੇ ਹਾਲਾਤ ਅਤੇ ਇਸਦੇ ਮੱਦੇਨਜ਼ਰ ਲਾਲਜੀਤ ਸਿੰਘ ਭੁੱਲਰ ਦਾ ਅਸਤੀਫ਼ਾ ਸੂਬੇ ਦੀ ਸਿਆਸਤ ਨੂੰ ਗਰਮਾ ਗਿਆ ਹੈ। ਸੋਸ਼ਲ ਮੀਡੀਆ ਦੇ ਸਾਰੇ ਮੰਚਾਂ ਉਪਰ ਭੁੱਲਰ ਦੇ ਵਿਰੋਧ ਵਿਚ ਆਵਾਜ਼ ਉੱਠ ਰਹੀ ਹੈ। ਨਾਲ ਹੀ ਕੁਝ ਲੋਕ ਇਹ ਸ਼ੰਕਾ ਵੀ ਪ੍ਰਗਟਾਅ ਰਹੇ ਹਨ ਕਿ ਸੱਤਾ ਅਤੇ ਪੈਸੇ ਦੀ ਤਾਕਤ ਮੂਹਰੇ ਸਚਾਈ ਪਰਦਿਆਂ ਹੇਠ ਛੁਪਾ ਦਿੱਤੀ ਜਾਵੇਗੀ। ਪੰਜਾਬ ਦੀਆਂ 2027 ਦੀਆਂ ਚੋਣਾਂ ਨੂੰ ਕੁਝ ਹੀ ਮਹੀਨੇ ਬਚੇ ਹਨ। ਇਸ ਘਟਨਾ ਉਪਰ ਸਿਆਸੀ ਪਾਰਟੀਆਂ ਨੂੰ ਆਪਣੀਆਂ ਰੋਟੀਆਂ ਸੇਕਣ ਦੀ ਬਜਾਏ ਪੀੜਤ ਪਰਿਵਾਰ ਨੂੰ ਇਨਸਾਫ ਲਈ ਇਕਜੁਟਤਾ ਦਿਖਾਉਣੀ ਚਾਹੀਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀ ਸਰਕਾਰ ਦੀ ਨੈਤਿਕਤਾ ਦਾ ਸਬੂਤ ਦਿੰਦਿਆਂ ਤੁਰੰਤ ਮੰਤਰੀ ਨੂੰ ਆਪਣੀ ਵਜਾਰਤ ਤੋਂ ਬਾਹਰ ਦਾ ਰਸਤਾ ਤਾਂ ਦਿਖਾ ਦਿੱਤਾ ਹੈ, ਪਰ ਕੁਝ ਲੋਕਾਂ ਨੂੰ ਇਸ ਘਟਨਾ ਕਾਰਨ ਆਮ ਆਦਮੀ ਪਾਰਟੀ ਨੂੰ ਨਿਸ਼ਾਨੇ ਉਪਰ ਲੈਣ ਦਾ ਮੁੱਦਾ ਮਿਲ ਗਿਆ ਹੈ। ਇਹ ਦੁਖਦਾਈ ਘਟਨਾ ਸਾਨੂੰ ਇਹ ਸਬਕ ਜ਼ਰੂਰ ਦੇਵੇਗੀ ਕਿ ਅਗਾਂਹ ਤੋਂ ਅਸੀਂ ਆਪਣੇ ਬੱਚਿਆਂ ਦੇ ਭਵਿੱਖ ਲਈ ਸੱਤਾ ਦੀ ਦੁਰਵਰਤੋਂ ਨਾ ਕਰਨ ਵਾਲੇ ਆਗੂਆਂ ਨੂੰ ਹੀ ਸੂਬੇ ਦੀ ਵਾਗਡੋਰ ਦੇਈਏ। ਸਾਡਾ ਮਕਸਦ ਮੀਡੀਆ ਟਰਾਇਲ ਕਰਨਾ ਨਹੀਂ। ਨਾ ਹੀ ਅਸੀਂ ਅਜੇ ਇਸ ਗੱਲ ਉਪਰ ਪਹਿਰਾ ਦੇਣਾ ਚਾਹੁੰਦੇ ਹਾਂ ਕਿ ਲਾਲਜੀਤ ਸਿੰਘ ਭੁੱਲਰ ਦੋਸ਼ੀ ਹੈ, ਕਿਉਂਕਿ ਦੋਸ਼ੀ ਕਰਾਰ ਦੇਣਾ ਮੀਡੀਆ ਦਾ ਨਹੀਂ, ਅਦਾਲਤਾਂ ਦਾ ਕੰਮ ਹੈ ਅਤੇ ਨਿਆਂਪਾਲਿਕਾ ਇਨਸਾਫ਼ ਕਰੇਗੀ, ਅਜਿਹਾ ਭਰੋਸਾ ਕੀਤਾ ਹੀ ਜਾਣਾ ਚਾਹੀਦਾ ਹੈ। ਮ੍ਰਿਤਕ ਅਧਿਕਾਰੀ ਗਗਨਦੀਪ ਸਿੰਘ ਦੀ ਮੌਤ ਕਾਰਨ ਪਰਿਵਾਰ ਨੂੰ ਪਏ ਘਾਟੇ ਅਤੇ ਸਦਮੇ ਵਿਚ ਇਨਸਾਨੀਅਤ ਦੇ ਨਾਤੇ ਉਹਨਾਂ ਦਾ ਦੁੱਖ ਮਹਿਸੂਸ ਕਰਦੇ ਹੋਏ ਇਨਸਾਫ਼ ਦੀ ਦੁਆ ਕਰਦੇ ਹੋਏ ਇਹ ਆਸ ਕਰਨੀ ਚਾਹੀਦੀ ਹੈ ਕਿ ਦੋਸ਼ੀ ਭਾਵੇਂ ਕੋਈ ਵੀ ਹੋਵੇ ਉਸਨੂੰ ਸਜ਼ਾ ਜ਼ਰੂਰ ਮਿਲੇ ਅਤੇ ਜਲਦ ਮਿਲੇ।



**- ਅਸ਼ਵਨੀ ਜੇਤਲੀ**

# ਖ਼ੁਦ ਤੇ ਵਿਅੰਗ ਕਰਨ ਵਾਲਾ ਜ਼ਿੰਦਾਦਿਲ ਲੇਖਕ ਸੀ : ਖ਼ੁਸ਼ਵੰਤ ਸਿੰਘ

ਜ਼ਿਕਰ ਪੰਜਾਬ

ਖ਼ੁਸ਼ਵੰਤ ਸਿੰਘ ਇਕੋ ਸਮੇਂ ਗਲਪਕਾਰ, ਪੱਤਰਕਾਰ ਤੇ ਇਤਿਹਾਸਕਾਰ ਸਨ। ਉਨ੍ਹਾਂ ਨੇ ਮੁੱਖ ਤੌਰ 'ਤੇ ਅੰਗਰੇਜ਼ੀ ਵਿਚ ਹੀ ਲਿਖਿਆ, ਪਰ ਉਨ੍ਹਾਂ ਦੀਆਂ ਕਿਤਾਬਾਂ ਦੇ ਪੰਜਾਬੀ ਅਤੇ ਹੋਰਨਾਂ ਭਾਸ਼ਾਵਾਂ ਵਿਚ ਅਨੁਵਾਦ ਵੀ ਮਿਲਦੇ ਹਨ। ਖ਼ੁਸ਼ਵੰਤ ਸਿੰਘ ਦਾ ਮੁੱਢਲਾ ਨਾਂ ਖ਼ੁਸ਼ਹਾਲ ਸਿੰਘ ਸੀ ਤੇ ਉਨ੍ਹਾਂ ਦੀ ਦਾਦੀ ਲਕਸ਼ਮੀ ਬਾਈ ਉਨ੍ਹਾਂ ਨੂੰ 'ਸ਼ਾਲੀ' ਕਹਿ ਕੇ ਬੁਲਾਉਂਦੀ ਸੀ। ਸਕੂਲ ਵਿਚ ਜਮਾਤੀ ਅਕਸਰ ਉਨ੍ਹਾਂ ਨੂੰ ਇਸੇ ਨਾਂ ਨਾਲ ਛੇੜਦੇ- ÷ਸ਼ਾਲੀ ਸ਼ੂਲੀ ਬਾਗ ਦੀ ਮੂਲੀ..."ਪਰ ਫਿਰ ਉਨ੍ਹਾਂ ਨੇ ਆਪਣੇ- ਆਪ ਹੀ ਇਹ ਨਾਂ ਬਦਲ ਲਿਆ ਤੇ ਆਪਣਾ ਨਾਂ ਵੱਡੇ ਭਰਾ ਭਗਵੰਤ ਸਿੰਘ ਨਾਲ ਮਿਲਦਾ-ਜੁਲਦਾ 'ਖ਼ੁਸ਼ਵੰਤ ਸਿੰਘ' ਰੱਖ ਲਿਆ।

ਖ਼ੁਸ਼ਵੰਤ ਸਿੰਘ ਦਾ ਜਨਮ ਪਿਤਾ ਸਰ ਸੋਭਾ ਸਿੰਘ ਦੇ ਘਰ ਮਾਂ ਵੀਰਾਂ ਬਾਈ ਦੀ ਕੁੱਖੋਂ 2 ਫਰਵਰੀ 1915 ਨੂੰ ਹਦਾਲੀ, ਜ਼ਿਲਾ ਖ਼ੁਸ਼ਹਾਲ (ਪਾਕਿਸਤਾਨ) ਵਿਚ ਹੋਇਆ। ਉਨ੍ਹਾਂ ਨੇ ਸਕੂਲ ਦੀ ਪੜ੍ਹਾਈ ਮਾਡਰਨ ਹਾਈ ਸਕੂਲ, ਦਿੱਲੀ ਤੋਂ ਹਾਸਲ ਕੀਤੀ। ਇਥੇ ਹੀ ਉਨ੍ਹਾਂ ਦਾ ਮੇਲ ਕਮਲ ਮਲਿਕ ਨਾਲ ਹੋਇਆ, ਜੋ ਪਿੱਛੋਂ ਉਨ੍ਹਾਂ ਨੂੰ ਕਿੰਗਜ਼ ਕਾਲਜ ਲੰਡਨ ਵਿਚ ਮਿਲੀ ਤੇ ਬਾਅਦ ਵਿਚ ਦੋਹਾਂ ਦੀ ਸ਼ਾਦੀ ਹੋ ਗਈ। ਖ਼ੁਸ਼ਵੰਤ ਨੇ ਆਪਣੀ ਉਚੇਰੀ ਪੜ੍ਹਾਈ ਗੌਰਮਿੰਟ ਕਾਲਜ ਲਾਹੌਰ; ਵਕਾਲਤ ਦੀ ਪੜ੍ਹਾਈ ਕਿੰਗਜ਼ ਕਾਲਜ ਲੰਡਨ ਤੇ ਸੇਂਟ ਸਟੀਫ਼ਨ ਕਾਲਜ ਦਿੱਲੀ ਤੋਂ ਕੀਤੀ।

ਉਨ੍ਹਾਂ ਦਾ ਚਾਚਾ ਉੱਜਲ ਸਿੰਘ ਪੰਜਾਬ ਅਤੇ ਤਾਮਿਲਨਾਡੂ ਦਾ ਗਵਰਨਰ ਰਹਿ ਚੁੱਕਾ ਹੈ। ਉਨ੍ਹਾਂ ਦੇ ਦੋ ਬੱਚੇ ਹਨ- ਬੇਟਾ ਰਾਹੁਲ ਸਿੰਘ ਅਤੇ ਬੇਟੀ ਮਾਲਾ ਸਿੰਘ। ਹਿੰਦੀ ਫਿਲਮ-ਅਭਿਨੇਤਰੀ ਅੰਮ੍ਰਿਤਾ ਸਿੰਘ ਉਨ੍ਹਾਂ ਦੇ ਭਰਾ ਦਲਜੀਤ ਸਿੰਘ ਦੇ ਲੜਕੇ/ਨੂੰਹ ਸ਼ਵਿੰਦਰ ਸਿੰਘ/ਰੁਖ਼ਸਾਨਾ ਸੁਲਤਾਨਾ ਦੀ ਧੀ ਹੈ। ਉਨ੍ਹਾਂ ਦੀ ਪੜ-ਭਤੀਜੀ ਟਿਸਕਾ ਚੋਪੜਾ ਵੀ ਇਕ ਜਾਣੀ-ਪਛਾਣੀ ਟੀ.ਵੀ. ਅਭਿਨੇਤਰੀ ਹੈ।

ਆਪਣੇ ਮੁੱਢਲੇ ਨਾਂ ਮੁਤਾਬਿਕ ਖ਼ੁਸ਼ਵੰਤ ਦਾ ਪਰਿਵਾਰ ਇਕ ਖ਼ੁਸ਼ਹਾਲ ਪਰਿਵਾਰ ਸੀ। ਉਨ੍ਹਾਂ ਦੇ ਪਿਤਾ ਜੀ ਇਕ ਠੇਕੇਦਾਰ ਅਤੇ ਬਿਲਡਰ ਸਨ। 1945 ਵਿਚ ਉਨ੍ਹਾਂ ਦੇ ਪਿਤਾ ਨੇ ਦਾਦੇ ਦੇ ਨਾਂ 'ਤੇ ਦਿੱਲੀ ਵਿਚ 'ਸੁਜਾਨ ਸਿੰਘ ਪਾਰਕ' ਨਾਂ ਦੀ ਕਾਲੋਨੀ ਬਣਾਈ, ਜੋ ਖ਼ਾਨ ਮਾਰਕੀਟ ਦੇ ਨੇੜੇ ਹੈ। ਇਥੇ ਹੀ ਖ਼ੁਸ਼ਵੰਤ ਸਿੰਘ ਨੇ ਆਪਣੀ ਪੂਰੀ ਜ਼ਿੰਦਗੀ ਬਿਤਾਈ।

**ਖ਼ੁਸ਼ਵੰਤ ਸਿੰਘ ਨੇ ਮੁੱਖ ਤੌਰ 'ਤੇ ਹੇਠ ਲਿਖੇ ਕਾਰਜ ਕੀਤੇ :**

* 1939-47 ਦੌਰਾਨ ਉਹ ਹਾਈਕੋਰਟ ਲਾਹੌਰ ਵਿਚ ਵਕੀਲ ਰਹੇ।

* 1947-51 ਦੌਰਾਨ ਉਨ੍ਹਾਂ ਨੇ ਆਜ਼ਾਦ ਭਾਰਤ ਵਿਚ ਇਕ ਅੰਬੈਸਡਰ ਵਜੋਂ ਟੋਰਾਂਟੋ (ਕੈਨੇਡਾ) ਅਤੇ ਓਟਾਵਾ (ਲੰਡਨ) ਵਿਖੇ ਕੰਮ ਕੀਤਾ।

* 1951 ਵਿਚ ਉਨ੍ਹਾਂ ਨੇ ਆਲ ਇੰਡੀਆ ਰੇਡੀਓ ਤੋਂ ਇਕ ਪੱਤਰਕਾਰ ਵਜੋਂ ਕਰੀਅਰ ਸ਼ੁਰੂ ਕੀਤਾ।

* 1951-53 ਦੌਰਾਨ ਉਹ 'ਯੋਜਨਾ' (ਭਾਰਤ ਸਰਕਾਰ) ਪੱਤ੍ਰਿਕਾ ਦੇ ਸੰਸਥਾਪਕ ਤੇ ਸੰਪਾਦਕ ਬਣੇ।

* 1956 ਵਿਚ ਉਨ੍ਹਾਂ ਨੇ ਪੈਰਿਸ ਵਿਖੇ 'ਯੂਨੈਸਕੋ' ਦੇ ਲੋਕ ਸੰਪਰਕ ਵਿਭਾਗ ਵਿਚ ਕੰਮ ਕੀਤਾ।

* 1969-78 ਦੌਰਾਨ ਉਹ ਇਲਸਟ੍ਰੇਟਿਡ ਵੀਕਲੀ ਆਫ ਇੰਡੀਆ, ਬਾਂਬੇ ਦੇ ਸੰਪਾਦਕ ਰਹੇ।

* 1978-79 ਦੌਰਾਨ ਉਨ੍ਹਾਂ ਨੇ ਨੈਸ਼ਨਲ ਹੈਰਾਲਡ, ਨਵੀਂ ਦਿੱਲੀ ਦੇ ਮੁੱਖ ਸੰਪਾਦਕ ਵਜੋਂ ਕੰਮ ਕੀਤਾ। ਉਨ੍ਹਾਂ ਦੇ ਕਾਰਜਕਾਲ ਦੌਰਾਨ ਇਲਸਟ?ਰੇਟਿਡ ਵੀਕਲੀ ਦੀ ਛਪਣ ਗਿਣਤੀ 65,000 ਤੋਂ ਵਧ ਕੇ 40,00,00 ਹੋ ਗਈ।


**ਕਿਤਾਬਾਂ ਦੀ ਰਚਨਾ**

ਖ਼ੁਸ਼ਵੰਤ ਸਿੰਘ ਨੇ ਗਲਪ ਅਤੇ ਇਤਿਹਾਸ ਵਿਚ ਬਹੁਤ ਸਾਰੀਆਂ ਕਿਤਾਬਾਂ ਦੀ ਰਚਨਾ ਕੀਤੀ। ਉਨ੍ਹਾਂ ਦੀਆਂ ਪ੍ਰਤੀਨਿਧ ਕਿਤਾਬਾਂ ਵਿਚ 'ਟ੍ਰੇਨ ਟੂ ਪਾਕਿਸਤਾਨ' (ਨਾਵਲ) ਸ਼ਾਮਲ ਹੈ, ਜਿਸ ਨੂੰ ਅੰਤਰਰਾਸ਼ਟਰੀ ਪ੍ਰਸਿੱਧੀ ਮਿਲੀ ਤੇ 1954 ਵਿਚ 'ਗਰੁਵ ਪ੍ਰੈੱਸ ਅਵਾਰਡ' ਮਿਲਿਆ।

ਇਸ ਨਾਵਲ ਵਿਚ 1947 ਦੀ ਭਾਰਤ-ਪਾਕਿ ਵੰਡ ਦੇ ਦਰਦਨਾਕ ਬਿਆਨ ਨੂੰ ਚਿੱਤਰਿਆ ਗਿਆ ਹੈ। ਇਸ ਨਾਵਲ ਉੱਤੇ 1998 ਵਿਚ ਫਿਲਮ ਵੀ ਬਣ ਚੁੱਕੀ ਹੈ। ਉਨ੍ਹਾਂ ਦੀ ਇਕ ਹੋਰ ਕਿਤਾਬ ਹੈ-'ਵਾਈ ਆਈ ਸਪੋਰਟ ਐਮਰਜੈਂਸੀ', ਜਿਸ ਵਿਚ ਭਾਰਤ ਦੀ ਐਮਰਜੈਂਸੀ ਬਾਰੇ ਲਿਖੇ ਵੱਖ-ਵੱਖਰੇ ਨਿਬੰਧ ਹਨ। ਨਾਵਲ ਵਜੋਂ ਚਰਚਿਤ ਉਨ੍ਹਾਂ ਦੀ ਇਕ ਹੋਰ ਅੰਗਰੇਜ਼ੀ ਦੀ ਕਿਤਾਬ ਹੈ 'ਦੇਹਲੀ'।

ਸਿੱਖ ਰਾਜ ਅਤੇ ਸਿੱਖ/ਭਾਰਤੀ ਇਤਿਹਾਸ ਸਬੰਧੀ ਵੀ ਉਨ੍ਹਾਂ ਦੀ ਪਕੜ ਕਾਫੀ ਮਜ਼ਬੂਤ ਸੀ। ਇਸ ਸਬੰਧੀ ਉਨ੍ਹਾਂ ਦੀਆਂ ਬਹੁਤ ਸਾਰੀਆਂ ਕਿਤਾਬਾਂ ਮਿਲਦੀਆਂ ਹਨ- 'ਰਣਜੀਤ ਸਿੰਘ : ਦ ਮਹਾਰਾਜਾ ਆਫ ਪੰਜਾਬ', 'ਦ ਫਾਲ ਆਫ ਕਿੰਗਡਮ ਆਫ ਦ ਪੰਜਾਬ', 'ਗ਼ਦਰ 1915 : ਇੰਡੀਆ'ਜ਼ ਆਰਮਡ ਰੈਵੋਲੂਸ਼ਨ', 'ਇੰਡੀਆ : ਐਨ ਇੰਟ੍ਰੋਡਕਸ਼ਨ', 'ਦ ਹਿਸਟਰੀ ਆਫ ਦ ਸਿੱਖਜ਼', 'ਦ ਸਿੱਖਜ਼ ਟੂਡੇ', 'ਦ ਇਲਸਟ੍ਰੇਟਿਡ ਹਿਸਟਰੀ ਆਫ ਦ ਸਿੱਖਜ਼' ਆਦਿ।

ਖ਼ੁਸ਼ਵੰਤ ਸਿੰਘ ਵੱਲੋਂ ਲਿਖੀਆਂ ਹੋਰ ਕਿਤਾਬਾਂ ਵਿਚ 'ਆਈ ਸ਼ੈੱਲ ਨਾਟ ਹੀਅਰ ਦ ਨਾਈਟਿੰਗੇਲ', 'ਪੋਰਟਰੇਟ ਆਫ ਏ ਲੇਡੀ', 'ਟਰੁੱਥ, ਲਵ ਐਂਡ ਏ ਲਿਟਲ ਮੈਲਿਸ', 'ਸੈਕਸ, ਸਕਾਚ ਐਂਡ ਸਕਾਲਰਸ਼ਿਪ', 'ਇਨ ਦ ਕੰਪਨੀ ਆਫ ਵਿਮੈੱਨ', 'ਦ ਮਾਰਕ ਆਫ ਵਿਸ਼ਨੂੰ ਐਂਡ ਅਦਰ ਸਟੋਰੀਜ਼', 'ਦ ਵਾਇਸ ਆਫ ਗੌਡ ਐਂਡ ਅਦਰ ਸਟੋਰੀਜ਼, 'ਏ ਬਰਾਈਡ ਫਾਰ ਦ ਸਾਹਿਬ ਐਂਡ ਅਦਰ ਸਟੋਰੀਜ਼', 'ਬਲੈਕ ਜੈਸਮੀਨ', ਨੌਟ ਏ ਨਾਈਸ ਮੈਨ ਟੂ ਨੋਅ : ਦ ਬੈਸਟ ਆਫ ਖ਼ੁਸ਼ਵੰਤ ਸਿਘ', 'ਦ ਇੰਡੀਅਨਜ਼', 'ਵਿਮੈੱਨ ਐਂਡ ਮੈੱਨ ਇਨ ਮਾਈ ਲਾਈਫ', 'ਡਿਕਲੇਅਰਿੰਗ ਲਵ ਇਨ ਫੋਰ ਲੈਂਗੁਏਜਿਜ਼' (ਸ਼ਾਰਦਾ ਕੌਸ਼ਿਕ ਨਾਲ ਮਿਲ ਕੇ), 'ਵਿਦ ਮੈਲਿਸ ਟੁਵਾਰਡਜ਼ ਵਨ ਐਂਡ ਆਲ', 'ਦ ਐਂਡ ਆਫ ਇੰਡੀਆ', 'ਬਰੀਅਲ ਐਟ ਦ ਸੀ', 'ਪੈਰਾਡਾਈਜ਼ ਐਂਡ ਅਦਰ ਸਟੋਰੀਜ਼', 'ਡੈੱਥ ਐਟ ਮਾਈ ਡੋਰਸਟੈੱਪ', 'ਦ ਸਨਸੈੱਟ ਕਲੱਬ', 'ਐਗਨਾਸਟਿਕ ਖ਼ੁਸ਼ਵੰਤ : ਦਿਅਰ ਇਜ਼ ਨੋ ਗੌਡ' ਆਦਿ ਸ਼ਾਮਿਲ ਹਨ। '



98 ਸਾਲ ਦੀ ਉਮਰ (ਅਕਤੂਬਰ 2013) ਵਿਚ ਲਿਖੀ 'ਦ ਗੁੱਡ, ਦ ਬੈਡ ਐਂਡ ਦ ਰਿਡੀਕੁਲਸ' (ਹੁਮਰਾ ਕੁਰੈਸ਼ੀ ਨਾਲ ਮਿਲ ਕੇ) ਉਨ੍ਹਾਂ ਦੀ ਆਖਰੀ ਕਿਤਾਬ ਸੀ, ਜਿਸ ਤੋਂ ਬਾਅਦ ਉਨ੍ਹਾਂ ਨੇ ਲਿਖਣਾ ਬੰਦ ਕਰ ਦਿੱਤਾ ਸੀ।

**ਖ਼ੁਸ਼ਵੰਤ ਸਿੰਘ ਨੂੰ ਮਿਲੇ ਕੁਝ ਇਕ ਪ੍ਰਮੁੱਖ ਸਨਮਾਨ/ਪੁਰਸਕਾਰ ਇਸ ਤਰ੍ਹਾਂ ਹਨ:**

* 1974 ਵਿਚ 'ਪਦਮਸ਼੍ਰੀ', ਜੋ ਉਨ੍ਹਾਂ ਨੇ ਹਰਿਮੰਦਰ ਸਾਹਿਬ 'ਤੇ ਹੋਏ ਭਾਰਤੀ ਫੌਜ ਦੇ ਹਮਲੇ ਦੇ ਰੋਸ ਵਜੋਂ 1984 ਵਿਚ ਵਾਪਸ ਕਰ ਦਿੱਤਾ ਸੀ।

* 1999 ਵਿਚ ਪੰਜਾਬ ਸਰਕਾਰ ਵਲੋਂ ਖਾਲਸਾ ਪੰਥ ਦੀ ਤ੍ਰੈ-ਸ਼ਤਾਬਦੀ ਮੌਕੇ 'ਨਿਸ਼ਾਨੇ-ਖਾਲਸਾ' ਪ੍ਰਦਾਨ ਕੀਤਾ ਗਿਆ।

* 2006 ਵਿਚ ਪੰਜਾਬ ਸਰਕਾਰ ਵੱਲੋਂ 'ਪੰਜਾਬ ਰਤਨ' ਅਵਾਰਡ ਦਿੱਤਾ ਗਿਆ।

* 2007 'ਚ ਭਾਰਤ ਸਰਕਾਰ ਵੱਲੋਂ 'ਪਦਮ ਵਿਭੂਸ਼ਣ' ਪ੍ਰਦਾਨ ਕੀਤਾ ਗਿਆ।

* 2008 ਵਿਚ ਪ੍ਰਤਿਭਾਸ਼ੀਲ ਲੇਖਨ ਲਈ 'ਸੁਲਭ ਇੰਟਰਨੈਸ਼ਨਲ ਸੋਸ਼ਲ ਸਰਵਿਸ' ਵਲੋਂ 'ਆਨੈਸਟ ਮੈਨ ਆਫ ਦ ਯੀਅਰ ਅਵਾਰਡ' ਦਿੱਤਾ ਗਿਆ।

* 2010 ਵਿਚ ਸਾਹਿਤ ਅਕਾਦਮੀ ਫੈਲੋਸ਼ਿਪ ਪ੍ਰਦਾਨ ਕੀਤੀ ਗਈ।

* 2012 ਵਿਚ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਅਖਿਲੇਸ਼ ਯਾਦਵ ਨੇ 'ਅਖਿਲ ਭਾਰਤੀ ਘੱਟਗਿਣਤੀ ਫੋਰਮ ਵਾਰਸ਼ਿਕ ਫੈਲੋਸ਼ਿਪ ਅਵਾਰਡ' ਪ੍ਰਦਾਨ ਕੀਤਾ।

* 2013 ਵਿਚ ਟਾਟਾ ਲਿਟਰੇਚਰ ਲਾਈਫ ਵਲੋਂ 'ਲਾਈਫਟਾਈਮ ਅਚੀਵਮੈਂਟ ਅਵਾਰਡ' ਪ੍ਰਦਾਨ ਕੀਤਾ ਗਿਆ। * 2014 ਵਿਚ ਕਿੰਗਜ਼ ਕਾਲਜ, ਲੰਡਨ ਨੇ ਫੈਲੋ ਵਜੋਂ ਨਾਮਜ਼ਦ ਕੀਤਾ।

* 2016 ਵਿਚ (ਮੌਤ ਪਿੱਛੋਂ) ਉਨ੍ਹਾਂ ਦਾ ਨਾਂ ਲਿਮਕਾ ਬੁੱਕ ਆਫ ਰਿਕਾਰਡਜ਼ ਵਿਚ ਸ਼ਾਮਲ ਕੀਤਾ ਗਿਆ।

20 ਮਾਰਚ 2014 ਨੂੰ ਦਿੱਲੀ ਵਿਖੇ ਆਪਣੇ ਨਿਵਾਸ ਸਥਾਨ 'ਤੇ 99 ਸਾਲ ਦੀ ਉਮਰ ਵਿਚ ਉਨ੍ਹਾਂ ਦਾ ਦਿਹਾਂਤ ਹੋ ਗਿਆ। ਉਨ੍ਹਾਂ ਨੇ 1943 ਵਿਚ ਹੀ ਆਪਣਾ 'ਸ਼ੋਕ ਸੰਦੇਸ਼' ਲਿਖ ਦਿੱਤਾ ਸੀ, ਇਕ ਕਹਾਣੀ ਦੇ ਰੂਪ ਵਿਚ, ਜਿਸ ਦਾ ਸਿਰਲੇਖ ਸੀ : 'ਸਰਦਾਰ ਖ਼ੁਸ਼ਵੰਤ ਸਿੰਘ ਡੈੱਡ' (ਖ਼ੁਸ਼ਵੰਤ ਸਿੰਘ ਦੀ ਮੌਤ), ਜਿਸ ਦਾ ਪੰਜਾਬੀ ਅਨੁਵਾਦ ਇਸ ਤਰ੍ਹਾਂ ਹੈ : 'ਸਾਨੂੰ ਇਹ ਦੱਸਦਿਆਂ ਡੂੰਘਾ ਅਫਸੋਸ ਹੋ ਰਿਹਾ ਹੈ ਕਿ ਸਰਦਾਰ ਖ਼ੁਸ਼ਵੰਤ ਸਿੰਘ ਦਾ ਬੀਤੀ ਸ਼ਾਮ 6 ਵਜੇ ਦਿਹਾਂਤ ਹੋ ਗਿਆ ਹੈ। ਉਹ ਆਪਣੇ ਪਿੱਛੇ ਜਵਾਨ ਵਿਧਵਾ ਅਤੇ ਦੋ ਛੋਟੇ ਬੱਚੇ ਛੱਡ ਗਿਆ ਹੈ। ਉਹਦੇ ਘਰ ਅਫਸੋਸ ਪ੍ਰਗਟ ਕਰਨ ਵਾਲਿਆਂ ਵਿਚ ਚੀਫ ਜਸਟਿਸ ਦਾ ਪੀ. ਏ., ਬਹੁਤ ਸਾਰੇ ਮੰਤਰੀ ਅਤੇ ਹਾਈਕੋਰਟ ਦੇ ਬਹੁਤ ਸਾਰੇ ਵਕੀਲ ਸ਼ਾਮਲ ਸਨ।'

ਉਨ੍ਹਾਂ ਦਾ ਚਰਚਿਤ ਕਾਲਮ 'ਨਾ ਕਾਹੂੰ ਸੇ ਦੋਸਤੀ, ਨਾ ਕਾਹੂੰ ਸੇ ਬੈਰ' ('ਵਿਦ ਮੈਲਿਸ ਟੁਵਾਰਡਜ਼ ਵਨ ਐਂਡ ਆਲ') ਕਈ ਸਾਲਾਂ ਤੱਕ ਭਾਰਤ ਦੀਆਂ ਵੱਖ-ਵੱਖ ਅਖ਼ਬਾਰਾਂ ਵਿਚ ਪ੍ਰਕਾਸ਼ਿਤ ਹੁੰਦਾ ਰਿਹਾ। ਉਨ੍ਹਾਂ ਨੇ ਆਪਣੇ ਵਿਅੰਗ ਲੇਖਨ ਦੇ ਮਾਧਿਅਮ ਰਾਹੀਂ ਪਾਠਕਾਂ ਦਾ ਭਰਪੂਰ ਮਨੋਰੰਜਨ ਕੀਤਾ। ਉਹ ਖ਼ੁਦ 'ਤੇ ਵਿਅੰਗ ਕਰਨ ਵਾਲੇ ਇਕ ਜ਼ਿੰਦਾਦਿਲ ਭਾਰਤੀ ਲੇਖਕ ਸਨ।

ਭਾਰਤੀ ਲੇਖਕਾਂ ਤੇ ਪੱਤਰਕਾਰਾਂ 'ਚੋਂ ਸਭ ਤੋਂ ਮੂਹਰੇ ਰਹਿਣ ਵਾਲੇ ਖ਼ੁਸ਼ਵੰਤ ਸਿੰਘ ਅੰਗਰੇਜ਼ੀ ਭਾਸ਼ਾ ਦੇ ਇਕ ਪ੍ਰਸਿੱਧ ਉੱਤਰ-ਬਸਤੀਵਾਦੀ ਲੇਖਕ ਸਨ, ਜੋ ਇਕ ਧਰਮ-ਨਿਰਪੱਖ ਪਰ ਮਜ਼ਾਕੀਆ ਸਾਹਿਤਕਾਰ ਸਨ।



**ਪ੍ਰੋ. ਨਵ ਸੰਗੀਤ ਸਿੰਘ**
**ਪਟਿਆਲਾ**
**ਸੰਪਰਕ : 94176-92015**

# ਹਾਏ ! ਸਿਲੰਡਰ

ਜ਼ਿਕਰ ਪੰਜਾਬ

ਵਿਸਵੀਕਰਨ ਦੇ ਨਾਲ ਪੂਰਾ ਸੰਸਾਰ ਪਿੰਡ ਦੇ ਵਿੱਚ ਤਬਦੀਲ ਹੋ ਗਿਆ, ਹਰ ਘਟਨਾ ਦਾ ਅਸਰ ਪੂਰੇ ਸੰਸਾਰ ਦੇ ਵਿੱਚ ਪੈਣਾ ਸੁਭਾਵਿਕ ਹੈ, ਫਿਰ ਵੀ ਇਹ ਤਾਂ ਜੰਗ ਹੈ, ਉਹ ਵੀ ਸੰਸਾਰ ਦੀ ਵੱਡੀ ਸ਼ਕਤੀ ਅਮਰੀਕਾ ਅਤੇ ਇਜਰਾਈਲ ਦੀ ਇਰਾਨ ਦੇ ਨਾਲ, ਇਹ ਕਿਵੇਂ ਹੋ ਸਕਦਾ ਕਿ ਜੰਗ ਦਾ ਅਸਰ ਸੰਸਾਰ ਦੇ ਕੋਨੇ-ਕੋਨੇ ਵਿੱਚ ਕਿਵੇਂ ਨਾ ਦਿਖੇ, ਪਰ ਜੋ ਹਾਲਾਤ ਅੱਜ ਭਾਰਤ ਦੇ ਵਿੱਚ ਗੈਸ ਦੀ ਕਿੱਲਤ ਕਾਰਨ ਪੈਦਾ ਹੋਏ ਹਨ, ਇਹਨਾਂ ਹਾਲਾਤਾਂ ਨੇ ਵੱਡੇ ਤੋਂ ਲੈ ਕੇ ਛੋਟੇ ਕਿਸਾਨ-ਮਜ਼ਦੂਰ ਤੱਕ ਬਹੁਤ ਵੱਡਾ ਅਸਰ ਪਾਇਆ ਹੈ, ਅਮੀਰ ਲੋਕਾ ਕੋਲ ਹੋਰ ਬਹੁਤ ਸਾਧਨ ਹਨ, ਪੈਸਾ ਹੈ, ਪੈਸੇ ਦੇ ਜ਼ੋਰ ਨਾਲ ਹਰ ਚੀਜ਼ ਖਰੀਦੀ ਜਾ ਸਕਦੀ ਹੈ, ਪਰ ਜੋ ਹਾਲਤ ਅੱਜ ਗਰੀਬ ਕਿਸਾਨ - ਮਜ਼ਦੂਰ ਦੀ ਹੈ, ਚੁੱਲੇ ਠੰਡੇ ਹਨ, ਸਬਜ਼ੀ ਦਾ ਬਦਲ ਪਿਆਜ ਦੀ ਚਟਨੀ ਹੋ ਸਕਦੀ ਹੈ, ਰੋਟੀ ਦਾ ਬਦਲ ਚਾਵਲ ਹੋ ਸਕਦੇ ਹਨ, ਪਰ ਚਾਵਲਾਂ ਦੇ ਲਈ ਵੀ ਅੱਗ ਦੀ ਜਰੂਰਤ ਹੈ, ਅੱਗ ਬਾਲਣ ਦੇ ਲਈ ਸਮੁੱਚਾ ਕਿਸਾਨ - ਮਜ਼ਦੂਰ ਵਰਗ ਗੈਸ ਸਿਲੰਡਰਾਂ ਤੇ ਨਿਰਭਰ ਹੈ।ਪਰ ਸਿਲੰਡਰ ਪ੍ਰਾਪਤ ਕਰਨਾ ਖਾਲਾ ਜੀ ਦਾ ਵਾੜਾ ਨਹੀਂ, ਇਥੋਂ ਤੱਕ ਕਿ ਗੈਸ ਸਿਲੰਡਰ ਕਿਸੇ ਵੀ ਹਾਲਤ ਬਲੈਕ ਦੇ ਵਿੱਚ ਵੀ ਨਹੀਂ ਮਿਲ ਰਹੇ। ਸਿਲੰਡਰਾਂ ਦਾ ਮੁੱਲ ਕਰੋਨਾ ਕਾਲ ਸਮੇਂ ਤੋਂ ਪੈਣਾਂ ਸ਼ੁਰੂ ਹੋਇਆ, ਉਸ ਸਮੇਂ ਮਰੀਜ਼ਾਂ ਨੂੰ ਆਕਸੀਜਨ ਦੇ ਸਿਲੰਡਰ ਲੱਭਿਆ ਨਹੀਂ ਮਿਲ ਰਹੇ ਸਨ, ਆਕਸੀਜਨ ਦੀ ਘਾਟ ਕਾਰਨ ਬਹੁਤ ਸਾਰੇ ਲੋਕਾਂ ਨੂੰ ਮੌਤ ਦੇ ਮੂੰਹ ਦੇ ਵਿੱਚ ਜਾਣਾ ਪਿਆ, ਉਸ ਸਮੇਂ ਵੀ ਸਿਲੰਡਰ ਅਮੀਰ ਲੋਕਾਂ ਦੀ ਪਹੁੰਚ ਵਿੱਚ ਸਨ, ਕਿਉਂਕਿ ਕਾਲਾ ਬਜਾਰੀ ਕਾਰਨ, ਅਮੀਰ ਲੋਕ ਆਪਣੇ ਮਰੀਜਾਂ ਦੇ ਲਈ ਡਾਕਟਰਾਂ ਨਾਲ ਗੰਢ ਤੁੱਪ ਕਰਕੇ ਆਕਸੀਜਨ ਦੇ ਸਿਲੰਡਰਾਂ ਦਾ ਪ੍ਰਬੰਧ ਕਰ ਲੈਂਦੇ ਸਨ। ਪ੍ਰੰਤੂ ਕਿਸਾਨ - ਮਜ਼ਦੂਰ ਵਰਗ ਨੇ ਆਕਸੀਜਨ ਦੀ ਘਾਟ ਦੀ ਬਹੁਤ ਮਾਰ ਝੱਲੀ, ਜਿਵੇਂ ਕਹਿੰਦੇ ਹਨ ਕਿ ਗਰੀਬਾਂ ਦੀ ਤਾਂ ਕੁਦਰਤ ਹੈ, ਉਸ ਸਮੇਂ ਸਾਡੇ ਰੁੱਖਾਂ ਨੇ ਆਕਸੀਜਨ ਦੇਣ ਦਾ ਸਾਥ ਨਿਭਾਇਆ ਅਤੇ ਹੁਣ ਰੁੱਖਾਂ ਦੇ ਸੁੱਕੇ ਡੱਕੇ ਮਜ਼ਦੂਰਾਂ ਦੇ ਚੁੱਲਿਆਂ ਦੇ ਵਿੱਚ ਅੱਗ ਬਾਲਣ ਦਾ ਜਰੀਆ ਬਣ ਰਹੇ ਹਨ। ਕੁਦਰਤ ਬਹੁਤ ਵੱਡੀ ਚੀਜ਼ ਹੈ, ਜੇਕਰ ਅਸੀਂ ਬਦਾਮ ਨਹੀਂ ਖਾ ਸਕਦੇ, ਤਾਂ ਕੁਦਰਤ ਨੇ ਬਦਾਮ ਦੇ ਗੁਣ ਮੂੰਗਫਲੀ ਦੇ ਵਿੱਚ ਪੈਦਾ ਕੀਤੇ ਹਨ, ਮੂੰਗਫਲੀ ਹਰ ਇੱਕ ਇਨਸਾਨ ਦੀ ਪਹੁੰਚ ਵਿੱਚ ਹੈ। ਕਦੇ ਲੇਖ ਪੜਦੇ ਸੀ, ਹਾਏ ਨੌਕਰੀ, ਸਹੀ ਗੱਲ ਹੈ ਕਿ ਨੌਕਰੀਆਂ, ਅੱਜ ਬੇਰੁਜ਼ਗਾਰੀ ਦੇ ਯੁੱਗ ਦੇ ਵਿੱਚ ਪ੍ਰਾਪਤ ਕਰਨੀਆਂ ਬਹੁਤ ਔਖੀਆਂ ਹਨ, ਕਿਉਂਕਿ ਦੁਨੀਆ ਪੜ੍ਹ ਲਿਖ ਗਈ, ਪਰ ਸਰਕਾਰਾਂ ਕੋਲ ਨੌਕਰੀਆਂ ਦੇ ਸਰੋਤ ਬਹੁਤ ਘੱਟ ਹਨ, ਵੱਡੀਆਂ ਵੱਡੀਆਂ ਡਿਗਰੀਆਂ ਵਾਲੇ ਲੋਕ ਚੌਥਾ ਦਰਜਾ ਨੌਕਰੀ ਲਈ ਆਪਣੇ ਫਾਰਮ ਅਪਲਾਈ ਕਰਦੇ ਹਨ, ਪਰ ਅੱਜ ਗੈਸ ਸਿਲੰਡਰ ਪ੍ਰਾਪਤ ਕਰਨਾ, ਨੌਕਰੀ ਤੋਂ ਵੱਡਾ ਮਸਲਾ ਬਣ ਗਿਆ, ਵੱਡੀਆਂ ਵੱਡੀਆਂ ਲਾਈਨਾਂ, ਰਾਤਾਂ ਦੇ ਖੜੇ ਲੋਕ, ਉਡੀਕਦਿਆਂ ਥੱਕ ਜਾਂਦੇ ਹਨ, ਚੁੱਲੇ ਠੰਡੇ ਪਏ ਹਨ, ਜਦੋਂ ਸ਼ਾਮ ਨੂੰ ਘਰ ਆ ਕੇ ਘਰ ਦਾ ਮੁਖੀ ਨਿਰਾਸਾ ਭਰਿਆ ਸੁਨੇਹਾ ਦਿੰਦੇ ਹਨ ਕਿ ਸਿਲੰਡਰ ਨਹੀਂ ਮਿਲਿਆ, ਤਾਂ ਇੰਝ ਲੱਗਦਾ ਕਿ ਸਾਡੇ ਨਾਲੋਂ ਤਾਂ ਪਾਕਿਸਤਾਨ ਦਾ ਸਿਸਟਮ ਵਧੀਆ ਹੈ, ਕਹਿੰਦੇ ਹਨ ਕਿ ਉੱਥੇ ਘਰ ਘਰ ਗੈਸ ਦੀ ਪਾਇਪ ਜਾਂਦੀ ਹੈ, ਸਿਲੰਡਰਾਂ ਦਾ ਜੱਬ ਹੀ ਨਹੀਂ, ਖਰਾਬ ਮੌਸਮ ਦੇ ਵਿੱਚ, ਬਾਲਣ ਵੀ ਗਿੱਲਾ ਹੋ ਗਿਆ, ਪਾਥੀਆਂ ਗਿੱਲੀਆਂ, ਦੱਸੋ ਸੁਆਣੀਆਂ ਕਿਵੇਂ ਖਾਣਾ ਤਿਆਰ ਕਰਨਗੀਆਂ, ਛੋਟੇ ਛੋਟੇ ਬੱਚੇ ਰੋਟੀ ਦੀ ਬੁਰਕੀ ਨੂੰ ਤਰਸਦੇ, ਉਡੀਕ ਦੇ,ਭੁੱਖੇ ਸੌ ਜਾਂਦੇ ਹਨ, ਸਵੇਰ ਨੂੰ ਉਹੀ ਹਾਲਾਤ, ਬੱਚੇ ਕਹਿੰਦੇ, ਪਰਮਾਤਮਾ ਇਹ ਜੰਗ ਲਾਉਣ ਵਾਲੇ ਪਾਪੀਆਂ ਨੂੰ, ਤੂੰ ਖਤਮ ਕਿਉਂ ਨਹੀਂ ਕਰਦਾ, ਇਹਨਾਂ ਨੂੰ ਸਾਡੇ ਵਰਗੇ ਮਿੱਤਰਤਾ ਵਾਲੇ ਸਾਫ ਦਿਲ ਦੇਦੇ, ਲੜਨ ਦੇ ਨਾਲੋਂ, ਖੇਡਣ ਅਤੇ ਪਿਆਰ ਕਰਨ ਨੂੰ ਤਰਜੀਹ ਦੇਣ, ਹਉਮੈ ਅਤੇ ਹੰਕਾਰ ਦੀਆਂ ਕੰਧਾਂ ਟੁੱਟ ਕੇ, ਪਿਆਰ ਦੇ ਰਿਸ਼ਤੇ ਬਣਨ, ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੇ ਕਥਨ ਅਨੁਸਾਰ, ਕਿਰਤ ਕਰੋ, ਨਾਮ ਜਪੋ, ਵੰਡ ਛਕੋ, ਅਨੁਸਾਰ ਜੀਵਨ ਬਸਰ ਕਰਨ ਵਾਲਾ, ਸੰਸਾਰ ਬਣੇ, ਨਾਨਕ ਨਾਮ ਚੜਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ ਹੋਵੇ, ਆਸ ਹੈ ਕਿ ਜਲਦੀ ਇਹ ਗੈਸ ਦੀ ਕਿੱਲਤ ਖਤਮ ਹੋਵੇ, ਚੁੱਲੇ ਬਲਣ, ਹਰ ਇੱਕ ਨੂੰ ਭੋਜਨ ਨਸੀਬ ਹੋਵੇ। ਪਰਮਾਤਮਾ ਕਰੇ ਇਹ ਜੰਗ ਨਾਂ ਦਾ ਸ਼ਬਦ ਹੀ ਖਤਮ ਹੋ ਜਾਵੇ, ਹੱਦਾਂ ਸਰਹੱਦਾਂ ਟੱਪ ਕੇ ਲੋਕੀ ਇੱਕ ਦੂਜੇ ਨੂੰ ਮਿਲਣ, ਇਨਸਾਨ ਵੀ ਪ੍ਰਕਿਰਤੀ ਦੇ ਜੀਵ ਹਨ, ਜੇਕਰ ਪੰਛੀ ਆਜ਼ਾਦ ਘੁੰਮ ਸਕਦੇ ਹਨ, ਯੂਰਪ ਤੋਂ ਸਾਇਬੇਰੀਆ ਦੀਆਂ ਕੂੰਜਾਂ ਹਰੀ ਕੇ ਪੱਤਣ ਆ ਸਕਦੀਆਂ ਹਨ, ਤਾਂ ਸਾਨੂੰ ਵੀ ਤੰਗ ਦਿਲ ਵਾਲੀ ਸੋਚ ਛੱਡ ਕੇ ਸੰਸਾਰ ਵਾਦੀ ਸੋਚ ਤਹਿਤ ਪ੍ਰੇਮ ਪਿਆਰ ਦਾ ਜੀਵਨ ਬਸਰ ਕਰਨਾ ਚਾਹੀਦਾ, ਚੰਗੀ ਸੋਚ ਗ੍ਰਹਿਣ ਕਰਨ ਦੀ ਜਰੂਰਤ ਹੈ, ਅੰਤ ਦੇ ਵਿੱਚ ਮੈਨੂੰ ਪੰਜਾਬੀ ਦੇ ਮਕਬੂਲ ਸਾਇਰ ਗੁਰਤੇਜ ਕੁਹਾਰ ਵਾਲੇ ਦਾ ਲਿਖਿਆ ਸ਼ੇਅਰ ਚੇਤੇ ਆ ਗਿਆ..



**ਜੰਗਾਂ ਵਿੱਚ ਛੱਡਣਾ ਪੈਂਦਾ, ਹਉਮੈ ਦੇ ਭੇੜਾਂ ਨੂੰ,**
**ਆਜੋ ਹੁਣ ਬਹਿ ਕੇ ਲਿਪੀਏ, ਅੰਦਰਲੀਆਂ ਤੇੜਾਂ ਨੂੰ,**
**ਰੇਸ਼ਮ ਦੇ ਟੁੱਟੇ ਧਾਗੇ, ਜੋੜਨ ਦਾ ਵੇਲਾ ਹੈ,**
**ਥੋੜੀ ਹੀ ਦੂਰ ਗਿਆਂ ਨੂੰ, ਮੋੜਨ ਦਾ ਵੇਲਾ ਹੈ।**

**ਹਰਸੰਤ ਸਿੰਘ ਢੀਂਡਸਾ**
**ਸੰਪਰਕ : 98781-97000**

# ਕਿੱਥੇ ਗਈਆਂ ਸਾਡੇ ਵਿਹੜੇ ਦੀਆਂ ਚਿੜੀਆਂ

ਜ਼ਿਕਰ ਪੰਜਾਬ

ਅੱਜ ਦੀ ਤੇਜ਼ ਰਫ਼ਤਾਰ ਭਰੀ ਜ਼ਿੰਦਗੀ ਵਿੱਚ ਜਿਥੇ ਅਸੀਂ ਖੁਦ ਨੂੰ ਨੀਂਦ ਤੋਂ ਜਗਾਉਣ ਲਈ ਸਵੇਰੇ ਅਲਾਰਮ ਦਾ ਸਹਾਰਾ ਲੈਂਦੇ ਹਾਂ, ਉਥੇ ਹੀ ਬਹੁਤੇ ਲੋਕ ਆਪਣੇ ਮੋਬਾਈਲ ਵਿੱਚ ਚਿੜੀਆਂ ਦੇ ਚਹਿਕਣ ਵਾਲੀ ਰਿੰਗਟੋਨ ਲਗਾਉਂਦੇ ਹਨ , ਜਿਸ ਤੋਂ ਇਹ ਸਿੱਧ ਹੁੰਦਾ ਹੈ ਕਿ ਅਸੀਂ ਅੱਜ ਵੀ ਕੁਦਰਤ ਦੀ ਇਸ ਮਿੱਠੀ ਧੁਨ ਨੂੰ ਪਸੰਦ ਕਰਦੇ ਹਾਂ। ਪਰ ਸੋਚਣ ਵਾਲੀ ਗੱਲ ਇਹ ਹੈ ਕਿ ਜੋ ਆਵਾਜ਼ ਸਾਨੂੰ ਕਿਸੇ ਵੇਲੇ ਆਪਣੇ ਘਰਾਂ ਵਿੱਚ ਕੁਦਰਤੀ ਤੌਰ 'ਤੇ ਸੁਣਨ ਨੂੰ ਮਿਲਦੀ ਸੀ ਅੱਜ ਉਸ ਨੂੰ ਲੱਭਣਾ ਪੈ ਰਿਹਾ ਹੈ।

ਪੁਰਾਣੇ ਵੇਲਿਆਂ 'ਚ ਜਦੋਂ ਘਰ ਕੱਚੇ ਹੁੰਦੇ ਸਨ, ਛੱਤਾਂ ਬਾਲਿਆਂ ਦੀਆਂ ਹੁੰਦੀਆਂ ਸਨ ਅਤੇ ਖੁੱਲ੍ਹੇ ਵੇਹੜਿਆਂ ਵਿੱਚ ਨਿੰਮ, ਤੂਤ, ਕਿੱਕਰ, ਟਾਹਲੀ, ਬੇਰੀਆਂ, ਬੋਗਨ ਵੇਲ ਅਤੇ ਝਾੜੀਦਾਰ ਵਰਗੇ ਦੇਸੀ ਰੁੱਖ ਲੱਗੇ ਹੁੰਦੇ ਸਨ ਤਾਂ ਇਹ ਛੋਟੀਆਂ, ਪਿਆਰੀਆਂ ਚਿੜੀਆਂ ਆਲ੍ਹਣੇ ਪਾ ਕੇ ਉਥੇ ਰਹਿੰਦੀਆਂ ਸਨ। ਪਰ ਜਿਉਂ ਹੀ ਕੱਚੀਆਂ ਛੱਤਾਂ ਦੀ ਥਾਂ ਪਕਿਆਂ ਘਰਾਂ ਨੇ ਲੈ ਲਈ ਅਤੇ ਇਮਾਰਤਾਂ ਨੇ ਹਰਿਆਵਲ ਨੂੰ ਖਾ ਲਿਆ ਤਾਂ ਚਿੜੀਆਂ ਨੇ ਵੀ ਉੱਥੋਂ ਆਪਣਾ ਮੂੰਹ ਮੋੜ ਲਿਆ। ਅੱਜ ਹਾਲਾਤ ਇਹ ਹਨ ਕਿ ਸਵੇਰ ਨੂੰ ਇਹਨਾਂ ਦੀ ਚਹਿਕਣ ਵਾਲੀ ਆਵਾਜ਼ ਸੁਣਨ ਲਈ ਅਸੀਂ ਤਰਸ ਗਏ ਹਾਂ।

ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪਣੀ ਬਾਣੀ ਵਿੱਚ ਸਵੇਰ ਦੀ ਸੋਭਾ ਬਿਆਨ ਕਰਦਿਆਂ ਲਿਖਿਆ ਹੈ,"ਚਿੜੀ ਚੁਹਕੀ ਪਹੁ ਫੁਟੀ ਵਗਨਿ ਬਹੁਤੁ ਤਰੰਗ।। ਅਚਰਜ ਰੂਪ ਸੰਤਨ ਰਚੇ, ਨਾਨਕ ਨਾਮਹਿ ਰੰਗ।।?।।"ਆਪ ਜੀ ਨੇ ਆਪਣੇ ਇਸ ਸਲੋਕ ਵਿੱਚ ਚਿੜੀ ਦੀ ਚੁਹਕ ਨੂੰ ਨਵੀਂ ਸਵੇਰ ਅਤੇ ਰੱਬੀ ਰੰਗ ਨਾਲ ਜੋੜਿਆ ਹੈ। ਇਹ ਸਿਰਫ਼ ਇੱਕ ਪੰਛੀ ਦੀ ਆਵਾਜ਼ ਨਹੀਂ, ਸਗੋਂ ਆਤਮਿਕ ਜਾਗਰੂਕਤਾ ਦਾ ਪ੍ਰਤੀਕ ਵੀ ਹੈ।

ਪੰਜਾਬੀ ਸਾਹਿਤ ਵਿੱਚ ਵੀ ਚਿੜੀਆਂ ਦੀ ਚਹਿਕ ਨੂੰ ਸਵੇਰ ਦੀ ਰੂਹ ਮੰਨਿਆ ਗਿਆ ਹੈ। ਮਹਾਨ ਕਵੀ ਵਾਰਿਸ ਸ਼ਾਹ ਨੇ ਦਿਨ ਦੇ ਚੜ੍ਹਾਅ ਦਾ ਵਰਣਨ ਕਰਦਿਆਂ ਚਿੜੀਆਂ ਦੀ ਮਿੱਠੀ ਆਵਾਜ਼ ਨੂੰ ਨਵੀਂ ਸਵੇਰ ਦਾ ਸੰਕੇਤ ਬਣਾਇਆ ਹੈ। ਉਹ ਲਿਖਦੇ ਹਨ,

**"ਚਿੜੀ ਚੂਕਦੀ ਨਾਲ ਜਾ ਤੁਰੇ ਪਾਂਧੀ,**
**ਪਾਈਆਂ ਦੁੱਧ ਦੇ ਵਿਚ ਮਧਾਣੀਆਂ ਨੀ।**
**ਸੁਬਹ ਸਾਦਕ ਹੋਈ ਜਦੋਂ ਆਣ ਰੋਸ਼ਨ,**
**ਤਦੋਂ ਲਾਲੀਆਂ ਆਣ ਚਿਚਲਾਣੀਆਂ ਨੀ।"**

ਸਾਡੇ ਲੋਕ-ਗੀਤਾਂ ਅਤੇ ਕਹਾਣੀਆਂ ਵਿੱਚ ਵੀ ਚਿੜੀ ਦਾ ਵੱਡਾ ਤੇ ਅਹਿਮ ਸਥਾਨ ਰਿਹਾ ਹੈ। ਬਚਪਨ ਵਿੱਚ ਅਸੀਂ ਸਾਰਿਆਂ ਨੇ ਕਾਂ ਤੇ ਚਿੜੀ ਦੀ ਕਹਾਣੀ ਬਹੁਤ ਵਾਰ ਸੁਣੀ ਹੋਵੇਗੀ। ਗੀਤਾਂ ਵਿੱਚ ਵੀ ਅਕਸਰ ਕੁੜੀਆਂ ਦਾ ਜ਼ਿਕਰ ਚਿੜੀਆਂ ਨਾਲ ਕੀਤਾ ਜਾਂਦਾ ਹੈ। ਇਹ ਪੰਛੀ ਸਿਰਫ਼ ਕੁਦਰਤੀ ਸੁੰਦਰਤਾ ਦੀ ਹੀ ਨਿਸ਼ਾਨੀ ਨਹੀਂ ਸਗੋਂ ਸਾਡੇ ਸਭਿਆਚਾਰ ਅਤੇ ਵਾਤਾਵਰਣ ਦਾ ਅਹਿਮ ਹਿੱਸਾ ਵੀ ਹੈ।

ਆਕਾਰ ਵਿੱਚ ਛੋਟਾ ਪਰ ਆਤਮ-ਵਿਸ਼ਵਾਸ ਵਿੱਚ ਵੱਡਾ, ਚਿੜੀ ਇਕ ਚੁਸਤ ਪੰਛੀ ਹੈ ਜੋ ਦੁਨੀਆ ਭਰ ਵਿੱਚ ਪਾਇਆ ਜਾਂਦਾ ਹੈ। ਇਹ ਬੀਜ, ਅਨਾਜ ਦੇ ਦਾਣੇ ਅਤੇ ਕੀੜੇ-ਮਕੌੜੇ ਖਾ ਕੇ ਜੀਵਨ ਬਿਤਾਉਂਦੀ ਹੈ। ਆਮ ਤੌਰ 'ਤੇ ਇਹ ਪੰਛੀ 24 ਮੀਲ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਉੱਡ ਸਕਦਾ ਹੈ। ਨਰ ਚਿੜੀ ਮਾਦਾ ਨਾਲੋਂ ਜ਼ਿਆਦਾ ਆਕਰਸ਼ਕ ਹੁੰਦੀ ਹੈ। ਇਹ ਅਕਸਰ ਘਰਾਂ ਦੀਆਂ ਛੱਤਾਂ, ਝਾੜੀਦਾਰ ਤੇ ਕੰਡਿਆਂ ਵਾਲੇ ਰੁੱਖਾਂ ਅਤੇ ਕੰਧਾਂ ਦੀਆਂ ਖੁੱਡਾਂ ਵਿੱਚ ਆਲ੍ਹਣੇ ਬਣਾਉਂਦੀਆਂ ਹਨ।



ਕੁਦਰਤੀ ਸੰਤੁਲਨ ਨੂੰ ਬਣਾਈ ਰੱਖਣ ਵਿੱਚ ਚਿੜੀਆਂ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਪਰ ਹੁਣ ਦਿਨ-ਬ-ਦਿਨ ਉਨ੍ਹਾਂ ਦੀ ਗਿਣਤੀ ਘੱਟਦੀ ਜਾ ਰਹੀ ਹੈ, ਜੋਕਿ ਕੁਦਰਤ ਨਾਲ ਕੀਤੀ ਜਾ ਰਹੀ ਛੇੜਛਾੜ ਦਾ ਨਤੀਜਾ ਹੈ। ਸਭ ਤੋਂ ਵੱਡਾ ਕਾਰਨ ਸੰਘਣੇ ਰੁੱਖ, ਝਾੜੀਆਂ ਅਤੇ ਕੰਡੇਦਾਰ ਬੂਟੇ, ਜੋ ਚਿੜੀਆਂ ਲਈ ਸੁਰੱਖਿਅਤ ਟਿਕਾਣੇ ਹੁੰਦੇ ਸਨ, ਹੁਣ ਨਵੀਆਂ ਇਮਾਰਤਾਂ, ਸੜਕਾਂ ਅਤੇ ਉਦਯੋਗਿਕ ਵਿਕਾਸ ਦੀ ਭੇਟ ਚੜ੍ਹ ਰਹੇ ਹਨ। ਇਸ ਤੋਂ ਇਲਾਵਾ, ਉੱਚੇ ਟਾਵਰ ਅਤੇ ਪ੍ਰਦੂਸ਼ਣ ਵੀ ਉਨ੍ਹਾਂ ਦੀ ਜ਼ਿੰਦਗੀ ਲਈ ਵੱਡਾ ਖਤਰਾ ਬਣ ਰਹੇ ਹਨ। ਮੋਬਾਈਲ ਟਾਵਰਾਂ ਅਤੇ ਹੋਰ ਇਲੈਕਟ?ਰੋਨਿਕ ਡਿਵਾਈਸਾਂ ਤੋਂ ਨਿਕਲਣ ਵਾਲੀਆਂ ਤਰੰਗਾਂ ਚਿੜੀਆਂ ਦੇ ਦਿਮਾਗ ਤੇ ਬਹੁਤ ਬੁਰਾ ਪ੍ਰਭਾਵ ਪਾ ਰਹੀਆਂ ਹਨ ਜਿਸ ਕਾਰਨ ਉਨ੍ਹਾਂ ਦੀ ਮੌਤ ਦੀ ਦਰ ਵੱਧ ਰਹੀ ਹੈ। ਦੂਜੇ ਪਾਸੇ, ਕੀਟਨਾਸ਼ਕ ਦਵਾਈਆਂ ਵੀ ਉਨ੍ਹਾਂ ਦੀ ਗਿਣਤੀ ਵਿੱਚ ਗਿਰਾਵਟ ਲਈ ਜ਼ਿੰਮੇਵਾਰ ਹਨ। ਵਧੇਰੇ ਉਤਪਾਦਨ ਲਈ ਵਰਤੀਆਂ ਜਾਣ ਵਾਲੀਆਂ ਰਸਾਇਣਕ ਦਵਾਈਆਂ ਨਾ ਸਿਰਫ਼ ਖੇਤਾਂ ਦੇ ਕੀੜੇ-ਮਕੌੜੇ ਨਾਸ਼ ਕਰ ਰਹੀਆਂ ਹਨ ਬਲਕਿ ਇਨ੍ਹਾਂ ਦੇ ਭੋਜਨ ਦੇ ਸਰੋਤ ਨੂੰ ਵੀ ਖਤਮ ਕਰ ਰਹੀਆਂ ਹਨ। ਹਰੇਕ ਸਾਲ 20 ਮਾਰਚ ਨੂੰ 'ਵਿਸ਼ਵ ਚਿੜੀ ਦਿਵਸ' ਵਜੋਂ ਮਨਾਇਆ ਜਾਂਦਾ ਹੈ ਜੋ ਚਿੜੀਆਂ ਦੀ ਲੁਪਤ ਹੋ ਰਹੀ ਆਬਾਦੀ ਵੱਲ ਧਿਆਨ ਦਿਵਾਉਣ ਲਈ ਮਨਾਇਆ ਜਾਂਦਾ ਹੈ, ਜਿਸ ਦੀ ਸ਼ੁਰੂਆਤ ਭਾਰਤ ਦੇ ਵਾਤਾਵਰਣ ਪ੍ਰੇਮੀ ਮੁਹੰਮਦ ਦਿਲਾਵਰ ਨੇ ਕੀਤੀ ਸੀ। ਉਨ੍ਹਾਂ ਨੇ 'ਨੇਚਰ ਫਾਰ ਐਵਰ ਸੋਸਾਇਟੀ' ਦੀ ਸਥਾਪਨਾ ਕੀਤੀ ਜੋ ਘਰੇਲੂ ਚਿੜੀਆਂ ਅਤੇ ਵਾਤਾਵਰਣ ਦੇ ਲਈ ਕੰਮ ਕਰਦੀ ਹੈ ਅਤੇ ਇਨ੍ਹਾਂ ਨੂੰ 2008 'ਚ ਟਾਈਮ ਮੈਗਜ਼ੀਨ ਦੇ 'ਹੀਰੋ ਆਫ ਇੰਵਾਇਰਨਮੈਂਟ' 'ਚ ਸ਼ਾਮਲ ਵੀ ਕੀਤਾ ਗਿਆ ਸੀ। 'ਨੇਚਰ ਫਾਰ ਐਵਰ ਸੋਸਾਇਟੀ' ਅਤੇ 'ਈਕੋ-ਸਿਸ ਐਕਸ਼ਨ ਫਾਊਂਡੇਸ਼ਨ' (ਫਰਾਂਸ) ਦੇ ਆਪਸੀ ਸਹਿਯੋਗ ਨਾਲ ਪਹਿਲੀ ਵਾਰ 2010 'ਚ 'ਵਿਸ਼ਵ ਚਿੜੀ ਦਿਵਸ' ਮਨਾਇਆ ਗਿਆ ਸੀ। ਅੱਜ ਸਾਨੂੰ ਵੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ ਤਾਂ ਜੋ ਚਿੜੀਆਂ ਦੀ ਚੀਂ-ਚੀਂ ਮੁੜ ਸਾਨੂੰ ਸੁਣਨ ਨੂੰ ਮਿਲੇ। ਇਸ ਲਈ ਆਉਣ ਵਾਲੀਆਂ ਪੀੜ੍ਹੀਆਂ ਲਈ ਵਾਤਾਵਰਣ ਦੀ ਸੰਭਾਲ ਕਰਨੀ ਬੇਹਦ ਜ਼ਰੂਰੀ ਹੈ। ਆਪਣੇ ਆਲੇ-ਦੁਆਲੇ ਸੰਘਣੇ ਰੁੱਖ,ਬੋਗਨ ਵੇਲ ਅਤੇ ਝਾੜੀਦਾਰ ਤੇ ਕੰਡਿਆਂ ਵਾਲੇ ਬੂਟੇ ਲਗਾਉਣੇ ਚਾਹੀਦੇ ਹਨ ਖਾਸ ਕਰਕੇ ਉਹ ਜੋ ਚਿੜੀਆਂ ਨੂੰ ਆਲ੍ਹਣੇ ਬਣਾਉਣ ਲਈ ਸਹੂਲਤ ਦਿੰਦੇ ਹੋਣ ਅਤੇ ਜਿੱਥੇ ਇਹ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ। ਘਰਾਂ ਦੀਆਂ ਛੱਤਾਂ, ਬਾਲਕੋਨੀ ਅਤੇ ਬਾਗਾਂ ਵਿੱਚ ਚਿੜੀਆਂ ਲਈ ਦਾਣਾ-ਪਾਣੀ ਰੱਖਣ ਦੀ ਆਦਤ ਪਾਈਏ ਤਾਂ ਜੋ ਉਹ ਉੱਥੇ ਆ ਕੇ ਆਰਾਮ ਨਾਲ ਦਾਣਾ-ਪਾਣੀ ਚੁੱਗ ਸਕਣ। ਘਰ ਦੀਆਂ ਕੰਧਾਂ, ਛੱਤਾਂ ਜਾਂ ਬਾਗ ਵਿੱਚ ਚਿੜੀਆਂ ਲਈ ਬਣਾਉਟੀ ਆਲ੍ਹਣੇ ਲਗਾਉਣੇ ਚਾਹੀਦੇ ਹਨ ਜਿੱਥੇ ਉਹ ਆਪਣੀ ਨਸਲ ਨੂੰ ਅੱਗੇ ਵਧਾ ਸਕਣ। ਜੈਵਿਕ ਖੇਤੀ ਵਧਾ ਕੇ ਚਿੜੀਆਂ ਅਤੇ ਹੋਰ ਪੰਛੀਆਂ ਦੀ ਜ਼ਿੰਦਗੀ ਨੂੰ ਸੁਰੱਖਿਅਤ ਬਣਾਇਆ ਜਾ ਸਕਦਾ ਹੈ। ਵਾਤਾਵਰਣ ਬਚਾਅ ਅਤੇ ਚਿੜੀਆਂ ਦੀ ਸੰਭਾਲ ਬਾਰੇ ਹੋਰ ਲੋਕਾਂ ਨੂੰ ਵੀ ਜਾਗਰੂਕ ਕਰਨਾ ਚਾਹੀਦਾ ਹੈ ਤਾਂ ਜੋ ਇਹ ਸੰਦੇਸ਼ ਹਰੇਕ ਤੱਕ ਪਹੁੰਚੇ। ਜੇ ਅਸੀਂ ਇਹੋ ਜਿਹੇ ਯਤਨ ਕਰੀਏ ਤਾਂ ਚਿੜੀਆਂ ਦੀ ਮਿੱਠੀ ਚਹਿਕ ਦੁਬਾਰਾ ਸਾਡੇ ਆਲੇ-ਦੁਆਲੇ ਗੂੰਜ ਸਕੇਗੀ। ਆਓ, ਅੱਜ ਚਿੜੀ ਦਿਵਸ ਦੇ ਸੁਨਹਿਰੇ ਮੌਕੇ 'ਤੇ ਇਹ ਸੰਕਲਪ ਕਰੀਏ ਕਿ ਅਸੀਂ ਆਪਣੇ ਤੌਰ-ਤਰੀਕਿਆਂ ਵਿੱਚ ਬਦਲਾਅ ਲਿਆ ਕੇ ਇਹਨਾਂ ਨਿਰਦੋਸ਼ ਜ਼ਿੰਦਗੀਆਂ ਦੀ ਰੱਖਿਆ ਕਰਾਂਗੇ। ਅਸੀਂ ਵਾਤਾਵਰਣ ਦੀ ਹਿਫਾਜ਼ਤ ਲਈ ਸੰਕਲਪਬੱਧ ਹੋਈਏ ਤਾਂ ਜੋ ਕੁਦਰਤ ਦੀ ਇਹ ਮਿੱਠੀ ਚਹਿਕਣ ਸਦੀਵ ਰਹੇ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਇਹ ਸੁੰਦਰ ਸੰਗੀਤ ਸੁਣਨ ਨੂੰ ਮਿਲੇ। ਜੇਕਰ ਅਸੀਂ ਆਪਣੀ ਧਰਤੀ ਨੂੰ ਹਰਿਆ-ਭਰਿਆ ਬਣਾ , ਰਸਾਇਣਕ ਦਵਾਈਆਂ ਤੇ ਪ੍ਰਦੂਸ਼ਣ ਨੂੰ ਘਟਾ ਅਤੇ ਵਾਤਾਵਰਣ ਦੇ ਸੰਤੁਲਨ ਨੂੰ ਬਰਕਰਾਰ ਰੱਖਾਂਗੇ ਤਾਂ ਸਾਨੂੰ ਬਨਾਉਟੀ ਆਲ੍ਹਣੇ ਟੰਗਣ ਦੀ ਲੋੜ ਹੀ ਨਹੀਂ ਪਵੇਗੀ। ਸੋ ਆਓ,ਅੱਜ ਤੋ ਅਸੀਂ ਚਿੜੀਆਂ ਨੂੰ ਉਡਾਰੀ ਮਾਰਨ ਲਈ ਅਤੇ ਕੁਦਰਤ ਨੂੰ ਸੰਭਾਲਣ ਲਈ ਇੱਕ ਨਵਾਂ ਵਾਅਦਾ ਕਰੀਏ।



**ਬਲਦੇਵ ਸਿੰਘ ਬੇਦੀ, ਜਲੰਧਰ**

**ਸੰਪਰਕ : 90419-25181**

# ਹਿਪਨੋਸਿਸ: ਮਨ ਨੂੰ ਸ਼ਾਂਤ ਕਰਕੇ ਜੀਵਨ 'ਚ ਸਕਾਰਾਤਮਕ ਬਦਲਾਅ ਦਾ ਸਹਿਜ ਤਰੀਕਾ

ਜ਼ਿਕਰ ਪੰਜਾਬ

ਹਿਪਨੋਸਿਸ ਇੱਕ ਕੁਦਰਤੀ ਅਤੇ ਧਿਆਨ-ਕੇਂਦ੍ਰਿਤ ਮਨ ਦੀ ਅਵਸਥਾ ਹੈ, ਜਿਸ ਵਿੱਚ ਮਨ ਗਹਿਰੀ ਸ਼ਾਂਤੀ ਵਿੱਚ ਹੁੰਦਾ ਹੈ ਪਰ ਨਾਲ ਹੀ ਬਹੁਤ ਜ਼ਿਆਦਾ ਸਚੇਤ ਅਤੇ ਸਵੀਕਾਰਸ਼ੀਲ ਵੀ ਹੁੰਦਾ ਹੈ। ਇਸ ਅਵਸਥਾ ਵਿੱਚ ਤੁਹਾਡਾ ਅਚੇਤਨ ਮਨ ਸਕਾਰਾਤਮਕ ਸੁਝਾਵਾਂ ਅਤੇ ਬਦਲਾਅ ਲਈ ਹੋਰ ਖੁੱਲ੍ਹਾ ਹੋ ਜਾਂਦਾ ਹੈ। ਹਿਪਨੋਸਿਸ ਮਨ ਨੂੰ ਸ਼ਾਂਤ ਅਤੇ ਧਿਆਨ ਵਾਲੀ ਅਵਸਥਾ ਵਿੱਚ ਲੈ ਜਾਂਦਾ ਹੈ—ਜੋ ਗਹਿਰੀ ਰਿਲੈਕਸੇਸ਼ਨ ਵਰਗੀ ਹੁੰਦੀ ਹੈ—ਇਸ ਨਾਲ ਚਿੰਤਾ ਅਤੇ ਮਨ ਦਾ ਦਬਾਅ ਘੱਟ ਹੁੰਦਾ ਹੈ। ਇਹ ਤੁਹਾਨੂੰ ਅਚੇਤਨ ਮਨ ਨਾਲ ਸਿੱਧਾ ਕੰਮ ਕਰਨ ਦੀ ਆਗਿਆ ਦਿੰਦਾ ਹੈ, ਜਿੱਥੇ ਆਦਤਾਂ, ਡਰ ਅਤੇ ਵਿਸ਼ਵਾਸ ਸਟੋਰ ਹੁੰਦੇ ਹਨ। ਅਸਲ ਵਿੱਚ ਜੀਵਨ ਦਾ ਬਦਲਾਅ ਇੱਥੋਂ ਹੀ ਸ਼ੁਰੂ ਹੁੰਦਾ ਹੈ। ਹਿਪਨੋਸਿਸ ਆਦਤਾਂ ਨੂੰ ਤੋੜਨ (ਜਿਵੇਂ ਧੂੰਮਰਪਾਨ, ਜ਼ਿਆਦਾ ਖਾਣਾ), ਨੀਂਦ ਸੁਧਾਰਨ, ਅਨੁਸ਼ਾਸਨ ਅਤੇ ਧਿਆਨ ਵਧਾਉਣ ਵਿੱਚ ਮਦਦਗਾਰ ਹੈ।

ਹਿਪਨੋਸਿਸ ਨਾਲ ਤੁਸੀਂ ਇਹਨਾਂ ਚੀਜ਼ਾਂ ਤੋਂ ਮੁਕਤੀ ਪਾ ਸਕਦੇ ਹੋ: ਪੁਰਾਣੇ ਸਦਮੇ, ਡਰ ਅਤੇ ਫੋਬੀਆ ਨਕਾਰਾਤਮਕ ਭਾਵਨਾਵਾਂ ਜਿਵੇਂ ਗੁੱਸਾ ਜਾਂ ਦੋਸ਼ਭਾਵ ਆਪਣੇ ਉੱਤੇ ਭਰੋਸਾ ਵਧਾਉਣਾ, ਜੀਵਨ ਦੇ ਫੈਸਲਿਆਂ ਵਿੱਚ ਪ੍ਰੇਰਣਾ ਅਤੇ ਸਪਸ਼ਟਤਾ ਲਿਆਉਣਾ। ਹਿਪਨੋਸਿਸ ਆਤਮਿਕ ਅਤੇ ਅੰਦਰੂਨੀ ਵਿਕਾਸ ਵਿੱਚ ਵੀ ਮਦਦ ਕਰਦਾ ਹੈ। ਇਹ ਤੁਹਾਡੀ ਮਦਦ ਕਰ ਸਕਦਾ ਹੈ।ਆਪਣੇ ਆਪ ਨੂੰ ਹੋਰ ਚੰਗੀ ਤਰ੍ਹਾਂ ਸਮਝਣ ਵਿੱਚ ਧਿਆਨ ਨੂੰ ਹੋਰ ਗਹਿਰਾ ਕਰਨ ਵਿੱਚ ਅੰਦਰੂਨੀ ਸੰਤੁਲਨ ਅਤੇ ਜੀਵਨ ਦੇ ਮਕਸਦ ਨਾਲ ਜੁੜਨ ਵਿੱਚ ਹੈ। ਹਿਪਨੋਸਿਸ ਕਿਸੇ ਦੇ ਮਨ ਨੂੰ ਕਾਬੂ ਕਰਨ ਦਾ ਤਰੀਕਾ ਨਹੀਂ ਹੈ। ਇਸ ਦੌਰਾਨ ਤੁਸੀਂ ਪੂਰੀ ਤਰ੍ਹਾਂ ਸਚੇਤ ਅਤੇ ਆਪਣੇ ਕੰਟਰੋਲ ਵਿੱਚ ਰਹਿੰਦੇ ਹੋ। ਇਹ ਸਿਰਫ਼ ਤੁਹਾਨੂੰ ਇੱਕ ਧਿਆਨ-ਕੇਂਦ੍ਰਿਤ ਅਤੇ ਸਵੀਕਾਰਸ਼ੀਲ ਅਵਸਥਾ ਵਿੱਚ ਲੈ ਜਾਂਦਾ ਹੈ।



**- ਰਾਜਬੀਰ ਕੌਰ**

# ਮੇਰੀ ਮਿੱਟੀ ਸੇ ਭੀ ਖ਼ੁਸ਼ਬੂ-ਏ-ਵਤਨ ਆਏਗੀ : ਸ਼ਹੀਦ ਭਗਤ ਸਿੰਘ

ਜ਼ਿਕਰ ਪੰਜਾਬ

ਮੰਜ਼ਿਲ ’ਤੇ ਪਹੁੰਚਣ ਲਈ ਪਹਿਲੇ ਮੰਜ਼ਿਲ ਦੂਰ ਤਾਂ ਲੱਗਦੀ ਹੈ, ਪਰ ਇਸ ਤੱਕ ਪਹੁੰਚਣ ਲਈ ਹਿੰਮਤ, ਦਲੇਰੀ, ਸਬਰ ਅਤੇ ਜਜ਼ਬਾ ਜ਼ਰੂਰੀ ਹੈ ਜਿਹੜੇ ਜਜ਼ਬੇ ਅਤੇ ਹਿੰਮਤ ਦੇ ਸਿਰਨਾਵੇ ਲਿਖ ਕੇ ਮੰਜ਼ਲਾਂ ਜਿੱਤ ਲੈਂਦੇ ਹਨ। ਉਹ ਇੱਕ ਦਿਨ ਆਪਣੀ ਢੁੱਕਵੀਂ ਪਹਿਚਾਣ ਬਣਾ ਕੇ ਯੁੱਗ ਨੂੰ ਇੱਕ ਦਿਨ ਵਿੱਚ ਨਬੇੜ ਦਿੰਦੇ ਹਨ ਇਨ੍ਹਾਂ ਰਾਹਾਂ ਦਾ ਪਾਂਧੀ ਹੈ ਭਗਤ ਸਿੰਘ ਸਰਦਾਰ। ਮਾਂ-ਪਿਓ ਆਪਣੀ ਔਲਾਦ ਦੀ ਖੁਸ਼ਹਾਲੀ ਲੋਚਦਾ ਹੈ, ਪਰ ਜੇ ਔਲਾਦ ਜਮਾਂਦਰੂ ਹੀ ਇਨਕਲਾਬੀ ਹੋਵੇ ਤਾਂ ਮੰਜ਼ਲ ਮਾਂ-ਪਿਓ ਤੋਂ ਉਲਟ ਨਿਰਧਾਰਤ ਹੁੰਦੀ ਹੈ। ਸ਼ਹੀਦ ਦੇਸ਼ ਲਈ ਆਪਾਂ ਵਾਰ ਕੇ ਜੀਵਨ ਦੇ ਆਨੰਦ ਨੂੰ ਤਿਆਗ ਕੇ ਹੀ ਕੌਮੀ ਪਰਵਾਨੇ ਬਣ ਕੇ ਗੁਲਾਮੀ ਦੀ ਜ਼ੰਜ਼ੀਰ ਨੂੰ ਪੁੱਟ ਸੁੱਟਦੇ ਹਨ। ਪਿਤਾ ਕਿਸ਼ਨ ਸਿੰਘ ਅਤੇ ਚਾਚਾ ਅਜੀਤ ਸਿੰਘ ਗਦਰ ਪਾਰਟੀ ਦੇ ਮੈਂਬਰ ਸਨ। ਭਗਤ ਸਿੰਘ ਨੂੰ ਤਾਂ ਚਾਚਾ ਅਜੀਤ ਸਿੰਘ ਦੀ ਗੁੜਤੀ ਇਹੀ ਮਿਲੀ ਸੀ ਕਿ ਪੜ੍ਹਾਈ ਲਿਖਾਈ ਕਿਤਾਬਾਂ ਵਿੱਚੋਂ ਮਿਲ ਸਕਦੀ ਹੈ, ਪਰ ਦੇਸ਼-ਭਗਤੀ ਲਈ ਆਜ਼ਾਦੀ ਦੇ ਪਰਵਾਨੇ ਬਨਣਾ ਕੇਵਲ ਵਿਰਾਸਤ ਵਿੱਚੋਂ ਹੀ ਮਿਲਦੇ ਹਨ। ਭਾਰਤ ਮਾਤਾ ਦੀ ਆਜ਼ਾਦੀ ਦਾ ਟੀਚਾ ਮਿੱਥ ਕੇ ਆਪਣੇ ਉੱਪਰ ਸ਼ੱਕ ਅਤੇ ਸ਼ੰਕਾ ਪੈਦਾ ਹੀ ਨਹੀਂ ਹੋਣ ਦਿੱਤੀ। 10 ਦਸੰਬਰ , 1928 ਨੂੰ ਲਾਲਾ ਲਾਜਪਤ ਰਾਏ ਦੀ ਮੌਤ ਦਾ ਬਦਲਾ ਲੈਣ ਲਈ ਲਾਹੌਰ ਮੀਟਿੰਗ ਕਰਕੇ ਨਿਸ਼ਾਨਾ ਤੈਅ ਕੀਤਾ ਇਸ ਤੋਂ ਇਲਾਵਾ ਜਲ੍ਹਿਆਂ ਵਾਲੇ ਬਾਗ ਦਾ ਖ਼ੂਨੀ ਸੰਤਾਪ ਵੀ ਆਜ਼ਾਦੀ ਦੇ ਪ੍ਰਵਾਨੇ ਦਿਲ ਵਿੱਚ ਘਰ ਬਣਾ ਚੁੱਕਿਆ ਸੀ। ਆਤਮਾ ਦੀ ਆਵਾਜ਼ ਅਤੇ ਇਨਕਲਾਬੀ ਸੁਰਾਂ ਦੇ ਇਸ ਸਿਲਸਿਲੇ ਵਿੱਚ ਸਾਂਡਰਸ ਫੁੰਡਿਆ ਗਿਆ। ਭਗਤ ਸਿੰਘ ਨੇ ਪਛਾਣ ਕੀਤੀ ਕਿ ਇਹ ਸਕਾਟ ਨਹੀਂ ਸਾਂਡਰਸ ਹੈ। ਜਦੋਂ ਭੱਜੇ ਤਾਂ ਚਾਨਣ ਸਿੰਘ ਹਵਾਲਦਾਰ ਨੇ ਪਿੱਛਾ ਕੀਤਾ, ਪਰ ਕ੍ਰਾਂਤੀਕਾਰੀਆਂ ਦੀ ਨਸੀਹਤ ’ਤੇ ਵੀ ਪਿੱਛੇ ਨਾ ਮੁੜਿਆ ਤਾਂ ਰਾਜਗੁਰੂ ਨੇ ਉਹ ਵੀ ਫੁੰਡ ਸੁੱਟਿਆ। ਇਸ ਦ੍ਰਿਸ਼ ਦਾ ਚਸ਼ਮਦੀਨ ਗਵਾਹ ਫੈਜ਼ ਅਹਿਮਦ ਫੈਜ਼ ਮਨ ਨੂੰ ਠੇਸ ਲੱਗਣ ਕਾਰਨ ਮਹਾਨ ਕਵੀ ਬਣਿਆ ਪਰ ਸਕਾਟ ਬਚ ਗਿਆ ਸੀ। ਦੁੱਖਦ ਗੱਲ ਇਹ ਸੀ ਕਿ ਭਗਤ ਸਿੰਘ ਦਾ ਤਿਆਰ ਕੀਤਾ ਪੋਸਟਰ ਜਿਸ ’ਤੇ ਲਿਖਿਆ ਸੀ ‘ਸਕਾਟ ਕਿਲਡ’ ਇਹ ਪੋਸਟਰ ਜੋ ਹੱਥ ਲਿਖਤ ਸੀ। ਇਸ ਨੂੰ ਫਰੰਗੀ ਨੇ ਸਬੂਤ ਵਜੋਂ ਪੇਸ਼ ਕੀਤਾ ਜਿਸ ਦਾ ਖਮਿਆਜ਼ਾ ਭੁਗਤਣਾ ਪਿਆ। ਇਤਿਹਾਸ ਵਿੱਚ ਭਾਰਤ ਮਾਤਾ ਦੀ ਅਜ਼ਾਦੀ ਲਈ ਹੋਰ ਕੁੱਝ ਵੀ ਭਗਤ ਸਿੰਘ ਨੂੰ ਲੁਭਾ ਅਤੇ ਝੁਕਾਅ ਨਹੀਂ ਸਕਿਆ। ਇਨਕਲਾਬ ਦਾ ਸ਼ਬਦੀ ਅਰਥ ਹੀ ਅਨਿਆਏ ਵਿੱਰੁਧ ਵਿਦਰੋਹ ਕਰਨਾ ਹੈ ਫਰੰਗੀਆਂ ਦੇ ਰਾਜ ਸਮੇਂ ਇਸ ਕ੍ਰਾਂਤੀਕਾਰੀ ਹੋ ਕੇ ਨੂੰ ਭਗਤ ਸਿੰਘ ਅਤੇ ਹੋਰ ਸ਼ਹੀਦਾਂ ਨੇ ਆਪਣੇ ਲਹੂ ਨਾਲ ਰੰਗ ਕੇ ਗੁਲਾਮੀ ਪੁੱਟਣ ਲਈ ਇਸ ਨੂੰ ਇੱਕ ਲਹਿਰ ਬਣਾ ਦਿੱਤਾ ਸੀ। ਭਗਤ ਸਿੰਘ ਦਾ ਇਨਕਲਾਬ ਸਿਰਫ਼ ਇਸ ਸੋਚ ਤੇ ਖੜ੍ਹਾ ਹੈ ਕਿ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨੂੰ ਖ਼ਤਮ ਕਰਕੇ ਦੇਸ਼ ਲਈ ਖੁਦ ਮੁਖਤਿਆਰੀ ਹਾਸਲ ਕਰਨਾ ਹੈ। ਸਵਰਗ ਬਾਰੇ ਭਗਤ ਸਿੰਘ ਦਾ ਵਿਚਾਰ ਕਿ ਮੇਰੇ ਲਈ ਮੇਰਾ ਦੇਸ਼ ਜਿਉਂਦੀ ਜਾਗਦੀ ਹਕੀਕਤ ਹੈ। ਇਸ ਵਿੱਚੋਂ ਮੁੱਠੀ ਭਰ ਲੁਟੇਰਿਆਂ ਅਤੇ ਸਾਮਰਾਜੀਆਂ ਦਾ ਖਾਤਮਾ ਕਰਕੇ ਫਿਰ ਤੋਂ ਇਸ ਪਵਿੱਤਰ ਧਰਤੀ ਤੇ ਸਵਰਗ ਦੀ ਪਰਿਭਾਸ਼ਾ ਲਿਖੀ ਜਾਵੇਗੀ। ਅੱਜ ਜੇ ਇਸ ਸੋਚ ਪ੍ਰਤੀ ਪਰਖ ਪੜਚੋਲ ਅਤੇ ਹਕੀਕਤ ਦੇਖੀ ਜਾਵੇ ਤਾਂ ਸ਼ਹੀਦ ਦੀ ਸ਼ਹੀਦੀ ਵੀ ਕਿਤਾਬਾਂ ਦਾ ਸ਼ਿੰਗਾਰ ਹੀ ਹੈ। ਸੋਚ ਨੂੰ ਅਮਲ ਵਿੱਚ ਲਿਆਉਣ ਲਈ ਅਸੀ ਬਹੁਤ ਪਿੱਛੇ ਹਾਂ। ਇਨਕਲਾਬੀਆਂ ਦੇ ਸਿਰ ਤੇ ਦੇਸ਼ ਬਣਦੇ ਹਨ। ਆਜ਼ਾਦ ਹੁੰਦੇ ਹਨ। ਬੋਲ ਹੀ ਉਪਦੇਸ਼ ਬਣਦੇ ਹਨ। ਸ਼ਹਾਦਤ ਰਾਹੀਂ ਦੇਸ਼ ਪ੍ਰੇਮ ਅਤੇ ਦੇਸ਼-ਭਗਤੀ ਉਲੀਕੀ ਜਾਂਦੀ ਹੈ ਇਹ ਰਾਹ ਚਰਖੇ ਤੋਂ ਔਖਾ ਹੈ। ਇਸ ਨੂੰ ਹਰ ਕੋਈ ਗ੍ਰਹਿਣ ਨਹੀਂ ਕਰ ਸਕਦਾ। ਦੇਸ਼-ਭਗਤੀ ਦੇ ਰੰਗ ਵਿੱਚ ਰੰਗੇ ਭਗਤ ਸਿੰਘ ਦਾ ਵਿਚਾਰ ਸੀ ਕਿ ਮਨੁੱਖਤਾ ਨੂੰ ਪਿਆਰ ਕਰਨ ਦੇ ਮਾਮਲੇ ’ਚ ਅਸੀਂ ਕਿਸੇ ਤੋਂ ਪਿੱਛੇ ਨਹੀਂ ਹਾਂ, ਕਿਸੇ ਵਿਅਕਤੀ ਪ੍ਰਤੀ ਕਿਸੇ ਕਿਸਮ ਦੀ ਮੰਦਭਾਵਨਾ ਦੇ ਉਲਟ ਅਸੀ ਮਨੁੱਖਤਾ ਦੇ ਮਤਵਾਲੇ ਹਾਂ। ਚਰਖੇ ਰਾਹੀਂ ਆਜ਼ਾਦੀ ਪ੍ਰਾਪਤ ਕਰਨਾ ਵੱਖਰਾ ਰਾਹ ਸੀ ਜਿਵੇਂ ਕਿ ਨਾ-ਮਿਲਵਰਤਣ, ਸੱਤਿਆਗ੍ਰਹਿ ਅਤੇ ਅਹਿੰਸਾ ਪਰ ਇਸ ਦਾ ਸੁਨੇਹਾ ਫਰੰਗੀ ਨੂੰ ਜੜੋਂ ਨਹੀਂ ਪੁੱਟ ਸਕਦਾ ਸੀ, ਕਮਜ਼ੋਰ ਕਰ ਸਕਦਾ ਸੀ, ਪਰ ਜੁਝਾਰੂ ਸੋਚਦੇ ਹਨ ਕਿ ਇਸ ਨਾਲ ਕੁੱਝ ਵੀ ਪੱਲੇ ਨਹੀਂ ਪਵੇਗਾ



ਪਿਸਤੋਲ ਅਤੇ ਬੰਬਾਂ ਦੀ ਵਜਾਏ ਵਿਚਾਰਾਂ ਨਾਲ ਗੁਲਾਮੀ ਲਾਹੁਣ ਲਈ ਵੀ ਭਗਤ ਸਿੰਘ ਨੇ ਵੱਖਰਾ ਪੰਨਾ ਲਿਖਿਆ। ਇਨਕਲਾਬੀਆਂ ਦੀ ਮੌਤ ਨਾਲ ਆਜ਼ਾਦੀ ਦੇ ਸੰਘਰਸ਼ ਮਜਬੂਤ ਹੁੰਦੇ ਹਨ। ਇਹ ਹਮੇਸ਼ਾ ਧਰਮ ਨਿਰਪੱਖ ਹੁੰਦੇ ਹਨ। ਇਸ ਤਰ੍ਹਾਂ ਸਾਮਰਾਜ ਮੁਰਦਾਬਾਦ ਇੰਨਕਲਾਬ ਜ਼ਿੰਦਾਬਾਦ ਦਾ ਨਾਹਰਾ ਪ੍ਰਚੰਡ ਹੁੰਦਾ ਹੈ ਭਗਤ ਸਿੰਘ ਦੀ ਕਲਮ ਦੇ ਜਜ਼ਬਾਤ ਵਿੱਚੋਂ ਇਸ਼ਕ ਦੀ ਬਜਾਏ ਇਨਕਲਾਬ ਲਿਖਿਆ ਜਾਂਦਾ ਰਿਹਾ। ਇਨਕਲਾਬੀ ਰੰਗ ਵਿੱਚ ਰੰਗੇ ਭਗਤ ਸਿੰਘ ਦਾ ਇੱਕ ਵੱਖਰਾ ਅੰਦਾਜ਼ ਅਤੇ ਆਵਾਜ਼ ਸੀ ਕਿ ਇਨਕਲਾਬ ਦੇ ਰਾਹ ਤੇ ਕਦਮ ਰੱਖਦਿਆਂ ਮੈਂ ਸੋਚਿਆ ਸੀ ਜੇ ਮੈਂ ਜੀਵਨ ਦੇ ਕੇ ਕੋਨੇ-ਕੋਨੇ ਤੱਕ ਇਨਕਲਾਬ ਜ਼ਿੰਦਾਬਾਦ ਦੇ ਨਾਹਰੇ ਪਹੁੰਚਾ ਸਕਾਂ ਤਾਂ ਮੈਂ ਸਮਝੂੰਗਾ ਕਿ ਮੈਨੂੰ ਆਪਣੇ ਜੀਵਨ ਦਾ ਮੁੱਲ ਮਿਲ ਗਿਆ। ਫਾਂਸੀ ਦੀ ਕੋਠੜੀ ਵਿੱਚ ਬੈਠ ਕੇ ਵੀ ਮੈਂ ਕਰੋੜਾਂ ਦੇਸ਼ ਵਾਸੀਆਂ ਦੇ ਮੂੰਹੋਂ ਗੂੰਜਦੀ ਇਸ ਨਾਹਰੇ ਦੀ ਆਵਾਜ਼ ਸੁਣ ਸਕਦਾ ਹਾਂ। ਮੇਰਾ ਵਿਸ਼ਵਾਸ ਹੈ ਕਿ ਇਹ ਨਾਹਰਾ ਸਾਮਰਾਜੀਆਂ ਉਪਰ ਅੰਤ ਤੱਕ ਹਮਲਾ ਕਰਦਾ ਰਹੇਗਾ। ਏਨੀ ਛੋਟੀ ਜ਼ਿੰਦਗੀ ਵਿੱਚ ਮੇਰੀ ਜ਼ਿੰਦਗੀ ਦਾ ਇਹੀ ਮੁੱਲ ਹੈ। ਨਿਸ਼ਾਨੇ ਨੂੰ ਜ਼ਿੰਦਗੀ ਦੀ ਬੁਨਿਆਦ ਸਮਝਿਆ, ਇਸੇ ਕਰਕੇ ਸਾਡੇ ਤੇਈ ਸਾਲ ਦੀ ਉਮਰ ਵਿੱਚ ਆਜ਼ਾਦੀ ਦੀ ਨੀਂਹ ਰੱਖ ਦਿੱਤੀ ਸੀ। ਮਾਪਿਆਂ ਦੀ ਮੋਹ ਭਿੱਜੀ ਦਾਸਤਾਨ ਕਰਕੇ 1924 ਵਿੱਚ ਭਗਤ ਸਿੰਘ ਸਰਦਾਰ ਉੱਤੇ ਸਾਕ ਸੰਬੰਧੀਆਂ ਅਤੇ ਘਰ ਵਾਲਿਆਂ ਨੇ ਵਿਆਹ ਲਈ ਜ਼ੋਰ ਪਾਇਆ, ਪਰ ਤਸਵੀਰ ਆਪਣਾ ਰੁੱਖ ਬਦਲਦੀ ਗਈ। ਬਚਪਨ ਵਿੱਚ ਭਗਤ ਸਿੰਘ ਨੇ ਆਪਣੇ ਪਿਤਾ ਨੂੰ ਕਿਹਾ ਸੀ ਕਿ ਅਸੀਂ ਖੇਤਾਂ ਵਿੱਚ ਅਨਾਜ ਦੀ ਜਗ੍ਹਾ ਬੰਦੂਕਾਂ ਕਿਉਂ ਨਹੀਂ ਬੀਜਦੇ ਜਿਸ ਨਾਲ ਦੇਸ਼ ਅਜ਼ਾਦ ਹੋਵੇਗਾ। ਇਸ ਮਾਸੂਮੀਅਤ ਭਰੀ ਆਵਾਜ਼ ਨੇ ਭਗਤ ਸਿੰਘ ਦੇ ਇਰਾਦੇ ਬਚਪਨ ਵਿੱਚ ਹੀ ਲਿਖ ਦਿੱਤੇ ਸਨ। 28 ਸਤੰਬਰ, 2007 ਤੋਂ 30 ਮਾਰਚ, 1931 ਤੱਕ ਜੀਵਨ ਦੇ ਪੰਧ ਦੌਰਾਨ ਇਸ ਜਾਗਦੀ ਅਤੇ ਜਗਦੀ ਸੋਚ ਨੇ ਗੁਲਾਮੀ ਦੇ ਖਾਤਮੇ ਦੀ ਨੀਂਹ ਰੱਖ ਕੇ ਤਿੰਨ ਸੰਦੇਸ਼ ਦਿੱਤੇ :-

1. ਮਾਪਿਆਂ ਦੇ ਚਾਅ ਮਲ੍ਹਾਰ ਵਿਆਹ ਦੇ ਮੌਕੇ ਨੂੰ ਲਾੜੀ ਮੌਤ ਨਾਲ ਵਿਆਹੁਣ ਦਾ ਸੰਦੇਸ਼ ਦੇ ਕੇ ਨਾਗਮਣੀ ਵਿੱਚ 1998 ਨੂੰ ਛਪੀ ਮੇਲਾਰਾਮ ਤਾਇਰ ਦੀ ਘੋੜੀ ਅਨੁਸਾਰ ਇੱਕ ਨਿਵੇਕਲੀ ਪਰਿਭਾਸ਼ਾ ਦਿੱਤੀ :-

**ਆਓ ਨੀ ਭੈਣੋ ਚੱਲ ਗਾਈਏ ਨੀ ਘੋੜੀਆਂ, ਜੰਞ ਤੇ ਹੋਈ ਤਿਆਰ ਵੇ ਹਾਂ,**
**ਮੌਤ ਕੁੜੀ ਪ੍ਰਨਾਵਣ ਚੱਲਿਆ, ਦੇਸ਼ ਭਗਤ ਸਰਦਾਰ ਵੇ ਹਾਂ,**
**ਹੰਝੂਆਂ ਦੇ ਪਾਣੀ ਭਰੋ ਨੀ ਘੜੋਲੀ, ਬੈਠੇ ਤਾਂ ਪੈਰਾਂ ਦੇ ਭਾਰ ਵੇ ਹਾਂ।**
**ਫਾਂਸੀ ਦੇ ਤਖਤੇ ਨੂੰ ਖਾਰਾ ਬਣਾ ਕੇ , ਉਹ ਬੈਠਾ ਜੇ ਚੌਕੜੀ ਮਾਰ ਵੇ ਹਾਂ,**
**ਫਾਂਸੀ ਦੀ ਟੋਪੀ ਉਨ੍ਹੇ ਸਿਰ ਤੇ ਸਜਾਈ, ਸੇਹਰਾ ਤਾਂ ਝਾਲਰਦਾਰ ਵੇ ਹਾਂ,**
**ਜੰਡੀ ਤਾਂ ਵੱਢੀ ਲਾੜੇ ਜ਼ੋਰ ਜ਼ੁਲਮ ਦੀ, ਜਬਰਾਂ ਦੀ ਮਾਰੀ ਤਲਵਾਰ ਵੇ ਹਾਂ।**
**ਰਾਜਗੁਰੂ ਸੁਖਦੇਵ ਸਰਬਾਹਲੇ, ਲਾੜਾ ਤੇ ਬੈਠਾ ਵਿਚਕਾਰ ਵੇ ਹਾਂ,**
**ਵਾਗ ਫੜਾਈ ਜਿੰਨ੍ਹਾਂ ਭੈਣਾਂ ਨੇ, ਭੈਣਾਂ ਦਾ ਕੀਤਾ ਹੁਦਾਰ ਵੇ ਹਾਂ।**
**ਹਰੀ ਕ੍ਰਿਸ਼ਨ ਉਹਦਾ ਬਣਿਆਂ ਸਾਂਢੂ, ਢੁੱਕੇ ਤਾਂ ਢੁੱਕੇ ਇੱਕੋ ਵਾਰ ਵੇ ਹਾਂ,**
**ਪੈਂਤੀ ਕਰੋੜ ਤੇਰੇ ਜਾਂਞੀ ਵੇ ਲਾੜਿਆ, ਪੈਦੇਲ ਤੇ ਕਈ ਅਸਵਾਰ ਵੇ ਹਾਂ।**
**ਕਾਲੀਆਂ ਪੁਸ਼ਾਕਾਂ ਪਾ ਕੇ ਜੰਞ ਜੁ ਢੁੱਕੀ, ਤਾਇਰ ਵੀ ਹੋਇਆ ਤਿਆਰ ਵੇ ਹਾਂ**

2. ਬੰਦੂਕ ਤੋਂ ਬਾਅਦ ਕਲਮ ਅਤੇ ਕਿਤਾਬ ਚੁੱਕਣ ਦਾ ਸੰਦੇਸ਼ ਦੇ ਕੇ ਇੱਕ ਨਵੀਂ ਚੇਤਨਾ ਲਹਿਰ ਪੈਦਾ ਕੀਤੀ ਇਸ ਨਾਲ ਆਪਣੀ ਇਨਕਲਾਬੀ ਸੋਚ ਦਾ ਸੁਨੇਹਾ ਦੇ ਕੇ ਨੌਜਵਾਨੀ ਨੂੰ ਦੇਸ਼-ਭਗਤੀ ਦਾ ਸਬਕ ਸੰਤਰਾਮ ਉਦਾਸੀ ਨੂੰ ਇਸ ਤਰ੍ਹਾਂ ਲਿਖਣ ਲਈ ਮਜਬੂਰ ਕਰ ਦਿੱਤਾ :-

**ਮੇਰੀ ਮੌਤ ’ਤੇ ਨਾ ਰੋਇਓ, ਮੇਰੀ ਸੋਚ ਨੂੰ ਬਚਾਇਓ,**
**ਮੇਰੇ ਲਹੂ ਦਾ ਕੇਸਰ ਰੇਤੇ ’ਚ ਨਾ ਰੁਲਾਇਓ।**

3. ਇਹ ਵੀ ਦਰਸਾਇਆ ਕਿ ਖ਼ੂਨ ਨਾਲ ਲਿਖਿਆ ਦੇਸ਼ ਦਾ ਇਤਿਹਾਸ ਕਾਗਜ਼ ਅਤੇ ਸਿਆਹੀ ਨਾਲ ਲਿਖੇ ਇਤਿਹਾਸ ਤੋਂ ਵੱਧ ਇਨਕਲਾਬੀ ਅਤੇ ਨੈਤਿਕ ਨਾਬਰੀ ਦਾ ਪ੍ਰਤੀਕ ਹੁੰਦਾ ਹੈ। ਇਸ ਇਤਿਹਾਸ ਦੀ ਪਹਿਚਾਣ ਮਘਦੇ ਸੂਰਜ, ਚਮਕਦੇ ਚੰਨ ਅਤੇ ਰਹਿੰਦੀ ਦੁਨੀਆ ਤੱਕ ਲਿਸ਼ਕ ਮਾਰਦੀ ਰਹਿੰਦੀ ਹੈ। ਨੌਜਵਾਨੀ ਦਾ ਮਾਰਗ ਦਰਸ਼ਕ ਕਰਕੇ ਜਜ਼ਬੇ ਅਤੇ ਇਨਕਲਾਬ ਦਾ ਸੰਚਾਰ ਵੀ ਖ਼ੂਨੀ ਇਤਿਹਾਸ ਹੀ ਕਰਦਾ ਹੈ ਇਸੇ ਕਰਕੇ ਨੌਜਵਾਨੀ ਭਗਤ ਸਿੰਘ ਸਰਦਾਰ ਤੋਂ ਪ੍ਰੇਰਿਤ ਹੁੰਦੀ ਹੈ। ਦੇਸ਼ ਕੌਮ ਲਈ ਮਰ-ਮਿਟਣ ਅਤੇ ਅਮਰ ਹੋਣ ਲਈ ਤਿਆਰ ਰਹਿੰਦੀ ਹੈ ਦਿਲ ਸੇ ਨਾ ਨਿਕਲੇਗੀ ਮਰਕਰ ਭੀ ਉਲਫ਼ਤ, ਮੇਰੀ ਮਿੱਟੀ ਸੇ ਭੀ ਖ਼ੁਸ਼ਬੂ-ਏ-ਵਤਨ ਆਏਗੀ। ਭਗਤ ਸਿੰਘ ਨੇ ਆਪਣੇ ਸਾਥੀਆਂ ਸਮੇਤ ਇਹ ਸੋਚਿਆ ਹੋਵੇਗਾ ਕਿ ਅਸੀਂ ਆਂ ਪੱਥਰ, ਚਿਣੇ ਜਾਣਾ ਕਿਸੇ ਕੰਧ ’ਚ, ਮਹਿਲ, ਜੇਲ , ਦਰਗਾਹ ਜਾਂ ਕਿਸੇ ਸਮਾਧ ’ਚ ਇਸ ਦੀ ਗਵਾਹੀ ਹੁਸੈਨੀਵਾਲਾ ਵਿਖੇ ਮਿਲਦੀ ਹੈ। ਸਰਦਾਰ ਭਗਤ ਸਿੰਘ ਦਾ ਦੇਸ਼ ਪ੍ਰੇਮ, ਜਜ਼ਬਾ, ਹਿੰਮਤ ਅਤੇ ਸੋਚ ਨੂੰ ਪੜ੍ਹ-ਸੁਣ ਕੇ ਆਪਣੇ ਅੰਦਰ ਝਾਤੀ ਮਾਰਨ ਦੀ ਲੋੜ ਹੈ ਕਿ ਉਸ ਦੀ ਸੋਚ ਸਾਡੇ ਵਿੱਚ ਅੱਜ ਕਿੱਥੇ ਖੜ੍ਹੀ ਹੈ, ਜੇ ਉਸ ਨੂੰ ਸ਼ਹਾਦਤ ਤੋਂ ਬਾਅਦ ਦੀ ਤਸਵੀਰ ਦਾ ਪਤਾ ਹੁੰਦਾ ਤਾਂ ਉਸ ਦਾ ਮਨ ਕੀ ਸੋਚਦਾ? ਅੱਜ ਇਨਕਲਾਬੀ ਸੋਚ ਦਾ ਅਧਿਐਨ ਕਰਕੇ ਦਿਨ-ਦਿਹਾੜੇ ਮਨਾਉਣ ਦੇ ਨਾਲ ਇਸ ਸੋਚ ਨੂੰ ਸਦਾਬਹਾਰ ਬਣਾਉਣ ਦੀ ਲੋੜ ਹੈ। ਸ਼ਹੀਦੇ-ਏ-ਆਜ਼ਮ ਸਰਦਾਰ ਭਗਤ ਸਿੰਘ ਨੂੰ ਉਨ੍ਹਾਂ ਦੀ ਸੋਚ ਅਪਣਾਉਣਾ ਹੀ ਸੱਚੀ ਸ਼ਰਧਾਂਜਲੀ ਹੋਵੇਗੀ।


**ਸੁਖਪਾਲ ਸਿੰਘ ਗਿੱਲ**
**ਸੰਪਰਕ :** 98781-11445

# ਅਮਰੀਕਾ-ਇਜ਼ਰਾਈਲ ਅਤੇ ਇਰਾਨ ਜੰਗ ਦੇ ਭਾਰਤੀ ਵਾਤਾਵਰਣ, ਖੇਤੀਬਾੜੀ, ਊਰਜਾ, ਮਨੁੱਖੀ ਜੀਵਨ ਅਤੇ ਆਰਥਿਕਤਾ ’ਤੇ ਮੰਡਰਾਉਂਦੇ ਬੱਦਲ

ਜ਼ਿਕਰ ਪੰਜਾਬ

ਪੱਛਮੀ ਏਸ਼ੀਆ ਦਾ ਵਧਦਾ ਤਣਾਅ ਹੁਣ ਸਿਰਫ਼ ਇੱਕ ਖੇਤਰੀ ਟਕਰਾਅ ਤੱਕ ਸੀਮਤ ਨਹੀਂ ਰਿਹਾ, ਸਗੋਂ ਇਹ ਇੱਕ ਗਲੋਬਲ ਸੰਕਟ ਦਾ ਰੂਪ ਧਾਰਨ ਕਰ ਚੁੱਕਾ ਹੈ। ਜੇਕਰ ਅਮਰੀਕਾ, ਇਜ਼ਰਾਈਲ ਅਤੇ ਇਰਾਨ ਵਰਗੀਆਂ ਵੱਡੀਆਂ ਤਾਕਤਾਂ ਵਿਚਾਲੇ ਸਿੱਧੀ ਜੰਗ ਛਿੜਦੀ ਹੈ, ਤਾਂ ਇਹ 21ਵੀਂ ਸਦੀ ਦੀ ਸਭ ਤੋਂ ਭਿਆਨਕ ਆਰਥਿਕ ਅਤੇ ਵਾਤਾਵਰਣਕ ਤਬਾਹੀ ਦਾ ਕਾਰਨ ਬਣ ਸਕਦੀ ਹੈ। ਭਾਰਤ, ਜੋ ਅਰਬ ਸਾਗਰ ਰਾਹੀਂ ਇਸ ਖੇਤਰ ਨਾਲ ਭੂਗੋਲਿਕ ਅਤੇ ਵਪਾਰਕ ਤੌਰ ’ਤੇ ਡੂੰਘਾ ਜੁੜਿਆ ਹੋਇਆ ਹੈ, ਇਸ ਦੇ ਵਿਨਾਸ਼ਕਾਰੀ ਪ੍ਰਭਾਵਾਂ ਤੋਂ ਬਚ ਨਹੀਂ ਸਕੇਗਾ। ਮਨੁੱਖੀ ਇਤਿਹਾਸ ਗਵਾਹ ਹੈ ਕਿ ਜੰਗਾਂ ਸਾਡੇ ਵਜੂਦ ਨਾਲ ਸਦੀਆਂ ਤੋਂ ਜੁੜੀਆਂ ਰਹੀਆਂ ਹਨ। ਕਦੇ ਸਰਹੱਦੀ ਵਿਵਾਦਾਂ, ਕਦੇ ਧਾਰਮਿਕ ਕੱਟੜਤਾ, ਕਦੇ ਕੁਦਰਤੀ ਸਰੋਤਾਂ ਦੀ ਅੰਨ੍ਹੀ ਲਾਲਸਾ ਅਤੇ ਕਦੇ ਸਿਆਸੀ ਹੰਕਾਰ ਨੇ ਕੌਮਾਂ ਨੂੰ ਇੱਕ-ਦੂਜੇ ਦੇ ਸਾਹਮਣੇ ਲਿਆ ਖੜ੍ਹਾ ਕੀਤਾ ਹੈ। ਟਕਰਾਅ ਦੇ ਕਾਰਨ ਭਾਵੇਂ ਵੱਖੋ-ਵੱਖਰੇ ਰਹੇ ਹੋਣ, ਪਰ ਅੰਤ ਵਿੱਚ ਹਾਸਲ ਹਮੇਸ਼ਾ ਇੱਕੋ ਰਿਹਾ ਹੈ—ਅਣਮਨੁੱਖੀ ਤਬਾਹੀ, ਅੰਤਾਂ ਦਾ ਦੁੱਖ ਅਤੇ ਕਦੇ ਨਾ ਖ਼ਤਮ ਹੋਣ ਵਾਲਾ ਪਛਤਾਵਾ। ਆਧੁਨਿਕ ਜੰਗਾਂ ਦਾ ਸਰੂਪ ਹੁਣ ਸਿਰਫ਼ ਸਰਹੱਦੀ ਟਕਰਾਅ ਤੱਕ ਸੀਮਤ ਨਹੀਂ ਰਿਹਾ, ਸਗੋਂ ਇਹ ਮਿਜ਼ਾਈਲਾਂ, ਡਰੋਨਾਂ ਅਤੇ ਰਸਾਇਣਕ ਹਥਿਆਰਾਂ ਰਾਹੀਂ ਮਨੁੱਖਤਾ ਅਤੇ ਵਾਤਾਵਰਣ ਲਈ ਇੱਕ ਵੱਡਾ ਖ਼ਤਰਾ ਬਣ ਚੁੱਕੀਆਂ ਹਨ। ਇਰਾਨ ਅਤੇ ਇਜ਼ਰਾਈਲ ਵਰਗੇ ਮੁਲਕਾਂ ਕੋਲ ਉੱਨਤ ਮਿਜ਼ਾਈਲ ਪ੍ਰਣਾਲੀ ਅਤੇ ਪਰਮਾਣੂ ਤਕਨੀਕ ਹੈ, ਜਿਨ੍ਹਾਂ ਦੀ ਵਰਤੋਂ ਨਾਲ ਤੇਲ ਭੰਡਾਰਾਂ, ਰਸਾਇਣਕ ਪਲਾਂਟਾਂ ਜਾਂ ਪ੍ਰਮਾਣੂ ਕੇਂਦਰਾਂ ’ਤੇ ਕੀਤੇ ਗਏ ਹਮਲੇ ਵਾਯੂਮੰਡਲ ਵਿੱਚ ਨਾਈਟ?ਰੋਜਨ ਆਕਸਾਈਡ, ਸਲਫਰ ਡਾਈਆਕਸਾਈਡ ਅਤੇ ਰੇਡੀਓ-ਐਕਟਿਵ ਕਣਾਂ ਦਾ ਜ਼ਹਿਰ ਘੋਲ ਸਕਦੇ ਹਨ। ਜੰਗ ਦੌਰਾਨ ਵਰਤੇ ਜਾਣ ਵਾਲੇ ਲੜਾਕੂ ਜਹਾਜ਼ਾਂ ਦਾ ਬਾਲਣ ਨਿਕਾਸ (ਇੱਕ ਮੀਲ ਲਈ ਲਗਭਗ 4 ਗੈਲਨ) ਇੰਨੀ ਵੱਡੀ ਮਾਤਰਾ ਵਿੱਚ ਕਾਰਬਨ ਡਾਈਆਕਸਾਈਡ ਪੈਦਾ ਕਰੇਗਾ ਜੋ ਕਿਸੇ ਦੇਸ਼ ਦੇ ਸਾਲਾਨਾ ਪ੍ਰਦੂਸ਼ਣ ਦੇ ਬਰਾਬਰ ਹੋ ਸਕਦਾ ਹੈ। ਭਾਰਤ ਲਈ ਇਹ ਸਥਿਤੀ ਹੋਰ ਵੀ ਭਿਆਨਕ ਹੋਵੇਗੀ, ਕਿਉਂਕਿ ਪੱਛਮੀ ਹਵਾਵਾਂ ਇਹਨਾਂ ਜ਼ਹਿਰੀਲੇ ਪ੍ਰਦੂਸ਼ਕਾਂ ਨੂੰ ਗੁਜਰਾਤ, ਮਹਾਰਾਸ਼ਟਰ, ਪੰਜਾਬ ਅਤੇ ਰਾਜਸਥਾਨ ਵਰਗੇ ਸੂਬਿਆਂ ਵੱਲ ਲੈ ਕੇ ਆਉਣਗੀਆਂ। ਇਸ ਨਾਲ ਨਾ ਸਿਰਫ਼ ‘ਸਮੋਗ’ ਦੀ ਸਮੱਸਿਆ ਵਧੇਗੀ, ਸਗੋਂ ਭਾਰਤੀ ਆਬਾਦੀ ਵਿੱਚ ਫੇਫੜਿਆਂ ਦੇ ਰੋਗ, ਚਮੜੀ ਦੀਆਂ ਬਿਮਾਰੀਆਂ ਅਤੇ ਕੈਂਸਰ ਵਰਗੇ ਜਾਨਲੇਵਾ ਖ਼ਤਰੇ ਵੀ ਕਈ ਗੁਣਾ ਵਧ ਜਾਣਗੇ। ਤਹਿਰਾਨ ਤੋਂ ਦਿੱਲੀ ਦੀ ਲਗਭਗ 2500 ਕਿਲੋਮੀਟਰ ਦੀ ਦੂਰੀ ਆਧੁਨਿਕ ਜੰਗ ਦੇ ਵਿਨਾਸ਼ਕਾਰੀ ਪ੍ਰਭਾਵਾਂ ਨੂੰ ਰੋਕਣ ਲਈ ਕਾਫ਼ੀ ਨਹੀਂ ਹੈ। ਤੇਜ਼ ਪੱਛਮੀ ਹਵਾਵਾਂ ਰੇਡੀਓ-ਐਕਟਿਵ ਕਣਾਂ ਨੂੰ ਮਹਿਜ਼ 24 ਤੋਂ 48 ਘੰਟਿਆਂ ਵਿੱਚ ਭਾਰਤ ਪਹੁੰਚਾ ਸਕਦੀਆਂ ਹਨ, ਜਿਸ ਕਾਰਨ ‘ਬਲੈਕ ਰੇਨ’ (ਕਾਲੀ ਵਰਖਾ) ਵਰਗੀ ਭਿਆਨਕ ਸਥਿਤੀ ਪੈਦਾ ਹੋ ਸਕਦੀ ਹੈ। ਜੰਗ ਦੇ ਵਾਤਾਵਰਣਕ ਪ੍ਰਭਾਵ ਸਿਰਫ਼ ਧੂੰਏਂ ਤੱਕ ਸੀਮਤ ਨਹੀਂ ਹਨ, ਸਗੋਂ ਇਹ ਧਰਤੀ ਦੇ ਕੁਦਰਤੀ ਤੰਤਰ ਨੂੰ ਸਥਾਈ ਤੌਰ ’ਤੇ ਵਿਗਾੜ ਸਕਦੇ ਹਨ। ਜਦੋਂ ਜੰਗੀ ਜਹਾਜ਼ ਅਤੇ ਮਿਜ਼ਾਈਲਾਂ ਸਮਾਨਤਾਪ ਮੰਡਲ ਵਿੱਚੋਂ ਲੰਘਦੀਆਂ ਹਨ, ਤਾਂ ਉਹ ਵੱਡੀ ਮਾਤਰਾ ਵਿੱਚ ਨਾਈਟ੍ਰਿਕ ਆਕਸਾਈਡ ਛੱਡਦੀਆਂ ਹਨ, ਜੋ ਓਜ਼ੋਨ ਪਰਤ ਨੂੰ ਪਤਲਾ ਕਰਨ ਦਾ ਮੁੱਖ ਕਾਰਨ ਬਣਦੀ ਹੈ। ਜੇਕਰ ਅਮਰੀਕਾ ਅਤੇ ਇਜ਼ਰਾਈਲ ਵਰਗੀਆਂ ਸ਼ਕਤੀਆਂ ਵੱਲੋਂ ਲਗਾਤਾਰ ਹਵਾਈ ਹਮਲੇ ਕੀਤੇ ਜਾਂਦੇ ਹਨ, ਤਾਂ ਓਜ਼ੋਨ ਪਰਤ ਵਿੱਚ ਹੋਣ ਵਾਲੀ ਛੇਕ ਦਾ ਸਿੱਧਾ ਅਸਰ ਭਾਰਤੀ ਉਪ-ਮਹਾਂਦੀਪ ’ਤੇ ਪਵੇਗਾ। ਸੂਰਜ ਦੀਆਂ ਹਾਨੀਕਾਰਕ ਪਰਾਬੈਂਗਣੀ ਕਿਰਨਾਂ ਸਿੱਧੀਆਂ ਭਾਰਤੀ ਧਰਤੀ ’ਤੇ ਪਹੁੰਚ ਕੇ ਲੋਕਾਂ ਵਿੱਚ ਅੱਖਾਂ ਦੇ ਰੋਗ ਅਤੇ ਚਮੜੀ ਦੇ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਦੇ ਖ਼ਤਰੇ ਨੂੰ ਕਈ ਗੁਣਾ ਵਧਾ ਦੇਣਗੀਆਂ। ਆਧੁਨਿਕ ਜੰਗਾਂ ਵਿੱਚ ਵਰਤੇ ਜਾਣ ਵਾਲੇ ਮਾਰੂ ਵਿਸਫੋਟਕਾਂ ਵਿੱਚ ਸਿੱਕਾ, ਪਾਰਾ ਅਤੇ ਯੂਰੇਨੀਅਮ ਵਰਗੀਆਂ ਭਾਰੀ ਧਾਤਾਂ ਦਾ ਵੱਡੀ ਮਾਤਰਾ ਵਿੱਚ ਪ੍ਰਯੋਗ ਹੁੰਦਾ ਹੈ। ਇਹ ਜ਼ਹਿਰੀਲੇ ਤੱਤ ਮਿੱਟੀ ਵਿੱਚ ਜਜ਼ਬ ਹੋ ਕੇ ਮੀਂਹ ਦੇ ਪਾਣੀ ਰਾਹੀਂ ਨਦੀਆਂ ਅਤੇ ਭੂਮੀਗਤ ਜਲ ਸਰੋਤਾਂ ਵਿੱਚ ਰਿਸ ਜਾਂਦੇ ਹਨ। ਅਰਬ ਸਾਗਰ ਰਾਹੀਂ ਹੋਣ ਵਾਲੇ ਵਾਸ਼ਪੀਕਰਨ ਦੀ ਪ੍ਰਕਿਰਿਆ ਦੌਰਾਨ ਜਦੋਂ ਇਹ ਘਾਤਕ ਕਣ ਬੱਦਲਾਂ ਵਿੱਚ ਸ਼ਾਮਲ ਹੋ ਕੇ ਭਾਰਤ ਵਿੱਚ ‘ਮਾਨਸੂਨ’ ਦੇ ਰੂਪ ਵਿੱਚ ਬਰਸਣਗੇ, ਤਾਂ ਇਹ ਸਾਡੇ ਪੀਣ ਵਾਲੇ ਪਾਣੀ ਦੇ ਕੁਦਰਤੀ ਭੰਡਾਰਾਂ ਨੂੰ ਗੰਭੀਰ ਰੂਪ ਵਿੱਚ ਪ੍ਰਦੂਸ਼ਿਤ ਕਰ ਦੇਣਗੇ। ਇਰਾਨ ਦੇ ਕਬਜ਼ੇ ਹੇਠਲਾ ‘ਹੋਰਮੂਜ਼ ਜਲਡਮਰੂ’ ਵਿਸ਼ਵ ਦਾ ਸਭ ਤੋਂ ਮਹੱਤਵਪੂਰਨ ਸਮੁੰਦਰੀ ਲਾਂਘਾ ਹੈ, ਜਿੱਥੋਂ ਰੋਜ਼ਾਨਾ ਲਗਭਗ 21 ਮਿਲੀਅਨ ਬੈਰਲ ਤੇਲ ਦੀ ਸਪਲਾਈ ਹੁੰਦੀ ਹੈ। ਭਾਰਤ ਦਾ 70% ਵਪਾਰ ਸਮੁੰਦਰੀ ਰਸਤਿਆਂ ’ਤੇ ਨਿਰਭਰ ਹੋਣ ਕਾਰਨ, ਇਸ ਮਾਰਗ ਵਿੱਚ ਪੈਦਾ ਹੋਣ ਵਾਲੀ ਰੁਕਾਵਟ ਕਾਂਡਲਾ, ਮੁੰਬਈ ਅਤੇ ਜਵਾਹਰ ਲਾਲ ਨਹਿਰੂ ਵਰਗੀਆਂ ਪ੍ਰਮੁੱਖ ਬੰਦਰਗਾਹਾਂ ’ਤੇ ਆਵਾਜਾਈ ਨੂੰ ਪੂਰੀ ਤਰ੍ਹਾਂ ਠੱਪ ਕਰ ਦੇਵੇਗੀ। ਜੇਕਰ ਜੰਗ ਦੌਰਾਨ ਤੇਲ ਦੇ ਟੈਂਕਰਾਂ ਨੂੰ ਨੁਕਸਾਨ ਪਹੁੰਚਦਾ ਹੈ, ਤਾਂ ਅਰਬ ਸਾਗਰ ਵਿੱਚ ਫੈਲਣ ਵਾਲਾ ਲੱਖਾਂ ਗੈਲਨ ਕੱਚਾ ਤੇਲ ਭਾਰਤ ਦੇ ਪੱਛਮੀ ਤੱਟਾਂ (ਮੁੰਬਈ, ਗੋਆ, ਕੇਰਲ) ਤੱਕ ਪਹੁੰਚ ਕੇ ਸਮੁੰਦਰੀ ਜੀਵਾਂ ਅਤੇ ਕੋਰਲ ਰੀਫਸ ਨੂੰ ਤਬਾਹ ਕਰ ਦੇਵੇਗਾ। ਭਾਰਤ ਦੀ 7,517 ਕਿਲੋਮੀਟਰ ਲੰਬੀ ਤੱਟਵਰਤੀ ਰੇਖਾ ਅਤੇ ਇਸ ’ਤੇ ਨਿਰਭਰ ਲਗਭਗ 40 ਲੱਖ ਮਛੇਰਿਆਂ ਲਈ ਇਹ ਸਥਿਤੀ ਇੱਕ ਵੱਡਾ ਰੋਜ਼ੀ-ਰੋਟੀ ਦਾ ਸੰਕਟ ਬਣ ਜਾਵੇਗੀ। ਸਮੁੰਦਰੀ ਪਾਣੀ ਵਿੱਚ ਤੇਲ ਦੇ ਰਿਸਾਅ ਕਾਰਨ ਹੋਣ ਵਾਲੀ ਆਕਸੀਜਨ ਦੀ ਕਮੀ ਮੱਛੀਆਂ ਦੇ ਅਕਾਲ ਦਾ ਕਾਰਨ ਬਣ ਸਕਦੀ ਹੈ, ਜਿਸ ਨਾਲ ਨਾ ਸਿਰਫ਼ ਮਛੇਰਿਆਂ ਦਾ ਰੋਜ਼ਗਾਰ ਖਤਮ ਹੋਵੇਗਾ, ਸਗੋਂ ਪ੍ਰੋਟੀਨ ਦੇ ਸਭ ਤੋਂ ਸਸਤੇ ਸਰੋਤ ‘ਮੱਛੀ’ ਦੀਆਂ ਕੀਮਤਾਂ ਵਧਣ ਨਾਲ ਦੇਸ਼ ਦੀ ਖ਼ੁਰਾਕੀ ਸੁਰੱਖਿਆ ’ਤੇ ਵੀ ਮਾੜਾ ਅਸਰ ਪਵੇਗਾ। ਭਾਰਤ ਵਰਗੇ ਖੇਤੀ ਪ੍ਰਧਾਨ ਦੇਸ਼ ਲਈ ਵਾਤਾਵਰਣ ਵਿੱਚ ਆਉਣ ਵਾਲੀ ਮਾਮੂਲੀ ਤਬਦੀਲੀ ਵੀ ਅੰਨ ਸੁਰੱਖਿਆ ਲਈ ਵੱਡਾ ਖ਼ਤਰਾ ਬਣ ਸਕਦੀ ਹੈ। ਜੰਗੀ ਧਮਾਕਿਆਂ ਕਾਰਨ ਵਾਯੂਮੰਡਲ ਵਿੱਚ ਫੈਲੀ ਸਲਫਰ ਦੀ ਬਹੁਤਾਤ ਜਦੋਂ ਮੀਂਹ ਦੇ ਪਾਣੀ ਨਾਲ ਮਿਲਦੀ ਹੈ, ਤਾਂ ਇਹ ‘ਤੇਜ਼ਾਬੀ ਵਰਖਾ’ ਦਾ ਰੂਪ ਧਾਰਨ ਕਰ ਲੈਂਦੀ ਹੈ। ਇਹ ਜ਼ਹਿਰੀਲੀ ਵਰਖਾ ਭਾਰਤੀ ਖੇਤਾਂ ਦੀ ਉਪਜਾਊ ਸ਼ਕਤੀ ਨੂੰ ਨਸ਼ਟ ਕਰ ਸਕਦੀ ਹੈ ਅਤੇ ਕਣਕ ਤੇ ਝੋਨੇ ਵਰਗੀਆਂ ਮੁੱਖ ਫ਼ਸਲਾਂ ਨੂੰ ਸਿੱਧਾ ਨੁਕਸਾਨ ਪਹੁੰਚਾ ਸਕਦੀ ਹੈ। ਇਸ ਦੇ ਨਾਲ ਹੀ, ਭਾਰਤ ਆਪਣੀ ਖਾਦਾਂ ਦੀ ਪੈਦਾਵਾਰ ਲਈ ਲੋੜੀਂਦੇ ਕੱਚੇ ਮਾਲ ਅਤੇ ਕੁਦਰਤੀ ਗੈਸ ਲਈ ਵੱਡੇ ਪੱਧਰ ’ਤੇ ਮਿਡਲ ਈਸਟ (ਪੱਛਮੀ ਏਸ਼ੀਆ) ’ਤੇ ਨਿਰਭਰ ਹੈ। ਜੰਗ ਕਾਰਨ ਸਪਲਾਈ ਚੇਨ ਪ੍ਰਭਾਵਿਤ ਹੋਣ ਨਾਲ ਡੀ.ਏ.ਪੀ. ਅਤੇ ਯੂਰੀਆ ਵਰਗੀਆਂ ਜ਼ਰੂਰੀ ਖਾਦਾਂ ਦੀਆਂ ਕੀਮਤਾਂ ਵਿੱਚ ਭਾਰੀ ਉਛਾਲ ਆਵੇਗਾ। ਇਸ ਨਾਲ ਨਾ ਸਿਰਫ਼ ਕਿਸਾਨਾਂ ਦੀ ਖੇਤੀ ਲਾਗਤ ਵਧੇਗੀ, ਸਗੋਂ ਪੂਰੇ ਦੇਸ਼ ਵਿੱਚ ਅਨਾਜ ਦੀਆਂ ਕੀਮਤਾਂ ਵਧਣ ਕਾਰਨ ਆਮ ਜਨਤਾ ’ਤੇ ਮਹਿੰਗਾਈ ਦਾ ਬੋਝ ਵੀ ਵਧ ਜਾਵੇਗਾ। ਭਾਰਤ ਆਪਣੀ ਊਰਜਾ ਲੋੜਾਂ ਲਈ ਬਹੁਤ ਜ਼ਿਆਦਾ ਵਿਦੇਸ਼ੀ ਦਰਾਮਦ ’ਤੇ ਨਿਰਭਰ ਹੈ, ਜਿੱਥੇ 85% ਕੱਚਾ ਤੇਲ ਅਤੇ 50% ਕੁਦਰਤੀ ਗੈਸ ਬਾਹਰੋਂ ਮੰਗਵਾਈ ਜਾਂਦੀ ਹੈ; ਇਸ ਸਪਲਾਈ ਦਾ ਲਗਭਗ 60% ਹਿੱਸਾ ਇਕੱਲੇ ਖਾੜੀ ਦੇਸ਼ਾਂ ਤੋਂ ਆਉਂਦਾ ਹੈ। ਆਰਥਿਕ ਮਾਹਿਰਾਂ ਅਨੁਸਾਰ, ਕੱਚੇ ਤੇਲ ਦੀਆਂ ਕੀਮਤਾਂ ਵਿੱਚ ਮਹਿਜ਼ 10 ਡਾਲਰ ਪ੍ਰਤੀ ਬੈਰਲ ਦਾ ਵਾਧਾ ਭਾਰਤ ਦੀ ਜੀ.ਡੀ.ਪੀ. ਵਿੱਚ 0.3% ਦੀ ਗਿਰਾਵਟ ਲਿਆ ਸਕਦਾ ਹੈ ਅਤੇ ਮਹਿੰਗਾਈ ਨੂੰ 0.4% ਤੱਕ ਵਧਾ ਸਕਦਾ ਹੈ। ਜੇਕਰ ਇਹ ਕੀਮਤਾਂ 150 ਡਾਲਰ ਪ੍ਰਤੀ ਬੈਰਲ ਦਾ ਅੰਕੜਾ ਪਾਰ ਕਰਦੀਆਂ ਹਨ, ਤਾਂ ਆਵਾਜਾਈ ਦੇ ਖਰਚੇ ਵਧਣ ਕਾਰਨ ਫਲ, ਸਬਜ਼ੀਆਂ ਅਤੇ ਹੋਰ ਰੋਜ਼ਾਨਾ ਦੀਆਂ ਜ਼ਰੂਰੀ ਵਸਤਾਂ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਜਾਣਗੀਆਂ। ਇਸ ਸੰਕਟ ਦਾ ਅਸਰ ਸਿਰਫ਼ ਮਹਿੰਗਾਈ ਤੱਕ ਸੀਮਤ ਨਹੀਂ ਰਹੇਗਾ, ਸਗੋਂ ਡਾਲਰ ਦੇ ਮੁਕਾਬਲੇ ਰੁਪਏ ਦੀ ਘਟਦੀ ਕੀਮਤ ਭਾਰਤ ਦੇ ਵਿਦੇਸ਼ੀ ਮੁਦਰਾ ਭੰਡਾਰ ’ਤੇ ਭਾਰੀ ਦਬਾਅ ਪਾਵੇਗੀ। ਜੰਗ ਦੇ ਡਰ ਕਾਰਨ ਨਿਵੇਸ਼ਕਾਂ ਵੱਲੋਂ ਪੂੰਜੀ ਕੱਢਣ ਨਾਲ ਸ਼ੇਅਰ ਬਾਜ਼ਾਰ ਵਿੱਚ ਆਉਣ ਵਾਲੀ ਗਿਰਾਵਟ ਆਮ ਲੋਕਾਂ ਦੀ ਬਚਤ ਅਤੇ ਮਿਉਚਲ ਫੰਡਾਂ ਨੂੰ ਵੱਡਾ ਮਾਲੀ ਝਟਕਾ ਦੇ ਸਕਦੀ ਹੈ, ਜੋ ਦੇਸ਼ ਦੀ ਸਮੁੱਚੀ ਆਰਥਿਕ ਸਥਿਰਤਾ ਨੂੰ ਹਿਲਾ ਕੇ ਰੱਖ ਦੇਵੇਗੀ। ਖਾੜੀ ਦੇਸ਼ਾਂ ਵਿੱਚ ਵਸਦੇ ਲਗਭਗ 90 ਲੱਖ ਭਾਰਤੀ ਨਾ ਸਿਰਫ਼ ਉੱਥੋਂ ਦੇ ਵਿਕਾਸ ਵਿੱਚ ਹਿੱਸਾ ਪਾ ਰਹੇ ਹਨ, ਸਗੋਂ ਉਹ ਭਾਰਤੀ ਆਰਥਿਕਤਾ ਦੇ ਮਜ਼ਬੂਤ ਥੰਮ?ਹ ਵੀ ਹਨ। ਪੱਛਮੀ ਏਸ਼ੀਆ ਵਿੱਚ ਜੰਗ ਦੇ ਹਾਲਾਤ ਪੈਦਾ ਹੋਣ ’ਤੇ ਜੇਕਰ ਇਹਨਾਂ ਭਾਰਤੀਆਂ ਨੂੰ ਵੱਡੇ ਪੱਧਰ ’ਤੇ ਵਤਨ ਵਾਪਸੀ ਕਰਨੀ ਪੈਂਦੀ ਹੈ, ਤਾਂ ਭਾਰਤ ਵਿੱਚ ਬੇਰੁਜ਼ਗਾਰੀ ਦਾ ਸੰਕਟ ਇੱਕ ਬੇਕਾਬੂ ਅਤੇ ਭਿਆਨਕ ਰੂਪ ਅਖ਼ਤਿਆਰ ਕਰ ਲਵੇਗਾ। ਇਸ ਦਾ ਸਭ ਤੋਂ ਵੱਡਾ ਮਾੜਾ ਅਸਰ ‘ਰੇਮੀਟੈਂਸ’ (ਵਿਦੇਸ਼ਾਂ ਤੋਂ ਆਉਣ ਵਾਲੀ ਕਮਾਈ) ’ਤੇ ਪਵੇਗਾ, ਜੋ ਭਾਰਤ ਦੇ ਵਿਦੇਸ਼ੀ ਮੁਦਰਾ ਭੰਡਾਰ ਅਤੇ ਜੀ.ਡੀ.ਪੀ. ਦਾ ਇੱਕ ਅਹਿਮ ਹਿੱਸਾ ਹੈ। ਇਸ ਆਮਦਨ ਵਿੱਚ ਕਮੀ ਆਉਣ ਨਾਲ ਦੇਸ਼ ਦੀ ਅੰਦਰੂਨੀ ਆਰਥਿਕ ਸਥਿਰਤਾ ਨੂੰ ਗੰਭੀਰ ਝਟਕਾ ਲੱਗੇਗਾ। ਭਾਰਤ ਦੀ ਖੇਤੀਬਾੜੀ ਅਤੇ ਪੇਂਡੂ ਆਰਥਿਕਤਾ ਲਈ ਇਰਾਨ ਅਤੇ ਖਾੜੀ ਦੇਸ਼ਾਂ ਦਾ ਸੰਕਟ ਇੱਕ ਅਣਕਿਆਸੀ ਤਬਾਹੀ ਸਾਬਤ ਹੋ ਸਕਦਾ ਹੈ। ਭਾਰਤ ਵਿੱਚ ਟਰੈਕਟਰਾਂ, ਵਾਢੀ ਦੀਆਂ ਮਸ਼ੀਨਾਂ ਅਤੇ ਟਿਊਬਵੈੱਲਾਂ ਦਾ ਸੰਚਾਲਨ ਪੂਰੀ ਤਰ੍ਹਾਂ ਡੀਜ਼ਲ ਦੀਆਂ ਕੀਮਤਾਂ ’ਤੇ ਨਿਰਭਰ ਹੈ। ਜੇਕਰ ਜੰਗ ਕਾਰਨ ਡੀਜ਼ਲ ਦੀਆਂ ਕੀਮਤਾਂ 150-200 ਰੁਪਏ ਪ੍ਰਤੀ ਲੀਟਰ ਤੱਕ ਪਹੁੰਚਦੀਆਂ ਹਨ, ਤਾਂ ਪੰਜਾਬ ਅਤੇ ਹਰਿਆਣਾ ਵਰਗੇ ਖੇਤੀ ਪ੍ਰਧਾਨ ਸੂਬਿਆਂ ਵਿੱਚ ਉਤਪਾਦਨ ਲਾਗਤ ਇੰਨੀ ਵਧ ਜਾਵੇਗੀ ਕਿ ਖੇਤੀ ਲਾਹੇਵੰਦ ਧੰਦਾ ਨਹੀਂ ਰਹੇਗੀ।





ਡਾ. ਕ੍ਰਿਸ਼ਨ ਲਾਲ

ਅਮਰੀਕਾ, ਇਜ਼ਰਾਈਲ ਅਤੇ ਇਰਾਨ ਦਰਮਿਆਨ ਵਧਦਾ ਟਕਰਾਅ ਮਹਿਜ਼ ਕੁਝ ਮੁਲਕਾਂ ਦੀ ਜੰਗ ਨਹੀਂ, ਸਗੋਂ ਇਹ ‘ਤੀਜੀ ਵਿਸ਼ਵ ਜੰਗ’ ਦਾ ਅਸ਼ੁਭ ਆਗਾਜ਼ ਸਾਬਤ ਹੋ ਸਕਦਾ ਹੈ। ਭਾਰਤ ਲਈ ਇਸ ਦੇ ਸਿੱਟੇ ਕਿਸੇ ਭਿਆਨਕ ਕੁਦਰਤੀ ਆਫ਼ਤ ਤੋਂ ਘੱਟ ਨਹੀਂ ਹੋਣਗੇ। ਇਸ ਜੰਗ ਦਾ ਪ੍ਰਭਾਵ ਸਾਡੀ ਫ਼?ਜ਼ਾ ਵਿੱਚ ਘੁਲੇ ਜ਼ਹਿਰ, ਤੇਲ ਨਾਲ ਕਾਲੇ ਹੋਏ ਸਮੁੰਦਰਾਂ ਅਤੇ ਮਹਿੰਗਾਈ ਦੇ ਉਸ ਅਸਹਿ ਬੋਝ ਵਜੋਂ ਨਿਕਲੇਗਾ, ਜਿਸ ਦਾ ਸੇਕ ਦਹਾਕਿਆਂ ਤੱਕ ਮਹਿਸੂਸ ਕੀਤਾ ਜਾਵੇਗਾ। ਇਹ ਟਕਰਾਅ ਭਾਰਤ ਦੇ ਇੱਕ ਆਮ ਨਾਗਰਿਕ ਦੀ ਰਸੋਈ ਦੇ ਬਜਟ ਤੋਂ ਲੈ ਕੇ ਉਸ ਦੇ ਸਾਹ ਲੈਣ ਵਾਲੀ ਹਵਾ ਤੱਕ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਨ ਦੀ ਸਮਰੱਥਾ ਰੱਖਦਾ ਹੈ। ਇਸ ਗਲੋਬਲ ਸੰਕਟ ਦੇ ਮੱਦੇਨਜ਼ਰ, ਭਾਰਤ ਲਈ ਹੁਣ ‘ਊਰਜਾ ਸੁਤੰਤਰਤਾ’ ਮਹਿਜ਼ ਇੱਕ ਟੀਚਾ ਨਹੀਂ ਸਗੋਂ ਹੋਂਦ ਦੀ ਲੜਾਈ ਹੈ। ਸਾਨੂੰ ਸੂਰਜੀ ਊਰਜਾ, ਸ਼ਾਂਤੀਪੂਰਨ ਪਰਮਾਣੂ ਊਰਜਾ ਅਤੇ ਹਾਈਡ?ਰੋਜਨ ਬਾਲਣ ਦੇ ਖੇਤਰ ਵਿੱਚ ਜੰਗੀ ਪੱਧਰ ’ਤੇ ਨਿਵੇਸ਼ ਵਧਾਉਣ ਦੀ ਲੋੜ ਹੈ ਤਾਂ ਜੋ ਵਿਦੇਸ਼ੀ ਧਰਤੀ ’ਤੇ ਲੱਗੀ ਜੰਗ ਦੀ ਅੱਗ ਸਾਡੀ ਤਰੱਕੀ ਦੇ ਰਾਹ ਨਾ ਰੋਕ ਸਕੇ। ਅੱਜ ਦੇ ਅੰਤਰ-ਨਿਰਭਰ ਯੁੱਗ ਵਿੱਚ ਕੋਈ ਵੀ ਦੇਸ਼ ਅਲੱਗ-ਥਲੱਗ ਨਹੀਂ ਰਹਿ ਸਕਦਾ। ਇਸ ਲਈ, ਵਿਸ਼ਵ ਸ਼ਾਂਤੀ ਹੁਣ ਸਿਰਫ਼ ਇੱਕ ਨੈਤਿਕ ਲੋੜ ਨਹੀਂ, ਸਗੋਂ ਭਾਰਤ ਦੀ ਆਰਥਿਕਤਾ ਅਤੇ ਵਾਤਾਵਰਣ ਨੂੰ ਜਿਉਂਦਾ ਰੱਖਣ ਲਈ ਇੱਕ ਲਾਜ਼ਮੀ ਸ਼ਰਤ ਬਣ ਚੁੱਕੀ ਹੈ। ਭਾਰਤ ਲਈ ਪੱਛਮੀ ਏਸ਼ੀਆ ਦੀ ਇਹ ਸਥਿਤੀ ਇੱਕ ‘ਦੋ-ਧਾਰੀ ਤਲਵਾਰ’ ਸਾਬਤ ਹੋਵੇਗੀ, ਜਿੱਥੇ ਕੂਟਨੀਤਕ ਸੰਤੁਲਨ ਬਣਾਏ ਰੱਖਣਾ ਕਿਸੇ ਵੱਡੀ ਚੁਣੌਤੀ ਤੋਂ ਘੱਟ ਨਹੀਂ ਹੋਵੇਗਾ। ਇੱਕ ਪਾਸੇ ਇਜ਼ਰਾਈਲ ਭਾਰਤ ਦਾ ਅਹਿਮ ਰੱਖਿਆ ਅਤੇ ਤਕਨੀਕੀ ਸਹਿਯੋਗੀ ਹੈ, ਉੱਥੇ ਹੀ ਦੂਜੇ ਪਾਸੇ ਅਮਰੀਕਾ ਸਾਡਾ ਸਭ ਤੋਂ ਵੱਡਾ ਵਪਾਰਕ ਭਾਈਵਾਲ ਹੈ। ਇਸ ਦੇ ਉਲਟ, ਇਰਾਨ ਭਾਰਤ ਲਈ ਰਣਨੀਤਕ ਤੌਰ ’ਤੇ ਬਹੁਤ ਮਹੱਤਵਪੂਰਨ ਹੈ ਕਿਉਂਕਿ ‘ਚਾਬਹਾਰ ਬੰਦਰਗਾਹ’ ਰਾਹੀਂ ਹੀ ਭਾਰਤ ਦੀ ਮੱਧ ਏਸ਼ੀਆ ਅਤੇ ਯੂਰਪ ਤੱਕ ਪਹੁੰਚ ਸੰਭਵ ਹੈ। ਅਜਿਹੇ ਗੁੰਝਲਦਾਰ ਹਾਲਾਤ ਵਿੱਚ ਭਾਰਤ ਲਈ ਆਪਣੀ ਰਵਾਇਤੀ ‘ਗੁੱਟ-ਨਿਰਲੇਪਤਾ’ ਅਤੇ ਸ਼ਾਂਤੀ ਦੀ ਨੀਤੀ ’ਤੇ ਕਾਇਮ ਰਹਿਣਾ ਬੇਹੱਦ ਮੁਸ਼ਕਲ ਹੋ ਜਾਵੇਗਾ, ਕਿਉਂਕਿ ਕਿਸੇ ਵੀ ਇੱਕ ਧਿਰ ਵੱਲ ਝੁਕਾਅ ਭਾਰਤ ਦੇ ਕੌਮੀ ਹਿੱਤਾਂ ਲਈ ਨੁਕਸਾਨਦੇਹ ਸਾਬਤ ਹੋ ਸਕਦਾ ਹੈ।

**ਸੰਪਰਕ :** 62831-16797

# ਏਸ਼ੀਆ ਦੁਨੀਆ ਭਰ ਦੀਆਂ ਸਾਜ਼ਿਸ਼ਾਂ ਦਾ ਸ਼ਿਕਾਰ ਹੈ

ਜ਼ਿਕਰ ਪੰਜਾਬ

ਏਸ਼ੀਆ ਦਾ ਭੂ-ਰਾਜਨੀਤਿਕ ਦ੍ਰਿਸ਼ ਸਦੀਆਂ ਤੋਂ ਟਕਰਾਅ, ਦਖਲਅੰਦਾਜ਼ੀ ਅਤੇ ਸਾਜ਼ਿਸ਼ਾਂ ਨਾਲ ਭਰਿਆ ਰਿਹਾ ਹੈ। ਇਹ ਮਹਾਂਦੀਪ ਨਾ ਸਿਰਫ਼ ਆਬਾਦੀ ਅਤੇ ਸੱਭਿਆਚਾਰ ਦਾ ਕੇਂਦਰ ਹੈ, ਸਗੋਂ ਕੁਦਰਤੀ ਸਰੋਤਾਂ ਦੇ ਮਾਮਲੇ ਵਿੱਚ ਵੀ ਦੁਨੀਆ ਦਾ ਸਭ ਤੋਂ ਅਮੀਰ ਖੇਤਰ ਮੰਨਿਆ ਜਾਂਦਾ ਹੈ। ਫਿਰ ਵੀ, ਵਿਅੰਗਾਤਮਕ ਤੌਰ ’ਤੇ, ਇਹੀ ਏਸ਼ੀਆ ਵਾਰ-ਵਾਰ ਯੁੱਧ, ਅਸਥਿਰਤਾ ਅਤੇ ਗਰੀਬੀ ਦੀਆਂ ਅੱਗਾਂ ਵਿੱਚ ਡੁੱਬਿਆ ਰਿਹਾ ਹੈ। ਭਾਵੇਂ ਇਹ ਈਰਾਨ-ਪਾਕਿਸਤਾਨ ਸਰਹੱਦ ’ਤੇ ਵਧਦਾ ਤਣਾਅ ਹੋਵੇ ਜਾਂ ਕੰਬੋਡੀਆ ਅਤੇ ਥਾਈਲੈਂਡ ਵਿਚਕਾਰ ਸਰਹੱਦੀ ਟਕਰਾਅ, ਇਹ ਘਟਨਾਵਾਂ ਸਿਰਫ਼ ਸੰਜੋਗ ਨਹੀਂ ਜਾਪਦੀਆਂ। ਇਨ੍ਹਾਂ ਦੇ ਪਿੱਛੇ, ਇੱਕ ਵਿਆਪਕ ਵਿਸ਼ਵਵਿਆਪੀ ਰਣਨੀਤੀ ਕੰਮ ਕਰ ਰਹੀ ਜਾਪਦੀ ਹੈ, ਜਿਸ ਵਿੱਚ ਬਾਹਰੀ ਸ਼ਕਤੀਆਂ ਏਸ਼ੀਆ ਨੂੰ ਅਸ਼ਾਂਤੀ ਵਿੱਚ ਰੱਖ ਕੇ ਆਪਣੇ ਹਿੱਤਾਂ ਦੀ ਪੈਰਵੀ ਕਰਦੀਆਂ ਹਨ। ਏਸ਼ੀਆ ਨੂੰ ਸੜਨ ਦਿਓ, ਅਤੇ ਵਿਕਸਤ ਦੇਸ਼ਾਂ ਦੇ ਖਜ਼ਾਨੇ ਭਰ ਜਾਣ – ਇਹ ਇਸ ਰਾਜਨੀਤੀ ਦਾ ਨੰਗਾ ਸੱਚ ਹੈ। ਗਲੋਬਲ ਸਾਊਥ ਦੇ ਦੇਸ਼ ਸਰੋਤਾਂ ਨਾਲ ਭਰਪੂਰ ਹਨ ਪਰ ਫੈਸਲਾ ਲੈਣ ਦੀ ਸ਼ਕਤੀ ਦੀ ਘਾਟ ਹੈ। ਤੇਲ, ਗੈਸ, ਕੋਲਾ, ਦੁਰਲੱਭ ਖਣਿਜ, ਉਪਜਾਊ ਜ਼ਮੀਨ ਅਤੇ ਨੌਜਵਾਨ ਆਬਾਦੀ ਹੋਣ ਦੇ ਬਾਵਜੂਦ – ਇਹ ਦੇਸ਼ ਕਰਜ਼ੇ, ਬੇਰੁਜ਼ਗਾਰੀ ਅਤੇ ਅਸਥਿਰਤਾ ਵਿੱਚ ਫਸੇ ਹੋਏ ਹਨ। ਇਸਦਾ ਮੂਲ ਕਾਰਨ ਸਿਰਫ਼ ਅੰਦਰੂਨੀ ਕਮਜ਼ੋਰੀਆਂ ਨਹੀਂ ਹਨ, ਸਗੋਂ ਉਹ ਵਿਸ਼ਵ ਪ੍ਰਣਾਲੀ ਹੈ ਜੋ ਉਨ੍ਹਾਂ ਨੂੰ ਦਹਾਕਿਆਂ ਤੱਕ ਨਿਰਭਰ ਰੱਖਣ ਲਈ ਤਿਆਰ ਕੀਤੀ ਗਈ ਹੈ। ਵਿਕਸਤ ਦੇਸ਼ਾਂ ਨੇ ਬਸਤੀਵਾਦੀ ਸਮੇਂ ਦੌਰਾਨ ਜੋ ਲੁੱਟ ਸ਼ੁਰੂ ਕੀਤੀ ਸੀ ਉਹ ਅੱਜ ਵੀ ਨਵੇਂ ਰੂਪਾਂ ਵਿੱਚ ਜਾਰੀ ਹੈ – ਕਦੇ ਮੁਕਤ ਵਪਾਰ ਦੇ ਨਾਮ ’ਤੇ, ਕਦੇ ਲੋਕਤੰਤਰ ਅਤੇ ਮਨੁੱਖੀ ਅਧਿਕਾਰਾਂ ਦੀ ਆੜ ਵਿੱਚ। ਈਰਾਨ-ਪਾਕਿਸਤਾਨ ਤਣਾਅ ਇਸਦੀ ਤਾਜ਼ਾ ਉਦਾਹਰਣ ਹੈ। ਈਰਾਨ ’ਤੇ ਲੰਬੇ ਸਮੇਂ ਤੋਂ ਚੱਲ ਰਹੀਆਂ ਪਾਬੰਦੀਆਂ ਨੇ ਇਸਦੀ ਆਰਥਿਕਤਾ ਨੂੰ ਕਮਜ਼ੋਰ ਕਰ ਦਿੱਤਾ ਹੈ, ਜਦੋਂ ਕਿ ਪਾਕਿਸਤਾਨ ਵਿਦੇਸ਼ੀ ਕਰਜ਼ੇ ਅਤੇ ਆਰਥਿਕ ਦਬਾਅ ਹੇਠ ਜੀ ਰਿਹਾ ਹੈ। ਸਿੱਟੇ ਵਜੋਂ, ਵਧਦਾ ਸਰਹੱਦੀ ਤਣਾਅ ਹੁਣ ਸਿਰਫ਼ ਇੱਕ ਸਥਾਨਕ ਮੁੱਦਾ ਨਹੀਂ ਰਿਹਾ। ਬਲੋਚਿਸਤਾਨ ਵਰਗੇ ਸੰਵੇਦਨਸ਼ੀਲ ਖੇਤਰਾਂ ਵਿੱਚ ਅਸਥਿਰਤਾ ਦੋਵਾਂ ਦੇਸ਼ਾਂ ਨੂੰ ਇੱਕ ਦੂਜੇ ਦੇ ਵਿਰੁੱਧ ਖੜ੍ਹਾ ਕਰ ਸਕਦੀ ਹੈ। ਜੇਕਰ ਇਹ ਤਣਾਅ ਵਧਦਾ ਹੈ, ਤਾਂ ਦੱਖਣੀ ਏਸ਼ੀਆ ਅਤੇ ਪੱਛਮੀ ਏਸ਼ੀਆ ਵਿੱਚ ਊਰਜਾ ਮਾਰਗਾਂ ਵਿੱਚ ਵਿਘਨ ਪਵੇਗਾ। ਤੇਲ ਅਤੇ ਗੈਸ ਦੀਆਂ ਕੀਮਤਾਂ ਵਧਣਗੀਆਂ, ਜਿਸਦਾ ਸਿੱਧਾ ਫਾਇਦਾ ਉਨ੍ਹਾਂ ਸ਼ਕਤੀਆਂ ਨੂੰ ਹੋਵੇਗਾ ਜੋ ਵਿਸ਼ਵ ਬਾਜ਼ਾਰਾਂ ਨੂੰ ਨਿਯੰਤਰਿਤ ਕਰਦੀਆਂ ਹਨ। ਜਦੋਂ ਕਿ ਯੁੱਧ ਏਸ਼ੀਆ ਵਿੱਚ ਹੋ ਸਕਦਾ ਹੈ, ਮੁਨਾਫ਼ਾ ਕਿਤੇ ਹੋਰ ਹੋਵੇਗਾ। ਇਤਿਹਾਸ ਗਵਾਹ ਹੈ ਕਿ ਬਾਹਰੀ ਤਾਕਤਾਂ ਆਪਣੇ ਹਿੱਤਾਂ ਨੂੰ ਅੱਗੇ ਵਧਾਉਣ ਲਈ ਸਥਾਨਕ ਟਕਰਾਵਾਂ ਨੂੰ ਭੜਕਾਉਣ ਦੀਆਂ ਵਾਰ-ਵਾਰ ਕੋਸ਼ਿਸ਼ਾਂ ਕਰਦੀਆਂ ਰਹੀਆਂ ਹਨ। ਕਈ ਵਾਰ ਉਹ ਵਿਚੋਲੇ ਵਜੋਂ ਕੰਮ ਕਰਦੇ ਹਨ, ਅਤੇ ਕਈ ਵਾਰ ਉਹ ਫੌਜੀ ਸਹਾਇਤਾ ਅਤੇ ਸੁਰੱਖਿਆ ਦੀ ਆੜ ਵਿੱਚ ਆਪਣੇ ਆਧਾਰ ਸਥਾਪਤ ਕਰਦੇ ਹਨ। ਅਫਗਾਨਿਸਤਾਨ ਇੱਕ ਪ੍ਰਮੁੱਖ ਉਦਾਹਰਣ ਹੈ, ਜਿੱਥੇ ਦਹਾਕਿਆਂ ਤੱਕ ਯੁੱਧ ਹੋਇਆ, ਸਮਾਜ ਟੁੱਟ ਗਿਆ, ਅਤੇ ਅੰਤ ਵਿੱਚ ਉਹੀ ਦੇਸ਼ ਜਿਸਦੀ ਉਹ ‘ਮਦਦ’ ਕਰਨ ਦਾ ਦਾਅਵਾ ਕਰਦੇ ਸਨ, ਸਭ ਤੋਂ ਵੱਧ ਨੁਕਸਾਨ ਝੱਲਣਾ ਪਿਆ। ਏਸ਼ੀਆ ਦੇ ਹੋਰ ਹਿੱਸਿਆਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਸਥਿਤੀਆਂ ਦੁਹਰਾਈਆਂ ਜਾ ਰਹੀਆਂ ਹਨ। ਦੱਖਣ-ਪੂਰਬੀ ਏਸ਼ੀਆ ਵਿੱਚ ਕੰਬੋਡੀਆ-ਥਾਈਲੈਂਡ ਵਿਵਾਦ ਇਸੇ ਰਣਨੀਤੀ ਦਾ ਹਿੱਸਾ ਜਾਪਦਾ ਹੈ। ਸਰਹੱਦੀ ਖੇਤਰ ਵਿੱਚ ਮੰਦਰਾਂ ਅਤੇ ਇਤਿਹਾਸਕ ਸਥਾਨਾਂ ’ਤੇ ਤਣਾਅ ਕੋਈ ਨਵਾਂ ਨਹੀਂ ਹੈ, ਪਰ ਹਾਲ ਹੀ ਦੇ ਸਾਲਾਂ ਵਿੱਚ ਉਨ੍ਹਾਂ ਦੁਆਰਾ ਕੀਤੇ ਗਏ ਫੌਜੀ ਪ੍ਰਭਾਵ ਚਿੰਤਾਜਨਕ ਹਨ। ਇਸ ਖੇਤਰ ਨੂੰ ਦੁਰਲੱਭ ਖਣਿਜਾਂ ਨਾਲ ਭਰਪੂਰ ਮੰਨਿਆ ਜਾਂਦਾ ਹੈ, ਜਿਸਦੀ ਮੰਗ ਨਵੀਂ ਤਕਨਾਲੋਜੀ ਅਤੇ ਊਰਜਾ




ਤਬਦੀਲੀ ਦੇ ਯੁੱਗ ਵਿੱਚ ਤੇਜ਼ੀ ਨਾਲ ਵੱਧ ਰਹੀ ਹੈ। ਜਦੋਂ ਦੋ ਗੁਆਂਢੀ ਦੇਸ਼ ਟਕਰਾਅ ਵਿੱਚ ਸ਼ਾਮਲ ਹੁੰਦੇ ਹਨ, ਤਾਂ ਬਾਹਰੀ ਸ਼ਕਤੀਆਂ ਲਈ ਦਖਲ ਦੇਣਾ ਆਸਾਨ ਹੋ ਜਾਂਦਾ ਹੈ। ਫੌਜੀ ਸਹਾਇਤਾ, ਨਿਵੇਸ਼ ਅਤੇ ਕਰਜ਼ਿਆਂ ਦੇ ਬਦਲੇ ਸਰੋਤਾਂ ਤੱਕ ਪਹੁੰਚ ਪ੍ਰਾਪਤ ਕੀਤੀ ਜਾਂਦੀ ਹੈ। ਅੰਤ ਵਿੱਚ, ਸਥਾਨਕ ਆਬਾਦੀ ਨੂੰ ਨੁਕਸਾਨ ਹੁੰਦਾ ਹੈ – ਵਾਤਾਵਰਣ ਵਿਨਾਸ਼, ਵਿਸਥਾਪਨ ਅਤੇ ਆਰਥਿਕ ਅਸਮਾਨਤਾ ਦੇ ਰੂਪ ਵਿੱਚ। ਗਲੋਬਲ ਸਾਊਥ ਵਿੱਚ ਇਹ ਸਥਿਤੀ ਅਚਾਨਕ ਪੈਦਾ ਨਹੀਂ ਹੋਈ। 20ਵੀਂ ਸਦੀ ਦੇ ਮੱਧ ਤੋਂ, ਵਿਕਸਤ ਦੇਸ਼ਾਂ ਨੇ ਏਸ਼ੀਆ, ਅਫਰੀਕਾ ਅਤੇ ਲਾਤੀਨੀ ਅਮਰੀਕਾ ਨੂੰ ਕੱਚੇ ਮਾਲ ਦੇ ਸਰੋਤ ਅਤੇ ਤਿਆਰ ਵਸਤੂਆਂ ਲਈ ਇੱਕ ਬਾਜ਼ਾਰ ਵਜੋਂ ਵਰਤਿਆ ਹੈ। ਬਸਤੀਵਾਦੀ ਰਾਜ ਖਤਮ ਹੋ ਗਿਆ, ਪਰ ਆਰਥਿਕ ਢਾਂਚਾ ਬਦਲਿਆ ਨਹੀਂ ਰਿਹਾ। ਅੱਜ ਵੀ, ਅੰਤਰਰਾਸ਼ਟਰੀ ਵਿੱਤੀ ਸੰਸਥਾਵਾਂ ਕਰਜ਼ੇ ਪ੍ਰਦਾਨ ਕਰਦੀਆਂ ਹਨ, ਪਰ ਬਦਲੇ ਵਿੱਚ, ਉਹ ਅਜਿਹੀਆਂ ਸ਼ਰਤਾਂ ਲਗਾਉਂਦੀਆਂ ਹਨ ਜੋ ਇਹਨਾਂ ਦੇਸ਼ਾਂ ਨੂੰ ਉਨ੍ਹਾਂ ਦੀ ਨੀਤੀਗਤ ਆਜ਼ਾਦੀ ਤੋਂ ਵਾਂਝਾ ਕਰਦੀਆਂ ਹਨ। ਸਰੋਤਾਂ ਦਾ ਨਿੱਜੀਕਰਨ, ਸਬਸਿਡੀਆਂ ਵਿੱਚ ਕਮੀ, ਅਤੇ ਆਯਾਤ ਨਿਰਭਰਤਾ – ਇਹ ਸਾਰੇ ਇੱਕੋ ਜਾਲ ਦਾ ਹਿੱਸਾ ਹਨ।

ਇਸ ਪ੍ਰਣਾਲੀ ਦੇ ਅੰਦਰ ਅੰਦਰੂਨੀ ਕਮਜ਼ੋਰੀਆਂ ਵੀ ਘੱਟ ਜ਼ਿੰਮੇਵਾਰ ਨਹੀਂ ਹਨ। ਭ੍ਰਿਸ਼ਟਾਚਾਰ, ਸੱਤਾ ਸੰਘਰਸ਼, ਨਸਲੀ ਅਤੇ ਧਾਰਮਿਕ ਵੰਡ ਇਨ੍ਹਾਂ ਦੇਸ਼ਾਂ ਨੂੰ ਅੰਦਰੋਂ ਖੋਰਾ ਲਗਾਉਂਦੇ ਹਨ। ਜਦੋਂ ਸਮਾਜ ਵੰਡੇ ਜਾਂਦੇ ਹਨ, ਤਾਂ ਬਾਹਰੀ ਦਖਲਅੰਦਾਜ਼ੀ ਆਸਾਨ ਹੋ ਜਾਂਦੀ ਹੈ। ਸੱਤਾ ਵਿੱਚ ਬੈਠੇ ਲੋਕ ਥੋੜ੍ਹੇ ਸਮੇਂ ਦੇ ਲਾਭ ਲਈ ਲੰਬੇ ਸਮੇਂ ਦੇ ਰਾਸ਼ਟਰੀ ਹਿੱਤਾਂ ਨਾਲ ਸਮਝੌਤਾ ਕਰਦੇ ਹਨ। ਲੋਕਾਂ ਦੀ ਆਵਾਜ਼ ਨੂੰ ਦਬਾ ਦਿੱਤਾ ਜਾਂਦਾ ਹੈ, ਅਤੇ ਫੈਸਲੇ ਕੁਝ ਚੋਣਵੇਂ ਲੋਕਾਂ ਤੱਕ ਸੀਮਤ ਹੁੰਦੇ ਹਨ। ਫਿਰ ਵੀ, ਇਹ ਮੰਨਣਾ ਇੱਕ ਵੱਡੀ ਗਲਤੀ ਹੋਵੇਗੀ ਕਿ ਗਲੋਬਲ ਸਾਊਥ ਬੇਵੱਸ ਹੈ। ਹੱਲ ਮੌਜੂਦ ਹਨ, ਬਸ਼ਰਤੇ ਇੱਛਾ ਸ਼ਕਤੀ ਹੋਵੇ। ਪਹਿਲਾ ਕਦਮ ਖੇਤਰੀ ਏਕਤਾ ਹੈ। ਏਸ਼ੀਆਈ ਦੇਸ਼ਾਂ ਨੂੰ ਆਪਣੇ ਵਿਵਾਦਾਂ ਨੂੰ ਗੱਲਬਾਤ ਅਤੇ ਸਹਿਯੋਗ ਰਾਹੀਂ ਹੱਲ ਕਰਨਾ ਚਾਹੀਦਾ ਹੈ। ਭਾਵੇਂ ਇਹ ਸਰਹੱਦੀ ਵਿਵਾਦ ਹੋਣ ਜਾਂ ਸਰੋਤਾਂ ਦੀ ਵੰਡ – ਹੱਲ ਜੰਗ ਵਿੱਚ ਨਹੀਂ, ਸਗੋਂ ਸਾਂਝੀ ਸਮਝ ਵਿੱਚ ਹੈ। ਜਦੋਂ ਗੁਆਂਢੀ ਦੇਸ਼ ਇਕੱਠੇ ਖੜ੍ਹੇ ਹੁੰਦੇ ਹਨ, ਤਾਂ ਬਾਹਰੀ ਤਾਕਤਾਂ ਲਈ ਗੁੰਜਾਇਸ਼ ਆਪਣੇ ਆਪ ਘੱਟ ਜਾਵੇਗੀ। ਇੱਕ ਹੋਰ ਮਹੱਤਵਪੂਰਨ ਪਹਿਲੂ ਆਰਥਿਕ ਸਵੈ-ਨਿਰਭਰਤਾ ਹੈ। ਸਰੋਤਾਂ ’ਤੇ ਅਸਲ ਨਿਯੰਤਰਣ ਉਦੋਂ ਹੀ ਸੰਭਵ ਹੈ ਜਦੋਂ ਸਥਾਨਕ ਉਦਯੋਗ ਅਤੇ ਜਨਤਕ ਖੇਤਰ ਮਜ਼ਬੂਤ ਹੋਣ। ਸਿਰਫ਼ ਕੱਚੇ ਮਾਲ ਨੂੰ ਨਿਰਯਾਤ ਕਰਨ ਦੀ ਬਜਾਏ ਮੁੱਲ ਜੋੜਨ ’ਤੇ ਜ਼ੋਰ ਦਿੱਤਾ ਜਾਣਾ ਚਾਹੀਦਾ ਹੈ। ਤਕਨਾਲੋਜੀ ਦਾ ਤਬਾਦਲਾ ਜ਼ਰੂਰੀ ਹੈ, ਪਰ ਦੇਸ਼ ਦੇ ਅੰਦਰ ਉਤਪਾਦਨ ਸਮਰੱਥਾ ਵਿਕਸਤ ਕੀਤੀ ਜਾਣੀ ਚਾਹੀਦੀ ਹੈ। ਸਵੈ-ਨਿਰਭਰਤਾ ਦਾ ਮਤਲਬ ਦੁਨੀਆ ਤੋਂ ਕੱਟਣਾ ਨਹੀਂ ਹੈ, ਸਗੋਂ ਬਰਾਬਰੀ ਦੇ ਆਧਾਰ ’ਤੇ ਜੁੜਨਾ ਹੈ। ਵਾਤਾਵਰਣ ਨਿਆਂ ਵੀ ਇਸ ਸੰਘਰਸ਼ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਊਰਜਾ ਤਬਦੀਲੀ ਦੇ ਨਾਮ ’ਤੇ ਕੀਤੀ ਜਾ ਰਹੀ ਵਧਦੀ ਮਾਈਨਿੰਗ ਦਾ ਖਮਿਆਜ਼ਾ ਆਦਿਵਾਸੀ ਅਤੇ ਪੇਂਡੂ ਭਾਈਚਾਰੇ ਭੁਗਤ ਰਹੇ ਹਨ। ਜਲਵਾਯੂ ਪਰਿਵਰਤਨ ਦੇ ਮਾੜੇ ਪ੍ਰਭਾਵਾਂ ਤੋਂ ਸਭ ਤੋਂ ਵੱਧ ਪ੍ਰਭਾਵਿਤ ਦੇਸ਼ ਉਹ ਹਨ ਜਿਨ੍ਹਾਂ ਨੇ ਇਸ ਵਿੱਚ ਸਭ ਤੋਂ ਘੱਟ ਯੋਗਦਾਨ ਪਾਇਆ ਹੈ। ਇਸ ਲਈ, ਵਿਸ਼ਵ ਪੱਧਰ ’ਤੇ ਬਰਾਬਰ ਭਾਗੀਦਾਰੀ ਅਤੇ ਜਵਾਬਦੇਹੀ ਦੀ ਮੰਗ ਕਰਨਾ ਜ਼ਰੂਰੀ ਹੈ। ਸਮਾਜਿਕ ਪੱਧਰ ’ਤੇ ਵੀ ਬਦਲਾਅ ਜ਼ਰੂਰੀ ਹੈ। ਸਿੱਖਿਆ ਪ੍ਰਣਾਲੀ ਨੂੰ ਸਿਰਫ਼ ਤਕਨੀਕੀ ਗਿਆਨ ਹੀ ਨਹੀਂ, ਸਗੋਂ ਇਤਿਹਾਸ, ਰਾਜਨੀਤੀ ਅਤੇ ਵਿਸ਼ਵ ਅਰਥਵਿਵਸਥਾ ਦੀ ਸਮਝ ਵੀ ਵਿਕਸਤ ਕਰਨੀ ਚਾਹੀਦੀ ਹੈ। ਸਮਾਜ ਨੂੰ ਪ੍ਰਚਾਰ ਅਤੇ ਗਲਤ ਜਾਣਕਾਰੀ ਤੋਂ ਬਚਾਉਣ ਲਈ ਮੀਡੀਆ ਅਤੇ ਸੂਚਨਾ ਪ੍ਰਣਾਲੀਆਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਨੌਜਵਾਨ ਪੀੜ੍ਹੀ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਸਥਾਨਕ ਸਮੱਸਿਆਵਾਂ ਅਕਸਰ ਵਿਸ਼ਵਵਿਆਪੀ ਢਾਂਚੇ ਨਾਲ ਜੁੜੀਆਂ ਹੁੰਦੀਆਂ ਹਨ। ਅੰਤ ਵਿੱਚ, ਏਸ਼ੀਆ ਦਾ ਭਵਿੱਖ ਇਸਦੇ ਆਪਣੇ ਹੱਥਾਂ ਵਿੱਚ ਹੈ। ਜੇਕਰ ਇਹ ਮਹਾਂਦੀਪ ਸੰਘਰਸ਼ ਅਤੇ ਅਸਥਿਰਤਾ ਵਿੱਚ ਉਲਝਿਆ ਰਿਹਾ, ਤਾਂ ਇਸਦਾ ਪ੍ਰਭਾਵ ਪੂਰੀ ਦੁਨੀਆ ’ਤੇ ਪਵੇਗਾ। ਪਰ ਜੇਕਰ ਏਸ਼ੀਆ ਇੱਕਜੁੱਟ ਹੋ ਜਾਂਦਾ ਹੈ ਅਤੇ ਆਪਣੇ ਸਰੋਤਾਂ, ਆਪਣੀਆਂ ਨੀਤੀਆਂ ਅਤੇ ਆਪਣੇ ਸਮਾਜਾਂ ਦਾ ਕੰਟਰੋਲ ਆਪਣੇ ਹੱਥ ਵਿੱਚ ਲੈ ਲੈਂਦਾ ਹੈ, ਤਾਂ ਵਿਸ਼ਵ ਸ਼ਕਤੀ ਦਾ ਸੰਤੁਲਨ ਬਦਲ ਸਕਦਾ ਹੈ। ਇਹ ਸਿਰਫ਼ ਪ੍ਰਤੀਕਿਰਿਆ ਦਾ ਸਮਾਂ ਨਹੀਂ ਹੈ, ਸਗੋਂ ਆਤਮ-ਨਿਰੀਖਣ ਅਤੇ ਠੋਸ ਕਾਰਵਾਈ ਦਾ ਸਮਾਂ ਹੈ। ਏਸ਼ੀਆ ਨੂੰ ਹੁਣ ਕਿਸੇ ਹੋਰ ਦਾ ਜੰਗੀ ਮੈਦਾਨ ਬਣਨ ਤੋਂ ਇਨਕਾਰ ਕਰਨਾ ਚਾਹੀਦਾ ਹੈ। ਸਰੋਤ ਸਾਡੇ ਹਨ, ਲੋਕ ਸਾਡੇ ਹਨ, ਅਤੇ ਭਵਿੱਖ ਸਾਡਾ ਹੋਣਾ ਚਾਹੀਦਾ ਹੈ। ਗਲੋਬਲ ਸਾਊਥ ਨੂੰ ਨਿਆਂ ਦੀ ਲੋੜ ਹੈ, ਤਰਸ ਦੀ ਨਹੀਂ; ਸਤਿਕਾਰ ਦੀ, ਦਖਲਅੰਦਾਜ਼ੀ ਦੀ ਨਹੀਂ। ਇਹ ਸੰਘਰਸ਼ ਦੀ ਅਸਲ ਦਿਸ਼ਾ ਹੈ, ਅਤੇ ਇਹ ਇੱਕ ਨਿਆਂਪੂਰਨ ਵਿਸ਼ਵ ਵਿਵਸਥਾ ਦੀ ਨੀਂਹ ਬਣ ਸਕਦਾ ਹੈ।

**ਡਾ. ਸਤਿਆਵਾਨ ਸੌਰਭ**
**ਮੋਬਾਈਲ :** 94665-26148

# ਰਾਜਪਾਲ ਕਟਾਰੀਆ ਨੇ ਜਿਓਤਿਸ਼ਾਚਰੀਆ ਪ੍ਰੀਤ ਅਰੋੜਾ ਨੂੰ ਕੀਤਾ ਸਨਮਾਨਿਤ



**ਲੁਧਿਆਣਾ/ਕੁਲਵਿੰਦਰ ਸਿੰਘ ਸਲੇਮ ਟਾਬਰੀ**

ਚੰਡੀਗੜ੍ਹ ਵਿਖੇ ਹੋਏ ਜੋਤਿਸ਼ ਪ੍ਰਗਨ ਵੱਲੋਂ ਕਰਵਾਏ ਗਏ ਉਰਜਾ ਜੋਤਿਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਅਵਸਰ ਤੇ ਇਸ ਸੰਸਥਾ ਦੇ ਪ੍ਰਧਾਨ ਮੈਡਮ ਪੂਨਮ ਸ਼ਰਮਾ ਦੇ ਸੱਦੇ ਤੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆਂ ਪਹੁੰਚੇ ਜਿਨਾਂ ਨੇ ਆਈਆਂ ਸ਼ਖਸ਼ੀਅਤਾਂ ਨੂੰ ਸਨਮਾਨਿਤ ਕੀਤਾ। ਲੁਧਿਆਣਾ ਤੋਂ ਪਹੁੰਚੇ ਐਸਟ੍ਰੋਲੋਜਰ ਮੈਡਮ ਪਰਮੀਤ ਕੌਰ (ਪ੍ਰੀਤ ਅਰੋੜਾ) ਨੂੰ ਉਚੇਚੇ ਤੌਰ ਤੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਸਨਮਾਨ ਮਿਲਣ ਉਪਰੰਤ ਉਹਨਾਂ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆਂ ਦਾ ਧੰਨਵਾਦ ਕੀਤਾ ਉੱਥੇ ਉਹਨਾਂ ਮੁੱਖ ਪ੍ਰਬੰਧਕ ਮੈਡਮ ਪੂਨਮ ਅਰੋੜਾ ਦਾ ਵੀ ਧੰਨਵਾਦ ਕਿ ਜਿਨਾਂ ਨੇ ਉਹਨਾਂ ਨੂੰ ਇੱਥੇ ਬੁਲਾ ਕੇ ਸਨਮਾਨ ਦਿੱਤਾ ਉਹਨਾਂ ਨੇ ਕਿਹਾ ਕਿ ਮੈਂ ਉਹਨਾਂ ਦਾ ਦਿਲੋਂ ਧੰਨਵਾਦ ਕਰਦੀ ਹਾਂ।ਇਸ ਮੌਕੇ ਕੈਪਟਨ ਲੇਖਰਾਜ, ਪੂਨਮ ਸ਼ਰਮਾ ਤੇ ਹੋਰ ਪਤਵੰਤੇ ਹਾਜ਼ਰ ਸਨ।

# ਕੇਂਦਰੀ ਮੰਤਰੀ ਵੱਲੋਂ ਮੋਹਾਲੀ ਦੇ ਨੈਸ਼ਨਲ ਐਗਰੀ-ਫੂਡ ਐਂਡ ਬਾਇਓਮੈਨੂਫੈਕਚਰਿੰਗ ਇੰਸਟੀਚਿਊਟ ਵਿੱਚ 42 ਕਰੋੜ ਰੁਪਏ ਦੀ ਬਾਇਓਫਾਊਂਡਰੀ ਦਾ ਉਦਘਾਟਨ

**ਮੋਹਾਲੀ/ਬਿਊਰੋ**

ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ (ਸੁਤੰਤਰ ਪ੍ਰਭਾਰ) ਡਾ. ਜਿਤੇਂਦਰ ਸਿੰਘ ਨੇ ਅੱਜ ਮੋਹਾਲੀ ਵਿੱਚ ਬਾਇਓਟੈਕਨਾਲੋਜੀ ਵਿਭਾਗ ਦੇ ਅਧੀਨ ਪਹਿਲੀ ਵਾਰ ਸਮਰਪਿਤ ਬਾਇਓਫਾਊਂਡਰੀ ਕੇਂਦਰ ਦਾ ਉਦਘਾਟਨ ਕੀਤਾ, ਜਿਸ ਦੀ ਅਗਲੇ ਦੋ ਸਾਲਾਂ ਵਿੱਚ ਲਗਭਗ 42 ਕਰੋੜ ਰੁਪਏ ਦੀ ਵਿਵਸਥਾ ਹੈ। ਇਹ ਸੁਵਿਧਾ ਖੇਤੀ-ਖਾਦ ਬਾਇਓਟੈਕਨਾਲੋਜੀ ਵਿੱਚ ਉੱਨਤ ਬਾਇਓਮੈਨੂਫੈਕਚਰਿੰਗ ਪ੍ਰਕਿਰਿਆਵਾਂ ਨੂੰ ਵਿਕਸਿਤ ਕਰਨ ਅਤੇ ਸਕੇਲ ਕਰਨ ਲਈ ਇੱਕ ਰਾਸ਼ਟਰੀ ਪਲੇਟਫਾਰਮ ਵਜੋਂ ਸਥਾਪਿਤ ਕੀਤੀ ਜਾ ਰਹੀ ਹੈ, ਜਿਸ ਵਿੱਚ ਸਮਾਰਟ ਪ੍ਰੋਟੀਨ, ਬਾਇਓ-ਨਿਊਟ੍ਰਿਅੰਸ ਅਤੇ ਬਾਇਓ-ਆਧਾਰਿਤ ਉਤਪਾਦ ਸ਼ਾਮਲ ਹਨ। ਮੰਤਰੀ ਨੇ ਕਿਹਾ ਕਿ ਇਹ ਕੇਂਦਰ ਪ੍ਰਯੋਗਸ਼ਾਲਾ ਖੋਜ ਨੂੰ ਉਦਯੋਗਿਕ ਪੱਧਰ ਦੇ ਅਨੁਪ੍ਰਯੋਗਾਂ ਨਾਲ ਜੋੜੇਗਾ ਅਤੇ ਭਾਰਤ ਦੀ ਬਾਇਓਇਕਨਾਮੀ ਨੂੰ ਮਜ਼ਬੂਤ ਕਰੇਗਾ। ਡਾ. ਜਿਤੇਂਦਰ ਸਿੰਘ ਨੇ ਕਿਹਾ ਕਿ ਨੈਸ਼ਨਲ ਐਗਰੀ-ਫੂਡ ਐਂਡ ਬਾਇਓਮੈਨੂਫੈਕਚਰਿੰਗ ਇੰਸਟੀਟਿਊਟ (NABI) ਭਾਰਤ ਦੇ ਬਾਇਓਟੈਕਨਾਲੋਜੀ ਪਰਿਦ੍ਰਿਸ਼ ਵਿੱਚ ਇੱਕ ਪ੍ਰਮੁੱਖ ਸੰਸਥਾ ਵਜੋਂ ਉਭਰਿਆ ਹੈ, ਖਾਸ ਤੌਰ 'ਤੇ ਵਿਗਿਆਨਕ ਖੋਜ ਨੂੰ ਖੇਤੀ, ਖਾਦ ਅਤੇ ਪੋਸ਼ਣ ਦੇ ਸਮਾਧਾਨਾਂ ਵਿੱਚ ਬਦਲਣ ਵਿੱਚ। ਉਨ੍ਹਾਂ ਨੇ ਕਿਹਾ ਕਿ ਸੰਸਥਾ ਦਾ ਜੀਨੋਮਿਕਸ, ਮਾਈਕ੍ਰੋਬਿਅਲ ਬਾਇਓਟੈਕਨਾਲੋਜੀ, ਫੂਡ ਸਾਇੰਸ ਅਤੇ ਬਾਇਓਇਨਫਰਮੈਟਿਕਸ ਵਿੱਚ ਕੰਮ ਸਿੱਧੇ ਪੋਸ਼ਣ ਸੁਰੱਖਿਆ, ਸਥਿਰ ਖੇਤੀ ਅਤੇ ਐਗਰੀ-ਫੂਡ ਸਿਸਟਮਾਂ ਵਿੱਚ ਮੁੱਲ ਸੰਵਰਧਨ ਵਿੱਚ ਯੋਗਦਾਨ ਦੇ ਰਿਹਾ ਹੈ। ਕੇਂਦਰੀ ਮੰਤਰੀ BRIC-ਨੈਸ਼ਨਲ ਐਗਰੀ-ਫੂਡ ਐਂਡ ਬਾਇਓਮੈਨੂਫੈਕਚਰਿੰਗ ਇੰਸਟੀਟਿਊਟ (NABI), ਮੋਹਾਲੀ ਵਿੱਚ ਇੱਕ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ, ਜਿੱਥੇ ਉਨ੍ਹਾਂ ਨੇ ਬਾਇਓਮੈਨੂਫੈਕਚਰਿੰਗ ਵਰਕਸ਼ਾਪ 4.0, "ਸਮਾਰਟ ਪ੍ਰੋਟੀਨ ਫੋਰਮ 2026, ਬਾਇਓਫਾਊਂਡਰੀ ਦਾ ਉਦਘਾਟਨ ਸਮਾਰੋਹ ਅਤੇ BRIC-NABI ਫਾਊਂਡੇਸ਼ਨ ਡੇ ਸਮਾਰੋਹ ਸਮੇਤ ਕਈ ਪ੍ਰਮੁੱਖ ਪ੍ਰੋਗਰਾਮਾਂ ਵਿੱਚ ਹਿੱਸਾ ਲਿਆ। ਪ੍ਰੋਗਰਾਮ ਵਿੱਚ ਦੇਸ਼ ਭਰ ਦੇ ਪ੍ਰਮੁੱਖ ਵਿਗਿਆਨੀ, ਖੋਜਕਰਤਾਵਾਂ, ਉਦਯੋਗ ਨੁਮਾਇੰਦਿਆਂ ਅਤੇ ਇਨੋਵੇਟਰਸ ਨੇ ਹਿੱਸਾ ਲਿਆ। ਸਮਾਰਟ ਪ੍ਰੋਟੀਨ ਅਨੁਸੰਧਾਨ ਦੇ ਮਹੱਤਵ ਨੂੰ ਰੇਖਾਂਕਿਤ ਕਰਦੇ ਹੋਏ, ਮੰਤਰੀ ਨੇ ਕਿਹਾ ਕਿ ਵਿਸ਼ਵ ਪੱਧਰ 'ਤੇ ਪ੍ਰੋਟੀਨ ਮੰਗ ਵਿੱਚ ਵਾਧਾ ਅਤੇ ਵਾਤਾਵਰਣ ਸੰਬੰਧੀ ਚਿੰਤਾਵਾਂ ਕਾਰਨ ਵਿਕਲਪਕ ਅਤੇ ਸਥਿਰ ਸਮਾਧਾਨਾਂ ਦੀ ਲੋੜ



ਹੈ। ਉਨ੍ਹਾਂ ਨੇ ਕਿਹਾ ਕਿ ਮਾਈਕ੍ਰੋਬਿਅਲ ਫਰਮੈਂਟੇਸ਼ਨ, ਪਲਾਂਟ ਬਾਇਓਟੈਕਨਾਲੋਜੀ ਅਤੇ ਸਿੰਥੈਟਿਕ ਬਾਇਓਲੋਜੀ ਦੇ ਮਾਧਿਅਮ ਨਾਲ ਵਿਕਸਿਤ ਸਮਾਰਟ ਪ੍ਰੋਟੀਨ ਭੋਜਨ ਦੇ ਭਵਿੱਖ ਲਈ ਇੱਕ ਸਕੇਲੇਬਲ ਅਤੇ ਸਥਿਰ ਮਾਰਗ ਪ੍ਰਦਾਨ ਕਰਦੇ ਹਨ। ਉਨ੍ਹਾਂ ਨੇ ਜੋੜਿਆ ਕਿ ਸਮਾਰਟ ਪ੍ਰੋਟੀਨ ਫੋਰਮ ਵਰਗੇ ਪਲੇਟਫਾਰਮ ਵਿਗਿਆਨ ਅਤੇ ਉਦਯੋਗ ਨੂੰ ਇੱਕ ਸਾਥ ਲਿਆ ਕੇ ਇਸ ਉਭਰ ਰਹੇ ਖੇਤਰ ਵਿੱਚ ਨਵਾਚਾਰ ਨੂੰ ਤੇਜ਼ ਕਰਦੇ ਹਨ। ਡਾ. ਜਿਤੇਂਦਰ ਸਿੰਘ ਨੇ ਕਿਹਾ ਕਿ ਭਾਰਤ ਦੀ ਤੇਜ਼ੀ ਨਾਲ ਵਧ ਰਹੀ ਬਾਇਓਇਕਨਾਮੀ ਨੂੰ BioE3- ਬਾਇਓਟੈਕਨਾਲੋਜੀ ਫਾਰ ਇਕਨਾਮੀ, ਐਨਵਾਇਰਨਮੈਂਟ ਐਂਡ ਇੰਪਲਾਇਮੈਂਟ ਵਰਗੀਆਂ ਦੂਰਦਰਸ਼ੀ ਨੀਤੀਆਂ ਦੁਆਰਾ ਸਮਰਥਨ ਮਿਲ ਰਿਹਾ ਹੈ, ਜੋ ਸਥਿਰ ਵਿਕਾਸ ਨੂੰ ਵਧਾਉਣ, ਰੁਜ਼ਗਾਰ ਪੈਦਾ ਕਰਨ ਅਤੇ ਨਵਾਚਾਰ ਨੂੰ ਵਧਾਉਣ ਦਾ ਟੀਚਾ ਰੱਖਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸਿੰਥੈਟਿਕ ਬਾਇਓਲੋਜੀ ਅਤੇ ਬਾਇਓਮੈਨੂਫੈਕਚਰਿੰਗ ਵਰਗੀਆਂ ਤਕਨੀਕਾਂ ਇਨ੍ਹਾਂ ਰਾਸ਼ਟਰੀ ਉਦੇਸ਼ਾਂ ਨੂੰ ਪ੍ਰਾਪਤ ਕਰਨ ਦੀ ਕੁੰਜੀ ਹਨ। NABI 'ਤੇ ਸਥਾਪਿਤ ਹੋ ਰਹੀ ਬਾਇਓਫਾਊਂਡਰੀ ਦਾ ਉੱਲੇਖ ਕਰਦੇ ਹੋਏ, ਮੰਤਰੀ ਨੇ ਕਿਹਾ ਕਿ ਇਸ ਵਿੱਚ ਵੱਡੇ ਪੈਮਾਨੇ ਦੇ ਫਰਮੈਂਟੇਸ਼ਨ, ਅਪਸਟ੍ਰੀਮ ਅਤੇ ਡਾਊਨਸਟ੍ਰੀਮ ਪ੍ਰੋਸੈਸਿੰਗ ਸਿਸਟਮਜ਼ ਅਤੇ ਹਾਈ-ਥ੍ਰੂਪੁੱਟ ਐਕਸਪੈਰੀਮੈਂਟਲ ਪਲੇਟਫਾਰਮਜ਼ ਸਮੇਤ ਉੱਨਤ ਇਨਫਰਾਸਟ੍ਰਕਚਰ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਇਹ ਸੁਵਿਧਾ ਸਟਾਰਟਅੱਪਸ ਅਤੇ ਉਦਯੋਗ ਨੂੰ ਸਕੇਲ-ਅੱਪ, ਪ੍ਰੀ-ਕਮਰਸ਼ੀਅਲਾਈਜ਼ੇਸ਼ਨ ਅਤੇ ਤਕਨਾਲੋਜੀ ਟ੍ਰਾਂਸਫਰ ਦੇ ਮਾਧਿਅਮ ਨਾਲ ਸਮਰਥਨ ਪ੍ਰਦਾਨ ਕਰੇਗੀ, ਨਾਲ ਹੀ ਬਾਇਓਟੈਕਨਾਲੋਜੀ ਵਿੱਚ ਨੌਜਵਾਨ ਪੇਸ਼ੇਵਰਾਂ ਲਈ ਇੱਕ ਸਕਿੱਲ ਡਿਵੈਲਪਮੈਂਟ ਹੱਬ ਵਜੋਂ ਕੰਮ ਕਰੇਗੀ। ਮੰਤਰੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਪਹਿਲਕਦਮੀਆਂ ਖਾਦ, ਪੋਸ਼ਣ ਅਤੇ ਖੇਤੀ ਵਿੱਚ ਨਵਾਚਾਰ ਨੂੰ ਤੇਜ਼ ਕਰਨਗੀਆਂ, ਅਤੇ ਵਿਗਿਆਨ ਅਤੇ ਤਕਨਾਲੋਜੀ ਦੁਆਰਾ ਸੰਚਾਲਿਤ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਵਿੱਚ ਮਹੱਤਵਪੂਰਨ ਯੋਗਦਾਨ ਦੇਣਗੀਆਂ।

# ਐਚਆਈਜੀ ਇਸਤਰੀ ਸਤਿਸਗ ਸਭਾ ਨੇ ਸ਼ੁਰੂ ਕੀਤੀ ਦੁਰਗਾ ਸਤੂਤੀ ਦੇ ਪਾਠਾਂ ਦੀ ਲੜੀ



**ਲੁਧਿਆਣਾ/ਤਮੰਨਾ ਬੇਦੀ**

ਐੱਚ.ਆਈ.ਜੀ ਇਸਤਰੀ ਸਤਿੰਸਗ ਸਭਾ ਅਰਬਨ ਅਸਟੇਟ ਫੇਸ-2 ਦੁੱਗਰੀ ਵੱਲੋਂ ਸਨਾਤਨੀ ਨਵੇਂ ਸਾਲ ਦੇ ਸ਼ੁਭਾਰੰਭ ਅਤੇ ਚੇਤ ਦੇ ਨਰਾਤਿਆਂ ਦੇ ਸੰਬੰਧ ਵਿੱਚ ਦੁਰਗਾ ਸਤੂਤੀ ਦੇ ਪਾਠਾਂ ਦੀ ਲੜੀ ਸ਼ੁਰੂ ਕੀਤੀ ਗਈ। ਪਹਿਲੇ ਦਿਨ ਮੋਨਿਕਾ ਬੱਤਾ ਦੇ ਘਰ ਇਹ ਪਾਠ ਕੀਤਾ ਗਿਆ। ਸਭਾ ਦੇ ਅਹੁਦੇਦਾਰਾਂ ਵੱਲੋਂ ਦੱਸਿਆ ਗਿਆ ਕਿ ਐਚਆਈਜੀ ਫਲੈਟਸ ਇਸਤਰੀ ਸਤਿਸੰਗ ਸਭਾ ਵੱਲੋਂ ਜਾਤੀ ਅਤੇ ਧਰਮ ਤੋਂ ਉੱਪਰ ਉਠ ਕੇ ਹਰ ਧਾਰਮਿਕ ਸਮਾਗਮ ਮਿਲਜੁਲ ਕੇ ਮਨਾਇਆ ਜਾਂਦਾ ਹੈ। ਹਰ ਸਾਲ ਨਰਾਤਿਆਂ ਵਿੱਚ ਦੁਰਗਾ ਸਤੂਤੀ ਦੇ ਪਾਠ ਘਰ-ਘਰ ਜਾ ਕੇ ਕੀਤੇ ਜਾਂਦੇ ਹਨ। ਇਸਤੋਂ ਇਲਾਵਾ ਇਲਾਕੇ ਦੀ ਸੁਖ-ਸ਼ਾਂਤੀ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਦੁਰਗਾ ਸਤੂਤੀ ਦੇ ਪਾਠ ਕੀਤੇ ਜਾਂਦੇ ਹਨ। ਸਾਰੇ ਨਰਾਤਿਆਂ ਦੌਰਾਨ ਇਹ ਦੁਰਗਾ ਸਤੂਤੀ ਦੇ ਪਾਠ ਚੱਲਣਗੇ।

# ਡਾ. ਕੋਟਨਿਸ ਹਸਪਤਾਲ, ਸਲੇਮ ਟਾਬਰੀ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਕਰਵਾਇਆ

**ਲੁਧਿਆਣਾ/ਬਿਊਰੋ**

ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ ਦੇ ਸਹਿਯੋਗ ਨਾਲ ਸਲੇਮ ਟਾਬਰੀ, ਲੁਧਿਆਣਾ ਵਿਖੇ ਸਥਿਤ ਡਾ. ਕੋਟਨੀਸ ਐਕਿਊਪੰਕਚਰ ਹਸਪਤਾਲ ਅਤੇ ਸਿੱਖਿਆ ਕੇਂਦਰ ਵੱਲੋਂ ਐਚ.ਆਈ.ਵੀ./ਏਡਜ਼ ਅਤੇ ਨਸ਼ਿਆਂ ਦੇ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਹਸਪਤਾਲ ਵਿੱਚ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਹਸਪਤਾਲ ਦੇ ਨਿਰਦੇਸ਼ਕ ਡਾ. ਇੰਦਰਜੀਤ ਸਿੰਘ ਢੀਂਗਰਾ ਨੇ ਕੀਤੀ। ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਡਾ. ਢੀਂਗਰਾ ਨੇ ਕਿਹਾ ਕਿ ਤੁਸੀ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਨਸ਼ਾ ਪੀੜਤਾਂ ਨੂੰ ਇੱਕੋ ਸਿਰਿੰਜ ਦੇ ਇਸਤੇਮਾਲ ਨਾਲ ਫੈਲਣ ਵਾਲੀ ਏਡਜ਼ ਵਰਗੀ ਗੰਭੀਰ ਬਿਮਾਰੀ ਤੋਂ ਬਚਾਉਣ ਲਈ ਨਿਰਧਾਰਤ ਕੇਂਦਰਾਂ 'ਤੇ ਸਿਰਿੰਜ ਉਪਲਬਧ ਕਰਵਾਈ ਜਾ ਰਹੀ ਹੈ, ਤਾਂ ਜੋ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵਿੱਚ ਸੰਕਰਮਣ ਦਾ ਖਤਰਾ ਘੱਟ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਦੇ ਇਸ ਤਰ੍ਹਾਂ ਦੇ ਪ੍ਰੋਜੈਕਟ ਕਈ ਵਾਰ ਲੰਮੇ ਸਮੇਂ ਤੱਕ ਨਹੀਂ ਚੱਲਦੇ, ਇਸ ਲਈ ਪੀੜਤਾਂ ਨੂੰ ਆਪਣੇ ਆਪ ਹੌਲੀ-ਹੌਲੀ ਨਸ਼ਾ ਮੁਕਤੀ ਵੱਲ ਵਧਣਾ ਚਾਹੀਦਾ ਹੈ। ਜਦੋਂ ਵੀ ਕੋਈ ਪੀੜਤ ਨਸ਼ਾ ਮੁਕਤੀ ਕੇਂਦਰ ਵਿੱਚ ਜਾਂਦਾ ਹੈ, ਤਾਂ ਉਸ ਨੂੰ ਉੱਥੇ ਤੈਨਾਤ ਕਾਊਂਸਲਰਾਂ ਦੀਆਂ ਗੱਲਾਂ ਨੂੰ



ਧਿਆਨ ਨਾਲ ਸੁਣ ਕੇ ਉਨ੍ਹਾਂ 'ਤੇ ਅਮਲ ਕਰਨਾ ਚਾਹੀਦਾ ਹੈ, ਜਿਸ ਨਾਲ ਉਹ ਨਸ਼ੇ ਦੀ ਦਲਦਲ ਤੋਂ ਬਾਹਰ ਨਿਕਲ ਸਕਦਾ ਹੈ। ਇਸ ਮੌਕੇ ਸ਼੍ਰੀਮਤੀ ਮਨੀਸ਼ਾ, ਇੰਚਾਰਜ ਓ.ਡੀ.ਆਈ.ਸੀ., ਨੇ ਕਿਹਾ ਕਿ ਭਟਕੇ ਹੋਏ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣਾ ਬਹੁਤ ਜ਼ਰੂਰੀ ਹੈ ਅਤੇ ਇਸ ਲਈ ਮਾਪੇ, ਅਧਿਆਪਕ, ਪੁਲਿਸ ਪ੍ਰਸ਼ਾਸਨ, ਆਮ ਪ੍ਰਸ਼ਾਸਨ ਅਤੇ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸੰਸਥਾਵਾਂ ਨੂੰ ਮਿਲਜੁਲ ਕੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਵੀ ਵੱਖ-ਵੱਖ ਸੰਸਥਾਵਾਂ ਨਾਲ ਇਕੱਠੇ ਹੋ ਕੇ ਇੱਕ ਮੰਚ 'ਤੇ ਕੰਮ ਕਰਨਾ ਚਾਹੀਦਾ ਹੈ। ਇਸ ਮੌਕੇ ਡਾ. ਰਘੁਬੀਰ ਸਿੰਘ ਅਤੇ ਅਸ਼ਵਨੀ ਵਰਮਾ ਨੇ ਕਿਹਾ ਕਿ ਸਮਾਜ ਦਾ ਸਹਿਯੋਗ ਅਤੇ ਪੀੜਤਾਂ ਪ੍ਰਤੀ ਸਕਾਰਾਤਮਕ ਸੋਚ ਹੀ ਉਨ੍ਹਾਂ ਨੂੰ ਨਸ਼ਿਆਂ ਅਤੇ ਐਡਜ਼ ਤੋਂ ਬਚਾ ਸਕਦੀ ਹੈ। ਪ੍ਰੋਗਰਾਮ ਦੌਰਾਨ ਐਚ.ਆਰ.ਜੀ. ਲਈ ਵੱਖ-ਵੱਖ ਕਿਸਮ ਦੇ ਖੇਡਾਂ ਦਾ ਆਯੋਜਨ ਕੀਤਾ ਗਿਆ ਅਤੇ ਨਸ਼ਾ ਮੁਕਤੀ ਵਿਸ਼ੇ 'ਤੇ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਸ. ਭਗਤ ਸਿੰਘ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਗਗਨ ਭਾਟੀਆ, ਸੀ. ਪੀ. ਐਲ. ਆਈ. ਕੋਆਰਡੀਨੇਟਰ ਵੱਲੋਂ ਸਾਰੇ ਹਾਜ਼ਰ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਸੌਗੰਧ ਵੀ ਦਿਵਾਈ ਗਈ, ਜਿਸ ਵਿੱਚ ਉਨ੍ਹਾਂ ਨੇ ਵਾਅਦਾ ਕੀਤਾ ਕਿ ਉਹ ਖੁਦ ਨਸ਼ਿਆਂ ਤੋਂ ਦੂਰ ਰਹਿਣਗੇ ਅਤੇ ਕਿਸੇ ਨਵੇਂ ਵਿਅਕਤੀ ਨੂੰ ਨਸ਼ੇ ਵੱਲ ਨਹੀਂ ਲੈ ਕੇ ਜਾਣਗੇ। ਇਸ ਮੌਕੇ ਤਰਸੇਮ ਲਾਲ, ਪ੍ਰੀਤੀ, ਪ੍ਰਿਆਂਸ਼ੂ, ਪ੍ਰਵੇਸ਼, ਅਰੁਣ, ਸੁਰਜੀਤ ਕੌਰ, ਕਮਲਜੀਤ ਕੌਰ, ਅਮਨ, ਮੀਨੂ, ਸੁਸ਼ੀਲ ਸੂਦ, ਰਿਤੂ ਅਤੇ ਅਮਨਦੀਪ ਸਮੇਤ ਹੋਰ ਵੀ ਕਈ ਵਿਅਕਤੀ ਮੌਜੂਦ ਸਨ।

# ਅੰਮ੍ਰਿਤਸਰ 'ਚ ਵੇਅਰਹਾਊਸ ਮੁਲਾਜ਼ਮਾਂ ਦਾ ਰੋਸ ਪ੍ਰਦਰਸ਼ਨ

**ਅੰਮ੍ਰਿਤਸਰ/ਬਿਊਰੋ**

ਅੰਮ੍ਰਿਤਸਰ ਵਿੱਚ ਪੰਜਾਬ ਵੇਅਰਹਾਊਸ ਕਾਰਪੋਰੇਸ਼ਨ ਦੇ ਡਿਸਟ੍ਰਿਕਟ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਮੌਤ ਮਾਮਲੇ ਨੇ ਹੁਣ ਗੰਭੀਰ ਰੂਪ ਧਾਰ ਲਿਆ ਹੈ। ਇਸ ਘਟਨਾ ਨੂੰ ਲੈ ਕੇ ਵੇਅਰਹਾਊਸ ਦੇ ਮੁਲਾਜ਼ਮਾਂ ਵਿੱਚ ਭਾਰੀ ਗੁੱਸਾ ਦੇਖਣ ਨੂੰ ਮਿਲ ਰਿਹਾ ਹੈ। ਇਨਸਾਫ ਦੀ ਮੰਗ ਨੂੰ ਲੈ ਕੇ



ਕਰਮਚਾਰੀਆਂ ਨੇ EMC ਹਸਪਤਾਲ ਦੇ ਬਾਹਰ ਇਕੱਠੇ ਹੋ ਕੇ ਧਰਨਾ ਪ੍ਰਦਰਸ਼ਨ ਕੀਤਾ ਅਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਧਰਨੇ ਦੌਰਾਨ ਮੁਲਾਜ਼ਮਾਂ ਨੇ ਦੱਸਿਆ ਕਿ ਰੰਧਾਵਾ ਕਾਫ਼ੀ ਸਮੇਂ ਤੋਂ ਮਾਨਸਿਕ ਦਬਾਅ ਹੇਠ ਸਨ ਅਤੇ ਉਨ੍ਹਾਂ 'ਤੇ ਲਗਾਤਾਰ ਟਾਰਚਰ ਕੀਤਾ ਜਾ ਰਿਹਾ ਸੀ। ਉਨ੍ਹਾਂ ਦਾ ਦਾਅਵਾ ਹੈ ਕਿ ਇਸੇ ਤਣਾਅ ਕਾਰਨ ਰੰਧਾਵਾ ਨੇ ਜ਼ਹਿਰ ਖਾ ਕੇ ਆਪਣੀ ਜਾਨ ਦੇ ਦਿੱਤੀ। ਇਸ ਮਾਮਲੇ ਵਿੱਚ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ, ਉਨ੍ਹਾਂ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਅਤੇ ਪੀਏ ਦਿਲਬਾਗ ਸਿੰਘ ਖ਼ਿਲਾਫ਼ ਮਾਮਲਾ ਦਰਜ ਹੋ ਚੁੱਕਾ ਹੈ, ਪਰ ਮੁਲਾਜ਼ਮ ਇਸ ਕਾਰਵਾਈ ਨਾਲ ਸੰਤੁਸ਼ਟ ਨਹੀਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਕੇਸ ਦਰਜ ਕਰਨਾ ਹੀ ਕਾਫ਼ੀ ਨਹੀਂ, ਜਦ ਤੱਕ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਸਖ਼ਤ ਸਜ਼ਾ ਨਹੀਂ ਦਿੱਤੀ ਜਾਂਦੀ, ਉਹ ਆਪਣਾ ਸੰਘਰਸ਼ ਜਾਰੀ ਰੱਖਣਗੇ। ਮੁਲਾਜ਼ਮਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕਰਵਾਈ ਜਾਵੇ ਅਤੇ ਮ੍ਰਿਤਕ ਦੇ ਪਰਿਵਾਰ ਨੂੰ ਇਨਸਾਫ ਦਿਵਾਇਆ ਜਾਵੇ। ਇਸ ਘਟਨਾ ਨੇ ਸਿਰਫ਼ ਅੰਮ੍ਰਿਤਸਰ ਹੀ ਨਹੀਂ, ਸਗੋਂ ਸਾਰੇ ਪੰਜਾਬ ਵਿੱਚ ਸਿਆਸੀ ਅਤੇ ਸਮਾਜਿਕ ਮਾਹੌਲ ਨੂੰ ਵੀ ਗਰਮਾ ਦਿੱਤਾ ਹੈ।

# ਅਮਰਜੀਤ ਕੌਰ ਗਰੇਵਾਲ ਪ੍ਰਧਾਨ ਨਿਯੁਕਤ

**ਮੁੱਲਾਪੁਰ ਦਾਖਾ/ਅਸ਼ਵਨੀ ਅਹੂਜਾ**

ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿਖੇ ਕ੍ਰਿਸ਼ਨ ਕੁਮਾਰ ਬਾਵਾ ਪ੍ਰਧਾਨ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਚੈਰੀਟੇਬਲ ਟਰੱਸਟ ਦੇ ਟਰੱਸਟੀ ਦਿਲਜੀਤ ਸਿੰਘ ਹਿੱਸੋਵਾਲ (ਯੂ.ਐੱਸ.ਏ) ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਸਮੇਂ ਉੱਘੀ ਸਮਾਜ ਸੇਵਿਕਾ ਬੀਬੀ ਅਮਰਜੀਤ ਕੌਰ ਗਰੇਵਾਲ, ਜੋ ਲੰਮੇ ਸਮੇਂ ਤੋਂ ਅਮਰੀਕਾ ਵਿੱਚ ਰਹਿੰਦੇ ਹਨ, ਉਹਨਾਂ ਨੂੰ ਸ੍ਰੀ ਬਾਵਾ ਨੇ ਗੁਰਮੀਤ ਸਿੰਘ ਗਿੱਲ ਪ੍ਰਧਾਨ ਅੰਤਰਰਾਸ਼ਟਰੀ ਫਾਊਂਡੇਸ਼ਨ ਅਮਰੀਕਾ ਨਾਲ ਸਲਾਹ ਮਸ਼ਵਰੇ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਅਮਰੀਕਾ ਦੀ ਇਸਤਰੀ ਵਿੰਗ ਦੀ



ਪ੍ਰਧਾਨ ਨਿਯੁਕਤ ਕੀਤਾ ਜਦ ਕਿ ਇਸ ਸਮੇਂ ਅਜੀਤ ਸਿੰਘ ਗਿੱਲ ਸ਼ਹਿਜ਼ਾਦ ਸਮਾਜਸੇਵੀ ਨੂੰ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਪੰਜਾਬ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਅਤੇ ਉਪਰੋਕਤ ਸ਼ਖ਼ਸ਼ੀਅਤਾਂ ਨੂੰ ਬਾਵਾ ਨੇ ਸਨਮਾਨਿਤ ਵੀ ਕੀਤਾ।

ਇਸ ਸਮੇਂ ਬੀਬੀ ਅਮਰਜੀਤ ਕੌਰ ਗਰੇਵਾਲ ਨੇ ਬਾਵਾ ਅਤੇ ਗਿੱਲ ਦਾ ਇਸ ਨਿਯੁਕਤੀ ਲਈ ਵਿਸ਼ੇਸ਼ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਗੁਰਮੀਤ ਸਿੰਘ ਗਿੱਲ ਹੋਰਾਂ ਦੀ ਸਰਪ੍ਰਸਤੀ ਹੇਠ ਅਮਰੀਕਾ ਵਿੱਚ ਪੰਜਾਬੀਆਂ ਨਾਲ ਸੰਪਰਕ ਕਰਕੇ ਇਸਤਰੀ ਵਿੰਗ ਦੀ ਟੀਮ ਦਾ ਗਠਨ ਕਰਨਗੇ ਤਾਂ ਕਿ ਮਹਾਨ ਯੋਧੇ ਜਰਨੈਲ, ਕਿਸਾਨੀ ਦੇ ਮੁਕਤੀਦਾਤਾ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜੀਵਨ ਨਾਲ ਸੰਬੰਧਿਤ ਦਿਹਾੜੇ ਅਸੀਂ ਸਾਰੇ ਰਲ-ਮਿਲ ਕੇ ਅਮਰੀਕਾ ਦੀ ਧਰਤੀ 'ਤੇ ਮਨਾਈਏ। ਇਸ ਸਮੇਂ ਦਿਲਜੀਤ ਸਿੰਘ ਹਿੱਸੋਵਾਲ (ਯੂ.ਐੱਸ.ਏ) ਟਰੱਸਟੀ ਨੇ ਬੀਬੀ ਅਮਰਜੀਤ ਕੌਰ ਗਰੇਵਾਲ ਨੂੰ ਵਧਾਈ ਦਿੱਤੀ ਅਤੇ ਸਹਿਯੋਗ ਦਾ ਭਰੋਸਾ ਦਿਵਾਇਆ।

# ਮੀਡੀਆ ਕੰਟੈਂਟ ਜਨਰੇਸ਼ਨ ਲਈ ਐਨ. ਆਈ. ਟੀ. ਟੀ. ਆਰ ਚੰਡੀਗੜ੍ਹ ਵਿੱਚ ਨਵੀਨਤਮ ਡਿਜੀਟਲ ਟੂਲਸ 'ਤੇ ਆਈ. ਟੀ. ਈ. ਸੀ ਪ੍ਰੋਗਰਾਮ

**ਚੰਡੀਗੜ੍ਹ/ਬਿਊਰੋ**

ਮੀਡੀਆ ਕੰਟੈਂਟ ਜਨਰੇਸ਼ਨ ਲਈ ਨਵੀਨਤਮ ਡਿਜੀਟਲ ਟੂਲਸ"ਵਿਸ਼ੇ ਉੱਤੇ ਇੱਕ ਹਫ਼ਤੇ ਦਾ ਭਾਰਤੀ ਤਕਨੀਕੀ ਅਤੇ ਆਰਥਿਕ ਸਹਿਯੋਗ (ITEC) ਪ੍ਰੋਗਰਾਮ 18 ਮਾਰਚ ਤੋਂ 24 ਮਾਰਚ, 2026 ਤੱਕ NITTTR ਚੰਡੀਗੜ ਵਿੱਚ ਸ਼ੁਰੂ ਹੋਇਆ। ਇਸ ਪ੍ਰੋਗਰਾਮ ਵਿੱਚ ਕੈਮਰੂਨ, ਗਵਾਟੇਮਾਲਾ, ਲਾਈਬੇਰੀਆ, ਫਿਲਿਸਤੀਨ, ਰੂਸ, ਸ੍ਰੀਲੰਕਾ, ਤੰਜਾਨੀਆ, ਟੋਗੋ ਅਤੇ ਵੀਅਤਨਾਮ ਸਮੇਤ 9 ਦੇਸ਼ਾਂ ਦੇ ਪ੍ਰਤਿਭਾਗੀ ਸ਼ਾਮਲ ਹੋਏ ਹਨ, ਜੋ ਇਸ ਦੇ ਵਿਸ਼ਵਵਿਆਪੀ ਵਿਸਥਾਰ ਅਤੇ ਸਹਿਯੋਗਾਤਮਕ ਭਾਵਨਾ ਨੂੰ ਦਰਸਾਉਂਦਾ ਹੈ। ਪ੍ਰੋ. (ਡਾ.) ਬੀ. ਆਰ. ਗੁਰਜਰ, ਡਾਇਰੈਕਟਰ, NITTTR ਚੰਡੀਗੜ੍ਹ ਨੇ ਪਤਵੰਤਿਆਂ ਅਤੇ



ਅੰਤਰਰਾਸ਼ਟਰੀ ਭਾਗੀਦਾਰਾਂ ਦਾ ਸੁਆਗਤ ਕੀਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਤੇਜ਼ੀ ਨਾਲ ਵਿਕਸਿਤ ਹੋ ਰਹੇ ਵਿਸ਼ਵਵਿਆਪੀ ਸੰਚਾਰ ਦ੍ਰਿਸ਼ ਵਿੱਚ ਡਿਜੀਟਲ ਮੀਡੀਆ ਹੁਨਰਾਂ ਦੇ ਵਧਦੇ ਮਹੱਤਵ 'ਤੇ ਜ਼ੋਰ ਦਿੱਤਾ।ਉਨ੍ਹਾਂ ਨੇ ਪੇਸ਼ੇਵਰਾਂ ਲਈ ਉਭਰਦੇ ਟੂਲਸ ਅਤੇ ਤਕਨੀਕਾਂ ਨਾਲ ਅੱਪਡੇਟ ਰਹਿਣ ਦੀ ਜ਼ਰੂਰਤ ਨੂੰ ਉਜਾਗਰ ਕੀਤਾ। ਮੁੱਖ ਮਹਿਮਾਨ, ਸ਼੍ਰੀ ਵਿਰਾਜ ਸਿੰਘ, ਵਧੀਕ ਸਕੱਤਰ, ਵਿਦੇਸ਼ ਮੰਤਰਾਲੇ, ਭਾਰਤ ਸਰਕਾਰ ਨੇ ਉਦਘਾਟਨੀ ਭਾਸ਼ਣ ਦਿੱਤਾ। ਉਨ੍ਹਾਂ ਨੇ ITEC ਪ੍ਰੋਗਰਾਮ ਦੀ ਅੰਤਰਰਾਸ਼ਟਰੀ ਸਹਿਯੋਗ, ਗਿਆਨ ਨਿਯਮ ਅਤੇ ਭਾਗੀਦਾਰ ਦੇਸ਼ਾਂ ਦਰਮਿਆਨ ਸਮਰੱਥਾ ਨਿਰਮਾਣ ਨੂੰ ਹੁਲਾਰਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨੂੰ ਰੇਖਾਂਕਿਤ ਕੀਤਾ। ਉਨ੍ਹਾਂ ਨੇ ਅੱਜ ਆਪਸ ਵਿੱਚ ਜੁੜੇ ਵਿਸ਼ਵ ਵਿੱਚ ਸੰਚਾਰ, ਸਿੱਖਿਆ ਅਤੇ ਗਿਆਨ ਦੇ ਪ੍ਰਸਾਰ ਲਈ ਆਧੁਨਿਕ ਡਿਜੀਟਲ ਟੂਲਸ ਦੀ ਪ੍ਰਭਾਵੀ ਵਰਤੋਂ ਕਰਨ ਦੇ ਮਹੱਤਵ 'ਤੇ ਜ਼ੋਰ ਦਿੱਤਾ। ਤਕਨੀਕੀ ਸਿੱਖਿਆ ਤੋਂ ਅੱਗੇ ਵਧ ਕੇ, ਉਨ੍ਹਾਂ ਨੇ ਪ੍ਰਤਿਭਾਗੀਆਂ ਨੂੰ ਆਪਣੇ ਪ੍ਰਵਾਸ ਦੌਰਾਨ ਭਾਰਤ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ ਅਤੇ ਪਰੰਪਰਾਵਾਂ ਨਾਲ ਸਰਗਰਮ ਤੌਰ 'ਤੇ ਜੁੜਨ ਲਈ ਉਤਸ਼ਾਹਿਤ ਕੀਤਾ, ਇਸ ਨੂੰ ਉਨ੍ਹਾਂ ਦੇ ਸਮੁੱਚੇ ਅਨੁਭਵ ਦਾ ਅਨਿਖੜਵਾਂ ਹਿੱਸਾ ਦੱਸਿਆ। ਉਨ੍ਹਾਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਪ੍ਰਤੀਭਾਗੀ ਆਪਣੇ-ਆਪਣੇ ਦੇਸ਼ਾਂ ਵਿੱਚ ਕੀਮਤੀ ਅੰਤਰਦ੍ਰਿਸ਼ਟੀ ਅਤੇ ਹੁਨਰ ਲੈ ਕੇ ਜਾਣਗੇ। ਪ੍ਰੋ. (ਡਾ.) ਰਾਕੇਸ਼ ਕੇ.ਵਾਟਸ, ਪ੍ਰੋਗਰਾਮ ਕੋਆਰਡੀਨੇਟਰ, ਪ੍ਰੋਫੈਸਰ ਅਤੇ ਵਿਭਾਗ ਮੁਖੀ, ਮੀਡੀਆ ਇੰਜੀਨੀਅਰਿੰਗ ਵਿਭਾਗ ਨੇ ਪ੍ਰੋਗਰਾਮ ਦਾ ਵਿਸਤ੍ਰਿਤ ਅਵਲੋਕਨ ਪੇਸ਼ ਕੀਤਾ, ਜਿਸ ਵਿੱਚ ਇਸ ਦੇ ਉਦੇਸ਼ਾਂ, ਢਾਂਚੇ ਅਤੇ ਉਮੀਦ ਕੀਤੇ ਨਤੀਜਿਆਂ ਦੀ ਰੂਪਰੇਖਾ ਦਿੱਤੀ ਗਈ। ਸੈਸ਼ਨ ਵਿੱਚ ਅੰਤਰਰਾਸ਼ਟਰੀ ਪ੍ਰਤੀਭਾਗੀਆਂ ਦੇ ਨਾਲ ਇੱਕ ਦਿਲਚਸਪ ਸੰਵਾਦ ਵੀ ਸ਼ਾਮਲ ਰਿਹਾ, ਜਿਸ ਨੇ ਸੱਭਿਆਚਾਰਕ ਅਦਾਨ-ਪ੍ਰਦਾਨ ਦੀ ਭਾਵਨਾ ਨੂੰ ਪ੍ਰੋਤਸਾਹਿਤ ਕੀਤਾ।

# ਐਵਰੈਸਟ ਬੈਟਰ ਕਿਚਨ ਕੁਲੀਨਰੀ ਚੈਲੇਂਜ 'ਚ ਨੌਜਵਾਨ ਸ਼ੈੱਫਾਂ ਨੇ ਕੀਤਾ ਆਪਣੇ ਹੁਨਰ ਦਾ ਪ੍ਰਦਰਸ਼ਨ

**ਲੁਧਿਆਣਾ/ਸਰਬਜੀਤ**

ਬੈਟਰ ਕਿਚਨ ਮੈਗਜ਼ੀਨ ਦੀ ਇੱਕ ਪ੍ਰਮੁੱਖ ਪਹਿਲਕਦਮੀ, ਐਵਰੈਸਟ ਬੈਟਰ ਕਿਚਨ ਕੁਲੀਨਰੀ ਚੈਲੇਂਜ ਐਵਰੈਸਟ ਬੀਕੇਸੀਸੀ ਦਾ ਪੰਜਾਬ ਰਾਊਂਡ ਪੀਸੀਟੀਈ ਗਰੁੱਪ ਆਫ਼ ਇੰਸਟੀਚਿਊਟਸ, ਲੁਧਿਆਣਾ ਵਿਖੇ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਲੜੀ 19 ਸ਼ਹਿਰਾਂ ਵਿੱਚ ਆਯੋਜਿਤ ਕੀਤੀ ਜਾ ਰਹੀ ਹੈ, ਜਿਸਦਾ ਗ੍ਰੈਂਡ ਫਿਨਾਲੇ ਮੁੰਬਈ ਵਿੱਚ ਹੋ ਰਿਹਾ ਹੈ। ਮੁਕਾਬਲੇ ਦਾ ਮੁੱਖ ਉਦੇਸ਼ ਭਾਰਤੀ ਖੇਤਰੀ ਪਕਵਾਨਾਂ ਵਿੱਚ ਨੌਜਵਾਨਾਂ ਵਿੱਚ ਦਿਲਚਸਪੀ ਪੈਦਾ ਕਰਨਾ ਅਤੇ ਇਸਨੂੰ ਇੱਕ ਵਿਸ਼ਵਵਿਆਪੀ ਪਲੇਟਫਾਰਮ 'ਤੇ ਉਤਸ਼ਾਹਿਤ ਕਰਨਾ ਹੈ। 'ਭਾਰਤ ਦੇ ਸੁਆਦ' ਥੀਮ ਦੇ ਤਹਿਤ, ਭਾਗੀਦਾਰਾਂ ਨੂੰ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਰਵਾਇਤੀ ਸੁਆਦਾਂ ਨੂੰ ਆਧੁਨਿਕ ਤਰੀਕੇ ਨਾਲ ਪੇਸ਼ ਕਰਨ ਦਾ ਮੌਕਾ ਮਿਲਿਆ। ਇਹ ਪਹਿਲ ਨਾ ਸਿਰਫ਼ ਭਾਰਤੀ ਪਕਵਾਨਾਂ ਦੀ ਵਿਭਿੰਨਤਾ ਨੂੰ ਉਜਾਗਰ ਕਰਦੀ ਹੈ ਬਲਕਿ ਇਸਦੀ ਪ੍ਰਮਾਣਿਕਤਾ ਅਤੇ ਪੌਸ਼ਟਿਕ ਮੁੱਲ ਨੂੰ ਸੁਰੱਖਿਅਤ ਰੱਖਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੰਦੀ ਹੈ। ਲੁਧਿਆਣਾ ਵਿੱਚ ਆਯੋਜਿਤ ਇਸ ਰਾਊਂਡ ਵਿੱਚ ਭਾਗੀਦਾਰਾਂ ਨੇ ਆਪਣੇ ਹੁਨਰ, ਰਚਨਾਤਮਕਤਾ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ। ਇਹ ਮੁਕਾਬਲਾ ਵਿਦਿਆਰਥੀਆਂ ਨੂੰ



ਅਕਾਦਮਿਕ ਗਿਆਨ ਦੇ ਨਾਲ-ਨਾਲ ਵਿਹਾਰਕ ਉਦਯੋਗ ਦਾ ਤਜਰਬਾ ਪ੍ਰਦਾਨ ਕਰਦਾ ਹੈ। ਭਾਗੀਦਾਰ ਅੰਤਰਰਾਸ਼ਟਰੀ ਮੌਕਿਆਂ ਤੋਂ ਵੀ ਲਾਭ ਉਠਾਉਂਦੇ ਹਨ, ਜਿਸ ਵਿੱਚ ਬ੍ਰਿਜ ਯੂਐਸਏ ਜੇ-1 ਐਕਸਚੇਂਜ ਵਿਜ਼ਿਟਰ ਪ੍ਰੋਗਰਾਮ ਦੇ ਤਹਿਤ 500 ਡਾਲਰ ਦੀ ਡਬਲਯੂਸੀਈ ਸਕਾਲਰਸ਼ਿਪ ਅਤੇ ਯੂਰਪ ਵਿੱਚ ਹੋਰ ਪੜ੍ਹਾਈ ਦੇ ਮੌਕੇ ਸ਼ਾਮਲ ਹਨ। ਇਸ ਮੌਕੇ 'ਤੇ ਬੋਲਦੇ ਹੋਏ, ਬੈਟਰ ਕਿਚਨ ਦੀ ਪ੍ਰਕਾਸ਼ਕ ਏਕਤਾ ਭਾਰਗਵ ਨੇ ਕਿਹਾ, 'ਸਾਡਾ ਉਦੇਸ਼ ਨੌਜਵਾਨ ਸ਼ੈੱਫਾਂ ਨੂੰ ਭਾਰਤੀ ਖੇਤਰੀ ਪਕਵਾਨਾਂ ਦੀ ਅਮੀਰ ਵਿਰਾਸਤ ਨਾਲ ਜੋੜਨਾ ਹੈ ਤਾਂ ਜੋ ਉਹ ਉਨ੍ਹਾਂ ਨੂੰ ਦੁਨੀਆ ਦੇ ਸਾਹਮਣੇ ਮਾਣ ਨਾਲ ਪੇਸ਼ ਕਰ ਸਕਣ। ਮੁਕਾਬਲੇ ਵਿੱਚ ਮੌਜੂਦ ਉਦਯੋਗ ਮਾਹਿਰਾਂ ਅਤੇ ਮਹਿਮਾਨ ਨਿਵਾਜ਼ੀ ਆਗੂਆਂ ਨੇ ਭਾਗੀਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਰਾਸ਼ਟਰੀ ਪੱਧਰ ਦੇ ਜੇਤੂਆਂ ਨੂੰ 51,000, 21,000, ਅਤੇ 11,000 ਦੇ ਨਕਦ ਇਨਾਮ ਮਿਲਣਗੇ, ਜਦੋਂ ਕਿ ਉਨ੍ਹਾਂ ਦੀਆਂ ਸੰਸਥਾਵਾਂ ਨੂੰ ਕ੍ਰਮਵਾਰ 25,000, 10,000 ਅਤੇ 5,000 ਮਿਲਣਗੇ। ਲੁਧਿਆਣਾ ਦੌਰ ਦੇ ਸਫਲ ਸਮਾਪਨ ਦੇ ਨਾਲ, ਮੁਕਾਬਲਾ ਇੱਕ ਵਾਰ ਫਿਰ ਸਾਬਤ ਕਰਦਾ ਹੈ ਕਿ ਭਾਰਤ ਦੇ ਨੌਜਵਾਨ ਸ਼ੈੱਫ ਨਾ ਸਿਰਫ ਪ੍ਰਤਿਭਾਸ਼ਾਲੀ ਹਨ ਬਲਕਿ ਉਨ੍ਹਾਂ ਵਿੱਚ ਭਾਰਤੀ ਪਕਵਾਨਾਂ ਨੂੰ ਵਿਸ਼ਵਵਿਆਪੀ ਮਾਨਤਾ ਦੇਣ ਦੀ ਸਮਰੱਥਾ ਵੀ ਹੈ।

# ਮੱਛੀ ਪਾਲਣ ਵਿਭਾਗ ਦੇ ਸਕੱਤਰ ਵੱਲੋਂ ਪਿੰਡ ਜੈਤੋਵਾਲੀ ਦੇ ਮੱਛੀ ਤਲਾਬ ਦਾ ਦੌਰਾ

**ਜਲੰਧਰ/ਬਿਊਰੋ**

ਸਕੱਤਰ, ਮੱਛੀ ਪਾਲਣ ਵਿਭਾਗ, ਪਸ਼ੂ ਪਾਲਣ ਅਤੇ ਡੇਅਰੀ ਮੰਤਰਾਲੇ ਭਾਰਤ ਸਰਕਾਰ ਡਾ. ਅਭਿਲਕਸ਼ ਲਿਖੀ ਨੇ ਅੱਜ ਜਲੰਧਰ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਪਿੰਡ ਜੈਤੋਵਾਲੀ, (ਜੰਡੂ ਸਿੰਘਾ) ਵਿਖੇ ਅਹਨੀਰ ਕੌਰ ਪੁੱਤਰੀ ਸੁਖਵਿੰਦਰ ਸਿੰਘ ਦੇ ਮੱਛੀ ਤਲਾਬ ਦਾ ਨਿਰੀਖਣ ਕੀਤਾ। ਇਸ ਮੌਕੇ ਕਪੂਰਥਲਾ, ਹੁਸ਼ਿਆਰਪੁਰ ਅਤੇ ਐਸ.ਬੀ.ਐਸ. ਨਗਰ ਜ਼ਿਲ੍ਹਿਆਂ ਦੇ ਪ੍ਰਗਤੀਸ਼ੀਲ ਮੱਛੀ ਪਾਲਕ ਵੀ ਮੌਜੂਦ ਸਨ। ਇਸ ਮੌਕੇ ਡਾ. ਲਿਖੀ ਨੇ ਜਿਥੇ ਪੀ.ਐਮ.ਐਮ.ਐਸ.ਵਾਈ. ਯੋਜਨਾ ਦਾ ਜਾਇਜ਼ਾ ਲਿਆ, ਉੱਥੇ ਮੱਛੀ ਪਾਲਕਾਂ ਨਾਲ ਗੱਲਬਾਤ ਕੀਤੀ। ਡਾ. ਲਿਖੀ ਨੇ ਰਾਜ ਵਿੱਚ ਮੱਛੀ ਪਾਲਣ ਖੇਤਰ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਮੱਛੀ ਪਾਲਣ ਵਿਭਾਗ, ਪੰਜਾਬ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਹੋਰ ਕਿਸਾਨਾਂ ਨੂੰ ਵੀ ਮੱਛੀ ਪਾਲਣ ਨੂੰ ਸਹਾਇਕ ਕਿੱਤੇ ਵਜੋਂ ਅਪਣਾਉਣ



ਲਈ ਅੱਗੇ ਆਉਣਾ ਚਾਹੀਦਾ ਹੈ। ਡਾਇਰੈਕਟਰ ਅਤੇ ਵਾਰਡਨ, ਮੱਛੀ ਪਾਲਣ ਪੰਜਾਬ ਕਰਮਜੀਤ ਸਿੰਘ ਨੇ ਦੱਸਿਆ ਕਿ ਰਾਜ ਵਿੱਚ ਵੱਖ-ਵੱਖ ਮੱਛੀ ਪਾਲਣ ਵਿਕਾਸ ਪਹਿਲਕਦਮੀਆਂ ਤਹਿਤ ਕੁੱਲ 767 ਕਿਸਾਨਾਂ ਨੂੰ 35.34 ਕਰੋੜ ਰੁਪਏ ਦੀ ਸਬਸਿਡੀ ਪ੍ਰਦਾਨ ਕੀਤੀ ਗਈ ਹੈ। ਇਸ ਮੌਕੇ ਮੱਛੀ ਪਾਲਣ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਪਿੰਡ ਜੈਤੋਵਾਲੀ ਵਿਖੇ ਲਾਭਪਾਤਰੀ ਨੇ ਯੋਜਨਾ ਦੀ ਮਹਿਲਾ ਸ਼੍ਰੇਣੀ ਅਧੀਨ 60 ਫੀਸਦੀ, ਜੋ ਕਿ 3,14,685/- ਰੁਪਏ ਬਣਦੀ ਹੈ, ਦੀ ਸਬਸਿਡੀ ਪ੍ਰਾਪਤ ਕੀਤੀ ਹੈ। ਲਾਭਪਾਤਰੀ ਨੇ ਇਥੇ ਇੱਕ ਸੂਰਜੀ ਊਰਜਾ ਪ੍ਰਣਾਲੀ ਸਥਾਪਤ ਕਰਨ ਤੋਂ ਇਲਾਵਾ ਬੱਤਖ ਪਾਲਣ ਦਾ ਕਿੱਤਾ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਇੱਕ ਹੋਰ ਲਾਭਪਾਤਰੀ ਜਤਿੰਦਰ ਕੁਮਾਰ ਪੁੱਤਰ ਸੁਰਿੰਦਰ ਕੁਮਾਰ, ਬਸਤੀ ਅੱਡਾ ਮੱਛੀ ਮੰਡੀ, ਜਲੰਧਰ ਨਾਲ ਵੀ ਗੱਲਬਾਤ ਕੀਤੀ, ਜਿਸਨੂੰ ਇੱਕ ਇੰਸੂਲੇਟਿਡ ਵਾਹਨ ਦੀ ਖ਼ਰੀਦ ਲਈ ਯੋਜਨਾ ਅਧੀਨ 7,71,640 ਰੁਪਏ ਦੀ ਵਿੱਤੀ ਸਹਾਇਤਾ ਪ੍ਰਾਪਤ ਹੋਈ ਸੀ।

# ਡੀਸੀਐਮ ਯੈਸ ਸਕੂਲ ਵਿੱਚ ਵੰਡਰਫੁਲ ਆਉਟਸਟੈਂਡਿੰਗ ਵੂਮਨ ਅਵਾਰਡਜ਼ ਦਾ ਚੌਥਾ ਐਡੀਸ਼ਨ ਆਯੋਜਿਤ

**ਲੁਧਿਆਣਾ/ਤਮੰਨਾ ਬੇਦੀ**

ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ ਮਹਿਲਾਵਾਂ ਨੂੰ ਸਨਮਾਨਿਤ ਕਰਨ ਦੇ ਉਦੇਸ਼ ਨਾਲ ਵੰਡਰਫੁਲ ਆਉਟਸਟੈਂਡਿੰਗ ਵੂਮਨ ਅਵਾਰਡਜ਼ ਦਾ ਚੌਥਾ ਸੰਸਕਰਣ ਡੀਸੀਐਮ ਯੈਸ ਸਕੂਲ ਵਿੱਚ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਦਾ ਆਯੋਜਨ ਦਾਸ ਫਾਊਂਡੇਸ਼ਨ ਵੱਲੋਂ ਕੀਤਾ ਗਿਆ, ਜਿਸ ਨੂੰ ਫੋਮੇਰਾਹ ਗ੍ਰੀਨਜ਼, ਫਿੱਕੀ ਫਲੋ ਲੁਧਿਆਣਾ ਅਤੇ ਸਟਾਰ ਮਾਮਜ਼ ਕਲੱਬ ਦੇ ਸਹਿਯੋਗ ਨਾਲ ਸ਼ਾਨਦਾਰ ਢੰਗ ਨਾਲ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੀ ਪ੍ਰਿੰਸੀਪਲ ਮੀਨੂ ਚੋਪੜਾ ਨੇ ਦੱਸਿਆ ਕਿ ਇਸ ਸਾਲ ਅਵਾਰਡਜ਼ ਦੀ ਥੀਮ "ਵੂਮਨ ਹੂ ਬਿਲਡ ਦ ਫਿਊਚਰ"ਰੱਖੀ ਗਈ ਹੈ। ਇਸ ਦਾ ਉਦੇਸ਼ ਉਹਨਾਂ ਪ੍ਰੇਰਣਾਦਾਇਕ ਮਹਿਲਾਵਾਂ ਨੂੰ ਸਨਮਾਨਿਤ ਕਰਨਾ ਹੈ ਜੋ ਆਪਣੇ ਨੇਤ੍ਰਿਤਵ ਅਤੇ ਨਵੀਨਤਾ ਰਾਹੀਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆ ਰਹੀਆਂ ਹਨ ਅਤੇ ਭਵਿੱਖ ਦੀ ਨਿਰਮਾਣ ਪ੍ਰਕਿਰਿਆ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਅਵਾਰਡਜ਼ ਲਈ 11 ਵੱਖ-ਵੱਖ ਸ਼੍ਰੇਣੀਆਂ ਵਿੱਚ 100 ਤੋਂ ਵੱਧ ਮਹਿਲਾਵਾਂ ਨੇ ਨਾਮਜ਼ਦਗੀਆਂ ਭੇਜੀਆਂ ਸਨ, ਜਿਨ੍ਹਾਂ ਵਿੱਚੋਂ 49 ਸ਼ਾਨਦਾਰ ਮਹਿਲਾਵਾਂ ਨੂੰ ਉਨ੍ਹਾਂ ਦੇ ਵਿਸ਼ੇਸ਼ ਕਾਰਜ ਅਤੇ ਸਮਾਜ ਵਿੱਚ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਨ੍ਹਾਂ ਸ਼੍ਰੇਣੀਆਂ ਵਿੱਚ ਉਦਯਮਤਾ ਅਤੇ ਸਟਾਰਟ-ਅਪ ਐਕਸਲੈਂਸ, ਕਲਾ, ਸਭਿਆਚਾਰ ਅਤੇ ਵਿਰਾਸਤ, ਪ੍ਰਸ਼ਾਸਨ, ਮੀਡੀਆ ਅਤੇ ਗਵਰਨੈਂਸ, ਸਿੱਖਿਆ, ਮੈਨਟਰਸ਼ਿਪ ਅਤੇ ਲਾਈਫ ਕੋਚਿੰਗ ਸਮੇਤ ਵਿਸ਼ੇਸ਼ ਸਨਮਾਨ ਸ਼੍ਰੇਣੀਆਂ ਵੀ ਸ਼ਾਮਲ ਸਨ। ਇਸ ਸਮਾਗਮ ਦੀ ਅਧ?ਯਕਸ਼ਤਾ ਡੀਸੀਐਮ ਗਰੁੱਪ ਆਫ ਸਕੂਲਜ਼ ਦੇ ਸੀਈਓ ਡਾ. ਅਨਿਰੁੱਧ ਗੁਪਤਾ ਨੇ ਕੀਤੀ। ਸਮਾਗਮ ਵਿੱਚ ਮੁੱਖ ਅਤਿਥੀ ਵਜੋਂ ਲੁਧਿਆਣਾ ਦੀ ਮੇਅਰ ਇੰਦਰਜੀਤ ਕੌਰ ਮੌਜੂਦ ਰਹੀ।

ਵਿਸ਼ੇਸ਼ ਮਹਿਮਾਨਾਂ ਵਿੱਚ ਲੁਧਿਆਣਾ ਦੱਖਣ ਦੀ ਵਿਧਾਇਕ ਰਾਜਿੰਦਰਪਾਲ ਕੌਰ ਚਿੰਨਾ, ਪੰਜਾਬ ਰਾਜ ਸਮਾਜ ਕਲਿਆਣ ਬੋਰਡ ਦੀ ਚੇਅਰਪਰਸਨ ਸਿੰਮੀ ਪਾਸ਼ਨ ਚੋਪੜਾ, ਪੰਜਾਬ ਰਾਜ ਬਾਲ ਅਧਿਕਾਰ ਸੰਰਕਸ਼ਣ ਕਮਿਸ਼ਨ ਦੀ ਉਪ-ਚੇਅਰਪਰਸਨ ਗੁੰਜਿਤ ਰੁਚੀ ਬਾਵਾ, ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਮੈਂਬਰ ਅਜਿੰਦਰਪਾਲ ਕੌਰ, ਮਹਿੱਲਾ ਮੋਰਚਾ ਪੰਜਾਬ ਦੀ ਵਾਈਸ ਪ੍ਰੈਜ਼ੀਡੈਂਟ ਰਾਸ਼ੀ ਅਗਰਵਾਲ, ਐਡੀਸ਼ਨਲ ਡਿਸਟ੍ਰਿਕਟ ਐਂਡ ਸੈਸ਼ਨਜ਼ ਜੱਜ ਸ਼ਿਖਾ ਗੋਇਲ, ਐਡੀਸ਼ਨਲ ਡਿਸਟ੍ਰਿਕਟ ਐਂਡ ਸੈਸ਼ਨਜ਼ ਜੱਜ ਮਨੀਲਾ ਚੁਘ, ਫਿੱਕੀ ਫਲੋ ਲੁਧਿਆਣਾ ਦੀ ਚੇਅਰਪਰਸਨ ਸ਼ਵੇਤਾ ਜਿੰਦਲ, ਫਿੱਕੀ ਫਲੋ ਦੀ ਪੂਰਵ ਚੇਅਰਪਰਸਨ ਰਾਧਿਕਾ ਗੁਪਤਾ, ਸ਼ਿੰਗੋਰਾ ਟੈਕਸਟਾਈਲਜ਼ ਦੀ ਚੇਅਰਪਰਸਨ ਮ੍ਰਿਦੁਲਾ ਜੈਨ, ਮਾਰਕਿਟ ਕਮੇਟੀ ਲੁਧਿਆਣਾ ਦੇ ਪੂਰਵ ਚੇਅਰਮੈਨ ਦਰਸ਼ਨ ਲਾਲ ਬਾਵੇਜਾ ਅਤੇ ਚੀਫ ਮੈਡੀਕਲ ਆਫਿਸਰ ਡਾ. ਪੂਜਾ ਮਾਜੋਤਰਾ ਅਤੇ ਅਮੀਤਾ ਦਹੀਆ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਪ੍ਰੋਗਰਾਮ ਦਾ ਮੁੱਖ ਆਕਰਸ਼ਣ "ਪਾਵਰ, ਪਰਪਜ਼ ਐਂਡ ਪਾਸ਼ਿਬਿਲਿਟੀ: ਪ੍ਰੇਰਣਾਦਾਇਕ ਮਹਿਲਾਵਾਂ ਨਾਲ ਸੰਵਾਦ"ਵਿਸ਼ੇ 'ਤੇ ਆਯੋਜਿਤ ਪੈਨਲ ਚਰਚਾ ਰਹੀ, ਜਿਸ ਵਿੱਚ ਮਹਿਲਾਵਾਂ ਨੇ ਨੇਤ੍ਰਿਤਵ, ਉਦੇਸ਼ ਅਤੇ ਆਜ ਦੇ ਸਮੇਂ ਵਿੱਚ ਮਹਿਲਾਵਾਂ ਲਈ ਉਪਲਬਧ ਮੌਕਿਆਂ ਬਾਰੇ ਆਪਣੇ ਅਨੁਭਵ ਸਾਂਝੇ ਕੀਤੇ। ਇਸ ਤੋਂ ਇਲਾਵਾ ਡੀਸੀਐਮ ਸਕੂਲ ਦੇ ਸਟਾਫ ਅਤੇ ਮਾਤਾਵਾਂ ਵੱਲੋਂ ਪੇਸ਼ ਕੀਤਾ ਗਿਆ ਸੱਭਿਆਚਾਰਕ ਨ੍ਰਿਤਯ ਪ੍ਰੋਗਰਾਮ ਵੀ ਦਰਸ਼ਕਾਂ ਵੱਲੋਂ ਖੂਬ ਸਰਾਹਿਆ ਗਿਆ। ਇਹ ਸਮਾਗਮ ਮਹਿਲਾਵਾਂ ਦੇ ਨੇਤ੍ਰਿਤਵ, ਸੰਘਰਸ਼ ਅਤੇ ਉਪਲਬਧੀਆਂ ਦਾ ਇੱਕ ਪ੍ਰੇਰਣਾਦਾਇਕ ਉਤਸਵ ਸਾਬਤ ਹੋਇਆ। ਵੰਡਰਫੁਲ ਆਉਟਸਟੈਂਡਿੰਗ ਵੂਮਨ ਅਵਾਰਡਜ਼ ਦਾ ਉਦੇਸ਼ ਸਮਾਜ ਵਿੱਚ ਸ਼ਾਨਦਾਰ ਕੰਮ ਕਰਨ ਵਾਲੀਆਂ ਮਹਿਲਾਵਾਂ ਨੂੰ ਸਨਮਾਨਿਤ ਕਰਨਾ ਅਤੇ ਹੋਰ ਮਹਿਲਾਵਾਂ ਨੂੰ ਵੀ ਅੱਗੇ ਵਧਣ ਲਈ ਪ੍ਰੇਰਿਤ ਕਰਨਾ ਹੈ।



ਮਹਾਵੀਰ ਇੰਟਰਨੈਸ਼ਨਲ ਲੁਧਿਆਣਾ ਨੇ ਸੁਸ਼ੀਲ ਕੌੜਾ ਦੀ ਅਗਵਾਈ ਅਤੇ ਰਾਜਕੁਮਾਰ ਜੈਨ ਸ਼ਾਹ ਦੀ ਪ੍ਰਧਾਨਗੀ ਹੇਠ ਇੱਕ ਕੈਂਪ ਦਾ ਆਯੋਜਨ ਕੀਤਾ, ਜਿਸ ਦੌਰਾਨ ਲੋੜਵੰਦਾਂ ਨੂੰ ਮੁਫ਼ਤ ਟ੍ਰਾਈਸਾਈਕਲ ਅਤੇ ਸੁਣਨ ਵਾਲੇ ਯੰਤਰ ਵੰਡੇ ਗਏ। ਮਹਾਂਵੀਰ ਇੰਟਰਨੈਸ਼ਨਲ ਵੱਲੋਂ ਕਨਿਸ਼ਕ ਕੌੜਾ ਅਤੇ ਗੌਰਵ ਜੈਨ ਨੇ ਕੈਂਪ ਵਿੱਚ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ।

# ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ ਲੁਧਿਆਣਾ ਵਿੱਚ 1.74 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦਾ ਕੀਤਾ ਗਿਆ ਉਦਘਾਟਨ

## ਖੰਡਰ ਤੋਂ ਖੇਡ ਮੈਦਾਨ ਤੱਕ: ਲੁਧਿਆਣਾ ਵਿੱਚ ਨਵਾਂ ਸਪੋਰਟਸ ਪਾਰਕ ਹੋਇਆ ਤਿਆਰ

**ਲੁਧਿਆਣਾ/ਵਾਸੂ ਜੇਤਲੀ**

ਨੌਜਵਾਨਾਂ ਵਿੱਚ ਬੁਨਿਆਦੀ ਢਾਂਚੇ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਵੱਡੇ ਉਤਸ਼ਾਹ ਵਜੋਂ ਪੰਜਾਬ ਦੇ ਸਥਾਨਕ ਸਰਕਾਰਾਂ, ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਸ਼ੁੱਕਰਵਾਰ ਨੂੰ ਸ਼ਹਿਰ ਵਿੱਚ ਲਗਭਗ 1.74 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਸ਼ੁੱਕਰਵਾਰ ਨੂੰ ਉਦਘਾਟਨ ਕੀਤੇ ਗਏ ਪ੍ਰੋਜੈਕਟਾਂ ਵਿੱਚ ਲਗਭਗ 91 ਲੱਖ ਰੁਪਏ ਦੀ ਲਾਗਤ ਨਾਲ ਸਥਾਪਿਤ ਚਿਲਡਰਨ ਡੇ (ਸਿਵਲ ਹਸਪਤਾਲ ਦੇ ਪਿਛਲੇ ਪਾਸੇ) ਦੇ ਨੇੜੇ ਇੱਕ ਬਹੁ-ਮੰਤਵੀ ਖੇਡ ਪਾਰਕ, ਕਰੀਬ 38 ਲੱਖ ਰੁਪਏ ਦੀ ਲਾਗਤ ਨਾਲ ਜੈਮਲ ਸਿੰਘ ਰੋਡ 'ਤੇ ਵਿਸ਼ਵਕਰਮਾ ਪਾਰਕ ਦਾ ਪੁਨਰ ਵਿਕਾਸ ਅਤੇ ਕਰੀਬ 45 ਲੱਖ ਰੁਪਏ ਦੀ ਲਾਗਤ ਨਾਲ ਐਸ.ਏ.ਐਸ ਨਗਰ ਵਿੱਚ ਢੋਲੇਵਾਲ ਮਿਲਟਰੀ ਕੰਪਲੈਕਸ ਦੇ ਪਿਛਲੇ ਪਾਸੇ ਸੀਵਰ ਲਾਈਨਾਂ ਵਿਛਾਉਣ ਦਾ ਕੰਮ ਸ਼ਾਮਲ ਹੈ। ਕੈਬਨਿਟ ਮੰਤਰੀ ਅਰੋੜਾ ਨੇ ਕਿਹਾ ਕਿ ਬਹੁ-ਮੰਤਵੀ ਖੇਡ ਪਾਰਕ ਉਸ ਜਗ੍ਹਾ ਨੂੰ ਬਦਲ ਕੇ ਸਥਾਪਿਤ ਕੀਤਾ ਗਿਆ ਹੈ ਜੋ ਦਹਾਕਿਆਂ ਤੋਂ ਖੰਡਰ ਪਈ ਸੀ ਅਤੇ ਕੂੜਾ ਸੁੱਟਣ ਵਾਲੀ ਜਗ੍ਹਾ ਵਜੋਂ ਵਰਤੀ ਜਾਂਦੀ ਸੀ। ਸਪੋਰਟਸ ਪਾਰਕ ਵਿੱਚ ਚਾਰ ਮੈਦਾਨ ਸਥਾਪਤ ਕੀਤੇ ਗਏ ਹਨ ਜਿਨ੍ਹਾਂ ਵਿੱਚ ਇੱਕ ਕ੍ਰਿਕਟ ਗਰਾਊਂਡ (ਬਾਕਸ ਕ੍ਰਿਕਟ), ਪਿਕਲਬਾਲ, ਵਾਲੀਬਾਲ ਅਤੇ ਬਾਸਕਟਬਾਲ ਸ਼ਾਮਲ ਹਨ। ਇਹ ਸਪੋਰਟਸ ਪਾਰਕ ਲਗਭਗ 91 ਲੱਖ ਰੁਪਏ ਦੀ ਲਾਗਤ ਨਾਲ ਸਥਾਪਿਤ ਕੀਤਾ ਗਿਆ ਹੈ। ਇਸ ਜਗ੍ਹਾ 'ਤੇ ਹੁਣ ਗੁਣਵੱਤਾ ਵਾਲਾ ਖੇਡ ਬੁਨਿਆਦੀ ਢਾਂਚਾ ਸਥਾਪਤ ਕੀਤਾ ਗਿਆ ਹੈ ਜੋ ਨੌਜਵਾਨਾਂ ਵਿੱਚ ਖੇਡਾਂ ਦੇ ਸੱਭਿਆਚਾਰ ਨੂੰ ਵਿਕਸਤ ਕਰੇਗਾ ਅਤੇ ਉਨ੍ਹਾਂ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਦੂਰ ਕਰੇਗਾ।



ਇਹ ਖੇਡ ਸਹੂਲਤ ਨਿਵਾਸੀਆਂ ਲਈ ਮੁਫ਼ਤ ਉਪਲਬਧ ਹੋਵੇਗੀ। ਸਪੋਰਟਸ ਪਾਰਕ ਦਾ ਉਦਘਾਟਨ ਕਰਦੇ ਹੋਏ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਨੌਜਵਾਨਾਂ ਨਾਲ ਖੇਡਾਂ ਵੀ ਖੇਡੀਆਂ। ਬਾਅਦ ਵਿੱਚ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਜੈਮਲ ਸਿੰਘ ਰੋਡ (ਗਿੱਲ ਰੋਡ) 'ਤੇ ਮੁੜ ਵਿਕਸਤ ਵਿਸ਼ਵਕਰਮਾ ਪਾਰਕ ਦਾ ਉਦਘਾਟਨ ਕੀਤਾ। ਖੇਡਾਂ ਅਤੇ ਸਿਹਤਮੰਦ ਜੀਵਨ ਨੂੰ ਉਤਸ਼ਾਹਿਤ ਕਰਨ ਲਈ ਪਾਰਕ ਵਿੱਚ ਬੈਡਮਿੰਟਨ ਅਤੇ ਬਾਸਕਟਬਾਲ ਕੋਰਟ ਵੀ ਸਥਾਪਿਤ ਕੀਤੇ ਗਏ ਹਨ। ਪਾਰਕ ਨੂੰ ਕਰੀਬ 38 ਲੱਖ ਰੁਪਏ ਦੀ ਲਾਗਤ ਨਾਲ ਦੁਬਾਰਾ ਵਿਕਸਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕੈਬਨਿਟ ਮੰਤਰੀ ਅਰੋੜਾ ਨੇ ਢੋਲੇਵਾਲ ਮਿਲਟਰੀ ਕੰਪਲੈਕਸ ਦੇ ਪਿਛਲੇ ਪਾਸੇ ਸਥਿਤ ਸਾਹਿਬਜ਼ਾਦਾ ਅਜੀਤ ਸਿੰਘ (ਐਸ.ਏ.ਐਸ.) ਨਗਰ ਵਿੱਚ ਸੀਵਰੇਜ ਲਾਈਨਾਂ ਵਿਛਾਉਣ ਦੇ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ। ਇਹ ਪ੍ਰੋਜੈਕਟ ਲਗਭਗ 45 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਭਰ ਵਿੱਚ ਟਿਕਾਊ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਲੁਧਿਆਣਾ ਸ਼ਹਿਰ ਭਰ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾ ਰਹੇ ਹਨ ਤਾਂ ਜੋ ਵੱਡੇ ਪੱਧਰ 'ਤੇ ਗੁਣਵੱਤਾ ਵਾਲੇ ਬੁਨਿਆਦੀ ਢਾਂਚੇ ਨੂੰ ਵਿਕਸਤ ਕੀਤਾ ਜਾ ਸਕੇ। ਖੇਡ ਬੁਨਿਆਦੀ ਢਾਂਚੇ ਦਾ ਵਿਕਾਸ ਸਮਾਜ ਵਿੱਚੋਂ ਨਸ਼ਿਆਂ ਦੇ ਖ਼ਤਰੇ ਨੂੰ ਖਤਮ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਅਤੇ ਸਿਹਤਮੰਦ ਜੀਵਨ ਵੱਲ ਉਤਸ਼ਾਹਿਤ ਕਰਨ ਦੇ ਵੱਡੇ ਟੀਚੇ ਦਾ ਹਿੱਸਾ ਹੈ। ਕੈਬਨਿਟ ਮੰਤਰੀ ਅਰੋੜਾ ਨੇ ਅੱਗੇ ਕਿਹਾ ਕਿ ਉਹ ਸੂਬੇ ਭਰ ਵਿੱਚ ਬਿਜਲੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਵਿਆਪਕ ਪ੍ਰੋਜੈਕਟ ਵੀ ਲੈ ਰਹੇ ਹਨ। ਸੂਬਾ ਸਰਕਾਰ ਵੱਲੋਂ ਲੋਕ-ਕੇਂਦ੍ਰਿਤ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ ਅਤੇ ਨਿਵਾਸੀਆਂ ਤੋਂ ਵੀ ਫੀਡਬੈਕ ਲਿਆ ਜਾ ਰਿਹਾ ਹੈ। ਇਸ ਮੌਕੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਵਿਧਾਇਕ ਕੁਲਵੰਤ ਸਿੰਘ ਸਿੱਧੂ, ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ, ਡਿਪਟੀ ਮੇਅਰ ਪ੍ਰਿੰਸ ਜੌਹਰ, ਨਗਰ ਨਿਗਮ ਦੇ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ, ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ, ਏ.ਡੀ.ਸੀ ਮਨਜੀਤ ਸਿੰਘ ਚੀਮਾ, ਸੰਯੁਕਤ ਕਮਿਸ਼ਨਰ ਅਮਨਪ੍ਰੀਤ ਸਿੰਘ, ਜੁਆਇੰਟ ਕਮਿਸ਼ਨਰ ਦੀਪਜੋਤ ਕੌਰ, ਜ਼ੋਨਲ ਕਮਿਸ਼ਨਰ ਗੁਰਪਾਲ ਸਿੰਘ, ਕੌਂਸਲਰ ਸਿਮਰਨਪ੍ਰੀਤ ਕੌਰ, ਸੁਰਿੰਦਰ ਕੌਰ ਮੰਨਾ, ਸੋਹਣ ਸਿੰਘ ਗੋਗਾ, ਕਪਿਲ ਸੋਨੂੰ ਆਦਿ ਹਾਜ਼ਰ ਸਨ।

# ਗੈਂਗਸਟਰਾਂ 'ਤੇ ਵਾਰ ਦਾ 61ਵਾਂ ਦਿਨ: ਪੰਜਾਬ ਪੁਲਿਸ ਵੱਲੋਂ 529 ਥਾਵਾਂ ਉੱਤੇ ਛਾਪੇਮਾਰੀ; 212 ਗ੍ਰਿਫ਼ਤਾਰ

**ਚੰਡੀਗੜ੍ਹ/ਬਿਊਰੋ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 61ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 529 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 61ਵੇਂ ਦਿਨ, ਪੁਲਿਸ ਟੀਮਾਂ ਨੇ 212 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 16,311 ਹੋ ਗਈ ਹੈ। ਇਸ ਤੋਂ ਇਲਾਵਾ 68 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 96 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 16 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 386ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 105 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 26.6 ਕਿਲੋਗ੍ਰਾਮ ਹੈਰੋਇਨ, 35 ਕਿਲੋਗ੍ਰਾਮ ਭੁੱਕੀ, 575 ਨਸ਼ੀਲੀਆਂ ਗੋਲੀਆਂ/ ਕੈਪਸੂਲ ਅਤੇ 13,513 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਸਿਰਫ 386 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 55,001 ਹੋ ਗਈ ਹੈ।

# ਚਾਹੁੰਦਾ ਹੈ ਪੰਜਾਬ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ : ਭੁਪਿੰਦਰ ਭਿੰਦਾ

## ਅਕਾਲੀ ਦਲ ਦੀ ਸਰਕਾਰ ਬਣਾਉਣ ਵਿੱਚ ਯੂਥ ਅਕਾਲੀ ਦਲ ਅਹਿਮ ਰੋਲ ਅਦਾ ਕਰੇਗਾ : ਸਿਮਰਨ ਉਬਰਾਏ

**ਲੁਧਿਆਣਾ/ਵਾਸੂ ਜੇਤਲੀ**

ਸ਼੍ਰੋਮਣੀ ਅਕਾਲੀ ਦਲ ਸ਼ਹਿਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਦੀ ਅਗਵਾਈ ਹੇਠ ਅਤੇ ਯੂਥ ਅਕਾਲੀ ਦਲ ਦੇ ਆਗੂ ਸਿਮਰਨ ਉਬਰਾਏ ਦੇ ਸੱਦੇ ਤੇ ਯੂਥ ਆਗੂਆਂ ਦੀ ਇੱਕ ਭਰਵੀਂ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਯੂਥ ਵਰਕਰਾਂ ਅਤੇ ਪਾਰਟੀ ਸਮਰਥਕਾਂ ਨੇ ਹਿੱਸਾ ਲਿਆ। ਮੀਟਿੰਗ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਪਾਰਟੀ ਦੀਆਂ ਨੀਤੀਆਂ ਨਾਲ ਜੋੜਨਾ ਅਤੇ ਆਉਣ ਵਾਲੀਆਂ ਰਾਜਨੀਤਿਕ ਗਤੀਵਿਧੀਆਂ ਲਈ ਤਿਆਰ ਕਰਨਾ ਸੀ। ਇਸ ਮੌਕੇ ਸ਼ਹਿਰੀ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਨੇ ਆਪਣੇ ਸੰਬੋਧਨ ਸਮੇਂ ਕਿਹਾ ਨੌਜਵਾਨ ਕਿਸੇ ਵੀ ਪਾਰਟੀ ਦੀ ਰੀੜ ਦੀ ਹੱਡੀ ਹੁੰਦੇ ਹਨ ਤੇ ਸਿਮਰਨ ਉਬਰਾਏ ਦੇ ਸੱਦੇ ਤੇ ਅੱਜ ਦਾ ਵੱਡਾ ਇਕੱਠ ਇਸ ਗੱਲ ਦਾ ਸਬੂਤ ਹੈ ਕਿ ਨੌਜਵਾਨ ਵਰਗ ਅਕਾਲੀ ਦਲ ਦੇ ਮੋਢੇ ਨਾਲ ਮੋਢਾ ਲਾ ਕੇ ਚੱਲਣ ਲਈ ਤਿਆਰ ਖੜਾ ਹੈ ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ



ਉਹ ਨਸ਼ਿਆਂ, ਬੇਰੁਜ਼ਗਾਰੀ ਅਤੇ ਸਮਾਜਕ ਬੁਰਾਈਆਂ ਦੇ ਖਿਲਾਫ ਇਕਜੁੱਟ ਹੋ ਕੇ ਕੰਮ ਕਰਨ ਅਤੇ ਪਿੰਡ-ਪਿੰਡ ਵਿੱਚ ਜਾ ਕੇ ਲੋਕਾਂ ਨੂੰ ਜਾਗਰੂਕ ਕਰਨ। ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਨੌਜਵਾਨਾਂ ਦੀ ਆਵਾਜ਼ ਨੂੰ ਮਜ਼ਬੂਤ ਬਣਾਉਣ ਦੀ ਲੋੜ ਹੈ ਅਤੇ ਯੂਥ ਅਕਾਲੀ ਦਲ ਇਸ ਲਈ ਵੱਡੇ ਪੱਧਰ ਤੇ ਮੁਹਿੰਮ ਚਲਾਏਗਾ। ਮੀਟਿੰਗ ਦੌਰਾਨ ਵੱਖ-ਵੱਖ ਵਰਕਰਾਂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਸੁਝਾਅ ਦਿੱਤੇ। ਸਮਾਗਮ ਦੇ ਅੰਤ ਵਿੱਚ ਯੂਥ ਆਗੂ ਸਿਮਰਨ ਉਬਰਾਏ ਨੇ ਆਏ ਹੋਏ ਸਾਰੇ ਹੀ ਪਤਵੰਤਿਆਂ ਦਾ ਸਨਮਾਨ ਕਰਦਿਆਂ ਅਤੇ ਹੋਰਨਾਂ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹਨਾਂ ਦਿੱਲੀ ਵਾਲਿਆਂ ਪਾਰਟੀਆਂ ਤੋਂ ਦੁਖੀ ਹੋਇਆ ਯੂਥ ਅਕਾਲੀ ਦਲ ਇਹਨਾਂ ਨੂੰ ਬਾਹਰ ਦਾ ਰਸਤਾ ਦਿਖਾਉਣ ਲਈ ਪੱਬਾਂ ਪਾਰ ਹੋਇਆ ਪਿਆ ਹੈ ਤੇ 2027 ਦੀਆਂ ਚੋਣਾਂ ਦਾ ਬੇਸਬਰੀ ਦੇ ਨਾਲ ਇੰਤਜ਼ਾਰ ਕਰ ਰਿਹਾ ਹੈ ਜਿਸ ਦੌਰਾਨ ਅਕਾਲੀ ਦਲ ਦੀ ਸਰਕਾਰ ਬਣਾਉਣ ਵਿੱਚ ਯੂਥ ਅਕਾਲੀ ਦਲ ਅਹਿਮ ਰੋਲਾ ਦਾ ਕਰੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਅਕਾਲੀ ਆਗੂ ਕਮਲ ਚੇਤਲੀ, ਹਲਕਾ ਇੰਚਾਰਜ ਅਮਿਤ ਗੋਸਾਈ, ਸੁਰਜੀਤ ਸਿੰਘ ਪੰਮਾ ਓਬਰਾਏ, ਬਲਜੀਤ ਸਿੰਘ ਛਤਵਾਲ, ਰਖਵਿੰਦਰ ਸਿੰਘ ਗਾਬੜੀਆ, ਕੁਲਦੀਪ ਸਿੰਘ ਖਾਲਸਾ, ਪ੍ਰਭਜੋਤ ਸਿੰਘ ਧਾਲੀਵਾਲ, ਗੁਰਮੀਤ ਬਿੰਦਰਾ, ਡਾਕਟਰ ਅਸ਼ਵਨੀ ਪਾਸੀ, ਹਰਪਾਲ ਕੋਹਲੀ, ਜਤਿੰਦਰ ਖਾਲਸਾ, ਕੁਲਵਿੰਦਰ ਕਿੰਦਾ ਸ਼ਰਮਾ, ਕੌਂਸਲਰ ਕਮਲ ਅਰੋੜਾ, ਮਨਮੋਹਨ ਸਿੰਘ ਮਨੀ ਨਿੱਕੂ ਗਰੇਵਾਲ ਰਾਜਵਿੰਦਰ ਮਾਂਗਟ, ਸੁੱਖਾ ਢਿੱਲੋ, ਅਸ਼ੋਕ ਮਲਹੋਤਰਾ ਆਦਿ ਵੱਡੀ ਗਿਣਤੀ ਵਿੱਚ ਹੋਰ ਯੂਥ ਆਗੂ ਹਾਜ਼ਰ ਸਨ।

# ਪਸ਼ੂ ਪਾਲਣ ਮੇਲਾ ਸਥਾਨਕ ਸਮਰੱਥਾ ਨਾਲ ਆਲਮੀ ਮਾਪਦੰਡਾਂ ਨੂੰ ਪੂਰਾ ਕਰਨ ਦੇ ਹੋਕੇ ਨਾਲ ਸੰਪੂਰਨ

**ਲੁਧਿਆਣਾ/ਤਮੰਨਾ ਬੇਦੀ**

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦਾ ਦੋ ਦਿਨਾ ਪਸ਼ੂ ਪਾਲਣ ਮੇਲਾ 'ਪਸ਼ੂ ਪਾਲਣ: ਰਵਾਇਤੀ ਤੋਂ ਵਿਸ਼ਵ ਪੱਧਰ ਤੱਕ' ਦੇ ਸੰਦੇਸ਼ ਨਾਲ ਸਮਾਪਤ ਹੋਇਆ। ਰਵਾਇਤੀ ਫਾਇਦਿਆਂ ਦੇ ਨਾਲ ਵਿਸ਼ਵਵਿਆਪੀ ਸੋਚ, ਜ਼ਰੂਰਤਾਂ ਅਤੇ ਵਿਗਿਆਨਕ ਦ੍ਰਿਸ਼ਟੀਕੋਣ ਦੀ ਪਹੁੰਚ ਨੂੰ ਅਪਣਾਉਂਦੇ ਹੋਏ ਸੰਕਲਪ ਪ੍ਰਗਟਾਇਆ ਕਿ ਅਸੀਂ ਆਲਮੀ ਪੱਧਰ ਦੇ ਹਾਣ ਦੇ ਟੀਚੇ ਨਿਸ਼ਚਿਤ ਕਰਾਂਗੇ। ਡਾ. ਐਮ.ਐਲ. ਜਾਟ, ਮਹਾਂ ਨਿਰਦੇਸ਼ਕ, ਭਾਰਤੀ ਖੇਤੀ ਖੋਜ ਪਰਿਸ਼ਦ, ਸ਼੍ਰੀ ਹਰਚੰਦ ਸਿੰਘ ਬਰਸਟ, ਚੇਅਰਮੈਨ, ਪੰਜਾਬ ਮੰਡੀ ਬੋਰਡ, ਡਾ. ਐਚ ਐਸ ਜਾਟ, ਨਿਰਦੇਸ਼ਕ, ਮੱਕੀ ਸੰਬੰਧੀ ਖੋਜ ਦੀ ਭਾਰਤੀ ਸੰਸਥਾ, ਡਾ. ਪਰਵੇਂਦਰ ਸ਼ੇਰੋਂ, ਨਿਰਦੇਸ਼ਕ, ਅਟਾਰੀ, ਡਾ. ਆਰ.ਐਸ. ਸਿੱਧੂ, ਸਾਬਕਾ ਡਾਇਰੈਕਟਰ, ਬੋਰਲੌਗ ਇੰਸਟੀਚਿਊਟ ਆਫ ਸਾਊਥ ਏਸ਼ੀਆ, ਡਾ. ਐਮ.ਐਸ. ਭੁੱਲਰ, ਨਿਰਦੇਸ਼ਕ ਪਸਾਰ ਸਿੱਖਿਆ,



ਪੀਏਯੂ ਨੇ ਦੂਜੇ ਦਿਨ ਇਸ ਮੇਲੇ ਦੀ ਸੋਭਾ ਵਧਾਈ। ਅੱਜ ਦੂਜੇ ਦਿਨ ਡਾ. ਐਮ ਐਲ ਜਾਟ ਨੇ ਯੂਨੀਵਰਸਿਟੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸੰਸਥਾ ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਦੀ ਅਗਵਾਈ ਵਿੱਚ ਬਹੁਤ ਉਸਾਰੂ ਕੰਮ ਕਰ ਰਹੀ ਹੈ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਯੂਨੀਵਰਸਿਟੀ ਦੀ ਉੱਚ ਦਰਜਾਬੰਦੀ ਬਾਰੇ ਜਾਣੂ ਕਰਵਾਇਆ ਅਤੇ ਕਿਹਾ ਕਿ ਅਸੀਂ ਕਿਸਾਨਾਂ ਦੀ ਸਮੱਸਿਆਵਾਂ ਦਾ ਹਲ ਲੱਭਣ ਲਈ ਲਗਾਤਾਰ ਖੋਜ ਕਰਦੇ ਰਹਿੰਦੇ ਹਾਂ। ਸ. ਹਰਚੰਦ ਸਿੰਘ ਬਰਸਟ, ਚੇਅਰਮੈਨ, ਪੰਜਾਬ ਮੰਡੀ ਬੋਰਡ ਨੇ ਕਿਹਾ ਕਿ ਯੂਨੀਵਰਸਿਟੀ ਜ਼ਮੀਨੀ ਪੱਧਰ 'ਤੇ ਪਸ਼ੂ ਪਾਲਕਾਂ ਲਈ ਮਹੱਤਵਪੂਰਨ ਕੰਮ ਕਰ ਰਹੀ ਹੈ। ਉਨ੍ਹਾਂ ਨੇ ਮਿਲਾਵਟੀ ਦੁੱਧ ਤੋਂ ਬਚਣ ਅਤੇ ਸ਼ੁੱਧ ਉਤਪਾਦ ਤਿਆਰ ਕਰਨ ਲਈ ਕਿਸਾਨਾਂ ਨੂੰ ਪ੍ਰੇਰਿਆ। ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਕੁੱਝ ਵਿਭਾਗ ਪਸ਼ੂ ਪਾਲਣ ਸਬੰਧੀ ਸੇਵਾਵਾਂ ਦਿੰਦੇ ਹਨ ਜਦਕਿ ਕੁਝ ਵਿਭਾਗ ਪਸ਼ੂ ਉਤਪਾਦਾਂ ਦੀ ਗੁਣਵੱਤਾ ਵਧਾ ਕੇ ਨਵੇਂ ਉਤਪਾਦ ਤਿਆਰ ਕਰਨ ਸਬੰਧੀ ਸਿੱਖਿਅਤ ਵੀ ਕਰਦੇ ਹਨ। ਉਨਾਂ ਕਿਹਾ ਕਿ ਇਸ ਤਰ੍ਹਾਂ ਦੇ ਕੰਮਾਂ ਨਾਲ ਘਰ ਬੈਠਿਆਂ ਹੀ ਚੰਗੀ ਕਮਾਈ ਕੀਤੀ ਜਾ ਸਕਦੀ ਹੈ। ਪਸ਼ੂਆਂ ਦੀ ਸਿਹਤ ਸਮੱਸਿਆਵਾਂ ਲਈ ਕੰਮ ਕਰਦੇ ਯੂਨੀਵਰਸਿਟੀ ਦੇ ਪਸ਼ੂ ਹਸਪਤਾਲ ਦੇ ਮਾਹਿਰਾਂ ਨੇ ਪਸ਼ੂ ਪਾਲਕਾਂ ਨੂੰ ਦੱਸਿਆ ਕਿ ਉਹ ਕਿਸੇ ਵੀ ਤਰ੍ਹਾਂ ਦੀ ਸਕੈਨਿੰਗ, ਅਪਰੇਸ਼ਨ ਸਬੰਧੀ, ਕਲੀਨੀਕਲ ਜਾਂ ਦਵਾਈ ਸਬੰਧੀ ਜਾਂਚ ਕਰਵਾ ਸਕਦੇ ਹਨ। ਯੂਨੀਵਰਸਿਟੀ ਦੀਆਂ ਪ੍ਰਕਾਸ਼ਨਾਵਾਂ 'ਸਿਹਤ ਸੰਭਾਲ ਅਤੇ ਪਾਲਣ ਸਬੰਧੀ ਸਿਫਾਰਿਸ਼ਾਂ', ਮਹੀਨੇਵਾਰ ਰਸਾਲਾ 'ਵਿਗਿਆਨਕ ਪਸ਼ੂ ਪਾਲਣ' ਵੀ ਕਿਸਾਨਾਂ ਦੀ ਖਿੱਚ ਦਾ ਕੇਂਦਰ ਰਹੇ। ਇਸ ਮੌਕੇ ਡਾ. ਜਤਿੰਦਰ ਪਾਲ ਸਿੰਘ ਗਿੱਲ ਨੇ ਸਾਰੀਆਂ ਮੁਹਤਬਰ ਸ਼ਖ਼ਸੀਅਤਾਂ, ਡਾ. ਕੇਵਲ ਅਰੋੜਾ (ਸੇਵਾ ਮੁਕਤ ਅਧਿਕਾਰੀ, ਪਸ਼ੂ ਪਾਲਣ ਵਿਭਾਗ) ਅਤੇ ਇਸ਼ਮੀਤ ਸਿੰਘ ਮਿਊਜ਼ਿਕ ਇੰਸਟੀਚਿਊਟ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ।

# ਟਰੇਡ ਕਮਿਸ਼ਨ ਨੇ ਸੁਣੀਆਂ ਵਪਾਰੀਆਂ ਦੀਆਂ ਮੁਸ਼ਕਲਾਂ, ਹੱਲ ਲਈ ਤੁਰੰਤ ਕਾਰਵਾਈ ਦਾ ਦਿਵਾਇਆ ਭਰੋਸਾ

## ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਲਗਾਤਾਰ ਯਤਨਸ਼ੀਲ : ਇੰਦਰਵੰਸ਼ ਚੱਢਾ

**ਜਲੰਧਰ/ਬਲਵਿੰਦਰ ਕੁਮਾਰ**

ਸ਼ਹਿਰ ਦੇ ਕਿਸ਼ਨਪੁਰਾ ਚੌਕ ਮਾਰਕੀਟ ਇਲਾਕੇ ਵਿੱਚ ਵਪਾਰੀ ਕਮਿਸ਼ਨ ਵੱਲੋਂ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਥਾਨਕ ਵਪਾਰੀਆਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਅਤੇ ਬਾਜ਼ਾਰ ਦੇ ਬਿਹਤਰ ਸੰਚਾਲਨ ਲਈ ਕਦਮ ਚੁੱਕਣਾ ਸੀ। ਮੀਟਿੰਗ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਵਪਾਰੀਆਂ ਨੇ ਹਿੱਸਾ ਲਿਆ ਅਤੇ ਆਪਣੀਆਂ ਦਿੱਕਤਾਂ ਕਮਿਸ਼ਨ ਦੇ ਸਾਹਮਣੇ ਰੱਖੀਆਂ। ਮੀਟਿੰਗ ਵਿੱਚ ਮੁੱਖ ਤੌਰ 'ਤੇ ਬਾਜ਼ਾਰ ਵਿੱਚ ਪਾਰਕਿੰਗ, ਸਾਫ਼-ਸਫ਼ਾਈ, ਟ?ਰੈਫਿਕ ਜਾਮ ਦੇ ਮੁੱਦੇ ਰੱਖੇ ਗਏ। ਵਪਾਰੀ ਕਮਿਸ਼ਨ ਦੇ ਮੈਂਬਰਾਂ ਅਤੇ ਹਾਜ਼ਰ ਅਧਿਕਾਰੀਆਂ ਨੇ ਵਪਾਰੀਆਂ ਦੇ ਸਾਰੇ ਮੁੱਦਿਆਂ ਨੂੰ ਬੜੀ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਇਨ੍ਹਾਂ ਮੁਸ਼ਕਲਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਤੁਰੰਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਇੰਦਰਵੰਸ਼ ਚੱਢਾ ਚੇਅਰਮੈਨ, ਟਰੇਡ ਕਮਿਸ਼ਨ, ਜਲੰਧਰ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਨੂੰ ਕਾਰੋਬਾਰ ਕਰਨ ਲਈ ਸੁਖਾਵਾਂ ਮਾਹੌਲ ਦੇਣ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਕਮਿਸ਼ਨ ਦੀ ਪਹਿਲੀ ਤਰਜੀਹ ਹੈ ਤਾਂ ਜੋ ਬਾਜ਼ਾਰ ਦਾ ਕਾਰੋਬਾਰ ਹੋਰ ਸੁਚਾਰੂ ਅਤੇ ਬਿਹਤਰ ਤਰੀਕੇ ਨਾਲ ਚੱਲ ਸਕੇ। ਇਸ ਮੌਕੇ ਕੌਂਸਲਰ ਅਮਿਤ ਢੱਲ, ਚੇਅਰਮੈਨ ਨਾਰਥ ਟਰੇਡ ਕਮਿਸ਼ਨ ਸੁਖਵਿੰਦਰ ਸਿੰਘ ਤੋਂ ਇਲਾਵਾ ਪ੍ਰਸ਼ਾਸਨ ਅਤੇ ਜੀ.ਐਸ.ਟੀ., ਪੀ. ਐਸ.ਪੀ.ਸੀ.ਐਲ., ਨਗਰ ਨਿਗਮ ਦੇ ਅਧਿਕਾਰੀ ਅਤੇ ਟਰੇਡ ਕਮਿਸ਼ਨ (ਨਾਰਥ) ਦੇ ਮੈਂਬਰ ਸੂਰਜ, ਕੁਨਾਲ ਖੰਨਾ, ਵਰਿੰਦਰ ਕੁਮਾਰ, ਦੀਪਕ ਸੇਠ ਅਤੇ ਆਕਾਸ਼ ਦੀਪ ਵੀ ਮੌਜੂਦ ਸਨ।




# ਮਹਿਲਾਵਾਂ ਦੀ ਸਿਹਤ ਤੇ ਸਨਮਾਨ ਲਈ ਮਾਨ ਸਰਕਾਰ ਦਾ ਮਜ਼ਬੂਤ ਕਦਮ, 127.95 ਕਰੋੜ ਰੁਪਏ ਸਿੱਧੇ ਖਾਤਿਆਂ ਵਿੱਚ ਜਾਰੀ: ਡਾ. ਬਲਜੀਤ ਕੌਰ

**ਚੰਡੀਗੜ੍ਹ/ਬਿਊਰੋ**

"ਮਹਿਲਾਵਾਂ ਦੀ ਭਲਾਈ ਅਤੇ ਸਸ਼ਕਤੀਕਰਨ ਸਾਡੀ ਸਰਕਾਰ ਦੀ ਪਹਿਲੀ ਤਰਜੀਹ ਹੈ,"ਇਹ ਗੱਲ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਹੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਗਰਭਵਤੀ ਮਹਿਲਾਵਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਸਿਹਤ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਵਿੱਤੀ ਸਾਲ 2023-24 ਤੋਂ 2025-26 ਤੱਕ 127.95 ਕਰੋੜ ਰੁਪਏ ਦੀ ਰਕਮ ਡਾਇਰੈਕਟ ਬੇਨੀਫਿਟ ਟ੍ਰਾਂਸਫਰ (ਡੀ.ਬੀ.ਟੀ) ਰਾਹੀਂ ਸਿੱਧੇ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਜਾਰੀ ਕੀਤੀ ਗਈ ਹੈ, ਜਿਸ ਨਾਲ ਮਹਿਲਾਵਾਂ ਨੂੰ ਬਿਨਾਂ ਕਿਸੇ ਦਿੱਕਤ ਦੇ ਸਹਾਇਤਾ ਪ੍ਰਾਪਤ ਹੋਈ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਮਿਆਦ ਦੌਰਾਨ 2.89 ਲੱਖ ਤੋਂ ਵੱਧ ਮਹਿਲਾਵਾਂ ਨੂੰ ਇਸ ਵਿੱਤੀ ਸਹਾਇਤਾ ਪਹਿਲਕਦਮੀ ਦਾ ਲਾਭ ਮਿਲਿਆ ਹੈ। "ਇਹ ਸਹਾਇਤਾ ਸਿਰਫ ਆਰਥਿਕ ਮਦਦ ਨਹੀਂ, ਸਗੋਂ ਮਾਵਾਂ ਅਤੇ ਨਵਜਨਮੇ ਬੱਚਿਆਂ ਦੀ ਸਿਹਤ ਲਈ ਇਕ ਮਜ਼ਬੂਤ ਸੁਰੱਖਿਆ ਕਵਚ ਹੈ,"ਉਨ੍ਹਾਂ ਕਿਹਾ। ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲਕਦਮੀ ਨਾਲ ਹਜ਼ਾਰਾਂ ਘਰਾਂ ਵਿੱਚ ਖੁਸ਼ੀ, ਭਰੋਸੇ ਅਤੇ ਸੁਰੱਖਿਆ ਦਾ ਅਹਿਸਾਸ ਪੈਦਾ ਹੋਇਆ ਹੈ।

# ਚੇਅਰਮੈਨ ਮਨਪ੍ਰੀਤ ਸਿੰਘ ਦੀ ਅਗਵਾਈ 'ਚ ਹੋਈ ਟਰੇਡ ਕਮਿਸ਼ਨ ਦੀ ਮੀਟਿੰਗ

**ਲੁਧਿਆਣਾ/ਅਸ਼ਵਨੀ ਅਹੂਜਾ**

ਚੇਅਰਮੈਨ ਮਨਪ੍ਰੀਤ ਸਿੰਘ ਦੀ ਅਗਵਾਈ ਵਿੱਚ ਟਰੇਡ ਕਮਿਸ਼ਨ ਹਲਕਾ ਆਤਮ ਨਗਰ ਦੀ ਮੀਟਿੰਗ ਹੋਈ ਜਿਸ ਵਿੱਚ ਹਲਕਾ ਵਿਧਾਇਕ ਕੁਲਵੰਤ ਸਿੰਘ ਸਿੱਧੂ ਅਤੇ ਨਗਰ ਨਿਗਮ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਉਚੇਚੇ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ ਜਿਨ੍ਹਾਂ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਸੁਣਿਆ। ਇਸ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਸਿੱਧੂ ਅਤੇ ਚੇਅਰਮੈਨ ਮਨਪ੍ਰੀਤ ਸਿੰਘ ਨੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੰਦੇ ਹੋਏ ਮੌਕੇ ਤੇ ਹੀ ਕਈ ਸਮੱਸਿਆਵਾਂ ਦੇ ਹੱਲ ਕਰਵਾਇਆ ਅਤੇ ਜੋ ਰਹਿੰਦੀਆਂ ਸਮੱਸਿਆਵਾਂ ਸੀ ਉਹਨਾਂ ਦਾ ਵਿਭਾਗ ਵੱਲੋਂ ਕੰਮ ਕਰਵਾਉਣ ਦਾ ਵਾਅਦਾ ਕੀਤਾ। ਜਿਆਦਾਤਰ ਵਪਾਰੀਆਂ ਨੂੰ ਜੀ.ਐਸ.ਟੀ. ਰਿਫੰਡ ਅਤੇ ਬਿਜਲੀ ਦੀਆਂ ਤਾਰਾਂ ਜੋ ਲੰਬੇ ਸਮੇਂ ਤੋਂ ਲਟਕ ਰਹੀਆਂ ਸਨ ਦੀ ਕਾਫੀ ਵੱਡੀ ਸਮੱਸਿਆ ਸੀ ਜਿਨਾਂ ਨੂੰ ਸੰਬੰਧਿਤ ਅਧਿਕਾਰੀਆਂ ਨੂੰ ਕਹਿ ਕੇ ਇਹਨਾਂ ਨੂੰ ਤੁਰੰਤ ਪ੍ਰਭਾਵ ਨਾਲ ਦੂਰ ਕਰਨ ਦੀ ਹਦਾਇਤ ਦਿੱਤੀ। ਚੇਅਰਮੈਨ ਮਨਪ੍ਰੀਤ ਸਿੰਘ ਨੇ ਆਏ ਹੋਏ ਪਤਵੰਤੇ ਸੱਜਣਾਂ ਨੂੰ ਜੀ ਆਇਆ ਆਖਿਆ ਤੇ ਹਲਕਾ ਆਤਮ ਨਗਰ ਵਿੱਚ ਵਪਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਹੁਣ ਸਰਕਾਰ ਉਹਨਾਂ ਦੇ ਦੁਆਰਾ ਆ ਗਈ ਹੈ ਅਤੇ ਉਹਨਾਂ ਦੀਆਂ ਜੋ ਵੀ ਸਮੱਸਿਆਵਾਂ ਹਨ ਉਹ ਪਹਿਲ ਦੇ ਆਧਾਰ 'ਤੇ ਦੂਰ ਕੀਤੀਆਂ ਜਾਣਗੀਆਂ ਅਤੇ ਵਪਾਰੀਆਂ ਨੂੰ ਕਿਸੇ ਤਰ੍ਹਾਂ ਦੀ ਵੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਏਗੀ। ਇਸ ਮੌਕੇ ਵਪਾਰੀ ਵਰਗ ਵੀ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਨਜ਼ਰ ਆਇਆ ਅਤੇ ਕਈ ਵਪਾਰੀਆਂ ਨੇ ਆਖਿਆ ਕਿ ਇਹ ਪਹਿਲੀ ਸਰਕਾਰ ਹੈ ਜੋ ਕਿ ਇਹੋ ਜਿਹੇ ਉਪਰਾਲੇ ਕਰ ਰਹੀ ਹੈ ਨਹੀਂ ਤਾਂ ਸਾਨੂੰ ਦਫਤਰਾਂ ਦੇ ਚੱਕਰ ਕੱਟਣੇ ਪੈਂਦੇ ਸਨ ਅਤੇ ਅਧਿਕਾਰੀ ਸਾਡੀਆਂ ਸਮੱਸਿਆਵਾਂ ਨੂੰ ਨਹੀਂ ਸੁਣਦੇ ਸਨ। ਅੰਤ ਵਿੱਚ ਵਿਧਾਇਕ ਕੁਲਵੰਤ ਸਿੰਘ ਸਿੱਧੂ ਅਤੇ ਮਨਪ੍ਰੀਤ ਸਿੰਘ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਜੋ ਅਜਿਹਾ ਟਰੇਡ ਕਮਿਸ਼ਨ ਬਣਾ ਕੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਦੂਰ ਕਰ ਰਹੇ ਹਨਲ ਅੰਤ ਵਿੱਚ ਵਪਾਰੀਆਂ ਵੱਲੋਂ ਹਲਕਾ ਵਿਧਾਇਕ ਸਰਦਾਰ ਕੁਲਵੰਤ



ਸਿੰਘ ਸਿੱਧੂ ਅਤੇ ਮਨਪ੍ਰੀਤ ਸਿੰਘ ਦਾ ਧੰਨਵਾਦ ਕਰਦਿਆਂ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸੋਸ਼ਲ ਮੀਡੀਆ ਜਿਲਾ ਇੰਚਾਰਜ ਗੁਰਪ੍ਰੀਤ ਸਿੰਘ ਰਾਜਾ, ਕੌਂਸਲਰ ਸੋਹਨ ਸਿੰਘ ਗੋਗਾ, ਅਰਸ਼ਦੀਪ ਸਿੰਘ ਬਿੱਲਾ, ਟਰੇਡ ਕਮਿਸ਼ਨ ਮੈਂਬਰ ਸਤਬੀਰ ਸਿੰਘ ਬਿੰਦਰਾ, ਹਰਮੀਤ ਭਾਟੀਆ, ਅਸ਼ੋਕ ਪੁਰੀ, ਸਤਿੰਦਰ ਸਿੰਘ ਲੋਟੇ, ਹਰਵਿੰਦਰ ਸਿੰਘ, ਦੀਪਕ ਅਰੋੜਾ, ਡੀ.ਸੀ ਗਰਗ, ਗੁਰਵਿੰਦਰ ਸਿੰਘ ਮਾਰਟਿਨ ਵੀ ਹਾਜਰ ਸਨ।

# ਭਗਵੰਤ ਮਾਨ ਸਰਕਾਰ ਦੀ ਅਗਵਾਈ ਹੇਠ 'ਏ.ਆਈ. ਕ੍ਰਾਂਤੀ' ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਕੇ ਪੰਜਾਬ ਦੇ ਭਵਿੱਖ ਨੂੰ ਸੁਰੱਖਿਅਤ ਕਰੇਗੀ

## ਪੰਜਾਬ ਨੇ ਆਪਣੀ ਮਿੱਟੀ ਅਤੇ ਪਾਣੀ ਨੂੰ ਦਾਅ 'ਤੇ ਲਗਾ ਕੇ ਦੇਸ਼ ਦਾ ਪੇਟ ਭਰਿਆ, ਕਿਸਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨਾ ਸਮੇਂ ਦੀ ਮੁੱਖ ਲੋੜ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਲੁਧਿਆਣਾ/ਅਸ਼ਵਨੀ ਅਹੂਜਾ-ਵਾਸੂ ਜੇਤਲੀ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਨੂੰ ਪੰਜਾਬ ਦੀ ਖੇਤੀਬਾੜੀ ਲਈ ਅਗਲਾ ਫੈਸਲਾਕੁੰਨ ਮੋੜ ਦੱਸਿਆ। ਉਨ੍ਹਾਂ ਦਲੀਲ ਦਿੱਤੀ ਕਿ ਰਵਾਇਤੀ ਖੇਤੀ ਆਪਣੀਆਂ ਸੀਮਾਵਾਂ 'ਤੇ ਪਹੁੰਚ ਗਈ ਹੈ ਅਤੇ ਇਸ ਨਾਲ ਹੁਣ ਕਿਸਾਨਾਂ ਦੀ ਆਮਦਨ ਨੂੰ ਬਰਕਰਾਰ ਨਹੀਂ ਰੱਖਿਆ ਜਾ ਸਕਦਾ। ਖੇਤੀਬਾੜੀ ਵਿੱਚ ਤਕਨੀਕੀ ਦਖਲ ਲਈ ਇੱਕ ਠੋਸ ਦਲੀਲ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਕਦਮ ਦਾ ਉਦੇਸ਼ ਘੱਟ ਰਹੇ ਮੁਨਾਫ਼ੇ ਵਿੱਚ ਵਾਧਾ ਕਰਨਾ, ਕੁਦਰਤੀ ਸਰੋਤਾਂ 'ਤੇ ਦਬਾਅ ਘਟਾਉਣਾ ਅਤੇ ਕਿਸਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨਾ ਹੈ। ਇਸੇ ਦੌਰਾਨ, ਉਨ੍ਹਾਂ ਨੇ ਵਿਰੋਧੀ ਧਿਰ 'ਤੇ ਸਿਆਸੀ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਕੀਤੀ ਸਾਲਾਂ ਦੀ ਅਣਗਹਿਲੀ ਕਾਰਨ ਪੰਜਾਬ ਸੰਕਟ ਵੱਲ ਜਾਣ ਲਈ ਮਜ਼ਬੂਰ ਹੋ ਗਿਆ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਹੁਣ ਕਿਸਾਨਾਂ, ਬੁਨਿਆਦੀ ਢਾਂਚੇ ਅਤੇ ਭਲਾਈ 'ਤੇ ਕੇਂਦ੍ਰਿਤ ਸੁਧਾਰ-ਅਧਾਰਤ ਨੀਤੀਆਂ ਨਾਲ ਸੂਬੇ ਦਾ ਪੁਨਰ ਨਿਰਮਾਣ ਕਰ ਰਹੀ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ) ਵਿਖੇ ਸੂਬਾ ਪੱਧਰੀ ਕਿਸਾਨ ਮੇਲੇ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਪੰਜਾਬ ਦੇਸ਼ ਦਾ ਅੰਨਦਾਤਾ ਹੈ, ਜਿਸ ਨੇ ਭਾਰਤ ਨੂੰ ਅਨਾਜ ਉਤਪਾਦਨ ਵਿੱਚ ਸਵੈ-ਨਿਰਭਰ ਬਣਾਇਆ ਹੈ। 1960 ਦੇ ਦਹਾਕੇ ਦੀ ਹਰੀ ਕ੍ਰਾਂਤੀ ਦੌਰਾਨ ਸੂਬੇ ਦੇ ਮਿਹਨਤਕਸ਼ ਕਿਸਾਨਾਂ ਨੇ ਇੱਕ ਨਵਾਂ ਅਧਿਆਇ ਲਿਖਿਆ। ਹਾਲਾਂਕਿ, ਦੇਸ਼ ਦੀ ਸੇਵਾ ਕਰਦਿਆਂ ਸੂਬੇ ਦੇ ਕਿਸਾਨਾਂ ਨੇ ਉਪਜਾਊ ਮਿੱਟੀ ਅਤੇ ਪਾਣੀ ਵਰਗੇ ਕੀਮਤੀ ਕੁਦਰਤੀ ਸਰੋਤਾਂ ਦੀ ਕੁਰਬਾਨੀ ਦਿੱਤੀ ਹੈ।' ਉਨ੍ਹਾਂ ਖੇਤੀਬਾੜੀ ਵਿੱਚ ਵਧ ਰਹੇ ਸੰਕਟ ਦਾ ਜ਼ਿਕਰ ਕਰਦਿਆਂ, 'ਮੁਨਾਫ਼ੇ ਦਾ ਮਾਰਜਿਨ ਘਟਣ ਨਾਲ, ਖੇਤੀਬਾੜੀ ਹੁਣ ਇੱਕ ਲਾਭਦਾਇਕ ਧੰਦਾ ਨਹੀਂ ਰਿਹਾ ਅਤੇ ਕਿਸਾਨ ਮੁੱਢਲੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸੰਘਰਸ਼ ਕਰ ਰਹੇ ਹਨ। ਮੌਜੂਦਾ ਫਸਲ ਤਕਨਾਲੋਜੀਆਂ ਦੀ ਉਤਪਾਦਨ ਸਮਰੱਥਾ ਲਗਭਗ ਖਤਮ ਹੋ ਗਈ ਹੈ। ਖੇਤੀਬਾੜੀ ਆਮਦਨ ਵਿੱਚ ਵਾਧਾ ਕਰਨ ਅਤੇ ਸਰੋਤਾਂ 'ਤੇ ਨਿਰਭਰਤਾ ਨੂੰ ਘਟਾਉਣ ਲਈ, ਖੇਤੀਬਾੜੀ ਵਿੱਚ ਏਆਈ ਨੂੰ ਪੇਸ਼ ਕਰਨਾ ਜ਼ਰੂਰੀ ਹੈ।' ਇਸ ਕਦਮ ਦੇ ਫਾਇਦਿਆਂ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, 'ਇਹ ਤਕਨਾਲੋਜੀ ਕਿਸਾਨਾਂ ਨੂੰ ਇਹ ਦੱਸਣ ਵਿੱਚ ਅਹਿਮ ਭੂਮਿਕਾ





ਨਿਭਾਏਗੀ ਕਿ ਕਿਹੜੀਆਂ ਫਸਲਾਂ ਬੀਜਣੀਆਂ ਹਨ ਅਤੇ ਕਦੋਂ ਬੀਜਣੀਆਂ ਹਨ ਤਾਂ ਜੋ ਲਾਭ ਅਤੇ ਉਤਪਾਦਕਤਾ ਦੋਵਾਂ ਵਿੱਚ ਵਾਧਾ ਕੀਤਾ ਜਾ ਸਕੇ। ਪੰਜਾਬ ਹਮੇਸ਼ਾ ਨਵੀਨਤਾ ਨੂੰ ਅਪਣਾਉਣ ਵਿੱਚ ਮੋਹਰੀ ਰਿਹਾ ਹੈ ਅਤੇ ਏਆਈ ਇਸ ਖੇਤਰ ਵਿੱਚ ਕ੍ਰਾਂਤੀ ਲਿਆਵੇਗਾ। ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਇਸ ਦੀ ਸ਼ੁਰੂਆਤ ਸਮੇਂ ਦੀ ਲੋੜ ਹੈ।' ਕਿਸਾਨ-ਪੱਖੀ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, "ਪਹਿਲੀ ਵਾਰ, ਝੋਨੇ ਦੇ ਸੀਜ਼ਨ ਦੌਰਾਨ ਖੇਤਾਂ ਦੇ ਟਿਊਬਵੈੱਲਾਂ ਨੂੰ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਗਈ। ਕਿਸਾਨਾਂ ਨੂੰ ਹੁਣ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਬਦਲ ਰਹੀ ਹੈ। ਪੰਜਾਬ ਦੇ ਕਿਸਾਨਾਂ ਨੂੰ ਦੇਸ਼ ਭਰ ਦੀ ਸਭ ਤੋਂ ਵੱਧ ਗੰਨੇ ਦੀ ਕੀਮਤ ਮਿਲ ਰਹੀ ਹੈ ਜੋ ਕਿ 416 ਪ੍ਰਤੀ ਕੁਇੰਟਲ ਹੈ। ਹਰ ਸਾਲ, ਕਣਕ ਅਤੇ ਝੋਨੇ ਦੀ ਖਰੀਦ ਲਈ ਕਿਸਾਨਾਂ ਨੂੰ ਲਗਭਗ 80,000 ਕਰੋੜ ਰੁਪਏ ਦਾ ਭੁਗਤਾਨ ਕੀਤਾ ਜਾਂਦਾ ਹੈ ਅਤੇ ਇਹ ਭੁਗਤਾਨ ਸਿੱਧਾ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 24 ਘੰਟਿਆਂ ਦੇ ਅੰਦਰ ਕੀਤਾ ਜਾਂਦਾ ਹੈ। ਸਾਲ 2022 ਅਤੇ 2025 ਦਰਮਿਆਨ, ਨਹਿਰ ਦੀ ਲਾਈਨਿੰਗ, ਮੁਰੰਮਤ ਅਤੇ ਆਧੁਨਿਕੀਕਰਨ 'ਤੇ 6,700 ਕਰੋੜ ਰੁਪਏ ਖਰਚ ਕੀਤੇ ਗਏ ਹਨ ਜੋ ਕਿ ਪਿਛਲੇ ਸਾਲਾਂ ਨਾਲੋਂ 300 ਫੀਸਦ ਵੱਧ ਹੈ। 2022 ਵਿੱਚ ਨਹਿਰੀ ਸਿੰਚਾਈ ਦੀ ਵਰਤੋਂ 20.90 ਲੱਖ ਏਕੜ ਵਿੱਚ ਕੀਤੀ ਜਾਂਦੀ ਸੀ ਅਤੇ ਇਹ ਹੁਣ ਵੱਧ ਕੇ 58 ਲੱਖ ਏਕੜ ਹੋ ਗਈ ਹੈ। ਸਿੰਚਾਈ ਦੇ ਵਿਸਥਾਰ 'ਤੇ ਜ਼ੋਰ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਨਹਿਰਾਂ ਦੀ ਸਿੰਚਾਈ ਸਮਰੱਥਾ ਦੁੱਗਣੀ ਹੋ ਗਈ ਹੈ, ਸਿੰਚਾਈ ਵਾਲਾ ਖੇਤਰ 2022 ਵਿੱਚ 2.23 ਮਿਲੀਅਨ ਏਕੜ ਤੋਂ ਵੱਧ ਕੇ 2025 ਵਿੱਚ 5.8 ਮਿਲੀਅਨ ਏਕੜ ਹੋ ਗਿਆ ਹੈ। 15,539 ਨਹਿਰਾਂ ਦੀ ਸਫਾਈ ਕੀਤੀ ਗਈ ਹੈ ਅਤੇ 18,349 ਖਾਲਿਆਂ ਨੂੰ ਬਹਾਲ ਕੀਤਾ ਗਿਆ ਹੈ। ਦਹਾਕਿਆਂ ਬਾਅਦ ਨਹਿਰੀ ਪਾਣੀ 1,444 ਪਿੰਡਾਂ ਤੱਕ ਪਹੁੰਚਿਆ ਹੈ। ਇਸ ਤੋਂ ਇਲਾਵਾ, 545 ਕਿਲੋਮੀਟਰ ਵਿੱਚ ਫੈਲੀਆਂ 101 ਬੰਦ ਪਈਆਂ ਨਹਿਰਾਂ ਨੂੰ ਮੁੜ ਸੁਰਜੀਤ ਕੀਤਾ ਗਿਆ ਹੈ ਅਤੇ ਫਿਰੋਜ਼ਪੁਰ ਫੀਡਰ ਨਹਿਰ ਨੂੰ ਰਿਕਾਰਡ 35 ਦਿਨਾਂ ਵਿੱਚ ਅਪਗ੍ਰੇਡ ਕੀਤਾ ਗਿਆ ਹੈ ਜਿਸ ਨਾਲ ਇਸ ਦੀ ਸਮਰੱਥਾ ਵਿੱਚ 2,682 ਕਿਊਸਿਕ ਦਾ ਵਾਧਾ ਹੋਇਆ ਹੈ।' ਉਨ੍ਹਾਂ ਅੱਗੇ ਕਿਹਾ ਕਿ 75 ਸਾਲਾਂ ਬਾਅਦ, ਸਰਹਿੰਦ ਨਹਿਰ ਨੂੰ ਅਪਗ੍ਰੇਡ ਕੀਤਾ ਗਿਆ ਹੈ, ਜਿਸ ਨਾਲ ਇਸਦੀ ਸਮਰੱਥਾ 2,844 ਕਿਊਸਿਕ ਵਧ ਗਈ ਹੈ। 22 ਕਿਲੋਮੀਟਰ ਲੰਬੀ ਸਰਹਾਲੀ ਮਾਈਨਰ ਨਹਿਰ, ਜੋ ਦਹਾਕਿਆਂ ਤੋਂ ਜ਼ਮੀਨਦੋਜ਼ ਸੀ, ਨੂੰ ਲੱਭ ਕੇ ਦੁਬਾਰਾ ਚਾਲੂ ਕਰ ਦਿੱਤਾ ਗਿਆ ਹੈ। ਭਾਖੜਾ ਨਹਿਰ ਦੀ ਸਮਰੱਥਾ 9,500 ਕਿਊਸਿਕ ਹੈ, ਪਰ ਅਸੀਂ ਸਪਲਾਈ ਵਧਾ ਕੇ 10,000 ਕਿਊਸਿਕ ਕਰ ਦਿੱਤੀ ਹੈ, ਜਿਸ ਨਾਲ ਇੱਕ ਵੀ ਇੰਚ ਜ਼ਮੀਨ ਪ੍ਰਾਪਤ ਕੀਤੇ ਬਿਨਾਂ ਇੱਕ ਨਵੀਂ ਨਹਿਰ ਪ੍ਰਭਾਵਸ਼ਾਲੀ ਢੰਗ ਨਾਲ ਬਣਾਈ ਗਈ ਹੈ। ਵਿਰੋਧੀ ਧਿਰ 'ਤੇ ਨਿਸ਼ਾਨਾ ਸਾਧਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, " ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰਦੀ ਹੈ, ਪਰ ਵਿਰੋਧੀ ਆਗੂ ਸਿਰਫ ਸਫਲਤਾ ਵਿੱਚ ਹਿੱਸਾ ਮੰਗਦੇ ਹਨ।

ਇਨ੍ਹਾਂ ਤਾਕਤਾਂ ਨੇ ਨਸ਼ਿਆਂ ਅਤੇ ਅਪਰਾਧ ਨੂੰ ਉਤਸ਼ਾਹਿਤ ਕੀਤਾ, ਜਿਸ ਕਾਰਨ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਤੋਂ ਲਾਂਭੇ ਕਰ ਦਿੱਤਾ। ਹੁਣ ਉਹ ਦੁਬਾਰਾ ਇਕੱਠੇ ਹੋ ਗਏ ਹਨ ਅਤੇ ਉਨ੍ਹਾਂ ਨੂੰ ਹਰਾਉਣ ਲਈ ਪੰਜਾਬੀਆਂ ਨੂੰ ਵੀ ਇਕੱਠੇ ਹੋਣਾ ਚਾਹੀਦਾ ਹੈ। ਬੱਸਾਂ, ਢਾਬਿਆਂ, ਰੇਤ ਜਾਂ ਸ਼ਰਾਬ ਦੇ ਕਾਰੋਬਾਰਾਂ ਵਿੱਚ ਮੇਰਾ ਕੋਈ ਹਿੱਸਾ ਨਹੀਂ ਹੈ। ਮੇਰੀ ਸਿਰਫ਼ ਪੰਜਾਬੀਆਂ ਦੇ ਦਰਦ ਵਿੱਚ ਸਾਂਝ ਹੈ ਅਤੇ ਮੈਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਵਚਨਬੱਧ ਹਾਂ। ਰਵਾਇਤੀ ਨੇਤਾਵਾਂ ਨੇ ਪੰਜਾਬ ਨੂੰ ਬਰਬਾਦ ਕਰ ਦਿੱਤਾ ਅਤੇ ਉਨ੍ਹਾਂ ਦੇ ਹੱਥ ਲੋਕਾਂ ਦੇ ਦੁੱਖਾਂ ਨਾਲ ਰੰਗੇ ਹੋਏ ਹਨ। ਪੰਜਾਬ ਕਦੇ ਇੱਕ ਖੁਸ਼ਹਾਲ ਸੂਬਾ ਹੁੰਦਾ ਸੀ, ਪਰ ਲਾਲਚੀ ਆਗੂਆਂ ਨੇ ਨਿੱਜੀ ਮੁਫਾਦਾਂ ਲਈ ਇਸਨੂੰ ਤਬਾਹ ਕਰ ਕੇ ਰੱਖ ਦਿੱਤਾ। ਲੋਕ ਪਹਿਲਾਂ ਹੀ ਉਨ੍ਹਾਂ ਨੂੰ ਸਬਕ ਸਿਖਾ ਚੁੱਕੇ ਹਨ ਅਤੇ ਸਮਾਂ ਆ ਰਿਹਾ ਹੈ ਕਿ ਉਨ੍ਹਾਂ ਨੂੰ ਪੂਰੀ ਤਰ੍ਹਾਂ ਰਾਜਨੀਤਿਕ ਗੁਮਨਾਮੀ ਵਿੱਚ ਧੱਕਿਆ ਜਾਵੇ।" ਅਕਾਲੀ ਲੀਡਰਸ਼ਿਪ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ, "ਸੁਖਬੀਰ ਸਿੰਘ ਬਾਦਲ ਸਭ ਤੋਂ ਵੱਡਾ ਅਤੇ ਪੁਰਾਣਾ ਝੂਠਾ ਹੈ, ਜੋ ਸਿਰਫ਼ ਸਵਾਰਥੀ ਸੋਚ ਰੱਖਦਾ ਹੈ। ਬਾਦਲ ਪਰਿਵਾਰ ਸਿਰਫ਼ ਸੂਬੇ ਨੂੰ ਲੁੱਟਣ ਲਈ ਸੱਤਾ ਦੀ ਉਡੀਕ ਕਰ ਰਿਹਾ ਹੈ। ਉਨ੍ਹਾਂ ਨੂੰ ਪੰਜਾਬ ਜਾਂ ਇਸਦੇ ਲੋਕਾਂ ਦੀ ਕੋਈ ਚਿੰਤਾ ਨਹੀਂ ਹੈ ਅਤੇ ਸਿਰਫ਼ ਸੱਤਾ ਦੀ ਦੁਰਵਰਤੋਂ ਕਰਨਾ ਚਾਹੁੰਦੇ ਹਨ।" ਉਨ੍ਹਾਂ ਨੇ 'ਆਪ' ਸਰਕਾਰ ਦੀਆਂ ਪਹਿਲਕਦਮੀਆਂ ਨੂੰ ਅੱਗੇ ਸੂਚੀਬੱਧ ਕਰਦੇ ਹੋਏ ਕਿਹਾ, "ਸਰਕਾਰ ਨੇ ਪੰਜਾਬ ਭਰ ਵਿੱਚ 43,000 ਕਿਲੋਮੀਟਰ ਲਿੰਕ ਸੜਕਾਂ ਦੀ ਮੁਰੰਮਤ ਲਈ ਇੱਕ ਵੱਡਾ ਪ੍ਰੋਗਰਾਮ ਸ਼ੁਰੂ ਕੀਤਾ ਹੈ। ਮੁਰੰਮਤ ਦੇ ਨਾਲ-ਨਾਲ ਅਗਲੇ ਪੰਜ ਸਾਲਾਂ ਲਈ ਉਨ੍ਹਾਂ ਦੇ ਰੱਖ-ਰਖਾਵ ਨੂੰ ਵੀ ਯਕੀਨੀ ਬਣਾਇਆ ਜਾਵੇਗਾ। ਰਾਜ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸ਼ਰਧਾ ਨਾਲ ਮਨਾਉਣ ਲਈ ਸਮਾਗਮਾਂ ਦਾ ਆਯੋਜਨ ਕੀਤਾ। ਸੂਬੇ ਭਰ ਵਿੱਚ ਨਗਰ ਕੀਰਤਨ ਕਰਵਾਏ ਗਏ, ਜੋ ਸ੍ਰੀ ਆਨੰਦਪੁਰ ਸਾਹਿਬ ਵਿਖੇ ਸੰਪੰਨ ਹੋਏ। ਸ਼ਰਧਾਂਜਲੀ ਭੇਟ ਕਰਨ ਲਈ 24 ਨਵੰਬਰ, 2025 ਨੂੰ ਉੱਥੇ ਇੱਕ ਵਿਸ਼ੇਸ਼ ਵਿਧਾਨ ਸਭਾ ਸੈਸ਼ਨ ਵੀ ਕਰਵਾਇਆ ਗਿਆ ਸੀ।" ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਹੋਰ ਵੀ ਮੌਜੂਦ ਸਨ।

# ਟੁੱਟੀਆਂ ਸੜਕਾਂ ਤੋਂ ਕੂੜਾ ਸੰਕਟ ਤੱਕ: ਦੀਵਾਨ ਨੇ ਲੁਧਿਆਣਾ (ਪੱਛਮੀ) ਦੀਆਂ ਨਾਗਰਿਕ ਸਮੱਸਿਆਵਾਂ 'ਤੇ ਤੁਰੰਤ ਕਾਰਵਾਈ ਦੀ ਮੰਗ ਕੀਤੀ

**ਲੁਧਿਆਣਾ/ਅਸ਼ਵਨੀ ਅਹੂਜਾ**

ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਹਲਕੇ ਦੇ ਵੱਖ-ਵੱਖ ਵਾਰਡਾਂ ਤੋਂ ਕਾਂਗਰਸ ਦੇ ਕਈ ਆਗੂਆਂ ਦੇ ਨਾਲ ਮਿਲ ਕੇ ਮਿਊਂਸਿਪਲ ਕਮਿਸ਼ਨਰ ਲੁਧਿਆਣਾ ਡਾ. ਨੀਰੂ ਕਤਿਆਲ ਗੁਪਤਾ ਨੂੰ ਇੱਕ ਮੈਮੋਰੈਂਡਮ ਸੌਂਪਿਆ। ਇਸ ਮੈਮੋਰੈਂਡਮ ਵਿੱਚ ਲੁਧਿਆਣਾ (ਪੱਛਮੀ) ਵਿੱਚ ਗੰਭੀਰ ਨਾਗਰਿਕ ਸੁਵਿਧਾਵਾਂ ਦੀ ਅਣਦੇਖੀ ਨੂੰ ਉਜਾਗਰ ਕੀਤਾ ਗਿਆ ਸੀ, ਜਿੱਥੇ ਨਿਵਾਸੀ ਟੁੱਟੀਆਂ ਸੜਕਾਂ, ਅਣਨਿਯਮਿਤ ਪਾਣੀ ਸਪਲਾਈ, ਓਵਰਫਲੋਅ ਹੋ ਰਹੇ ਸੀਵਰੇਜ, ਖਰਾਬ ਸਟ੍ਰੀਟ ਲਾਈਟਾਂ, ਉਜੜੇ ਪਾਰਕਾਂ, ਨਾ ਉਠਾਇਆ ਗਿਆ ਕੂੜਾ ਅਤੇ ਸਫਾਈ ਦੀ ਭਾਰੀ ਕਮੀ ਵਰਗੀਆਂ ਸਮੱਸਿਆਵਾਂ ਨਾਲ ਜੂਝ ਰਹੇ ਹਨ। ਮੈਮੋਰੈਂਡਮ ਸੌਂਪਣ ਤੋਂ ਬਾਅਦ ਇੱਥੇ ਜਾਰੀ ਬਿਆਨ ਵਿੱਚ, ਦੀਵਾਨ ਨੇ ਹੈਰਾਨੀ ਜਤਾਈ ਕਿ ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਦੀ ਹੀ ਨੁਮਾਇੰਦਗੀ ਕਰਨ ਵਾਲੇ ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਦੇ ਆਪਣੇ ਹਲਕੇ ਦੇ ਵਸਨੀਕਾਂ ਨੂੰ ਬੁਨਿਆਦੀ ਨਾਗਰਿਕ ਸੁਵਿਧਾਵਾਂ ਦੀ ਕਮੀ ਕਾਰਨ ਇੰਨੀ ਮੁਸ਼ਕਲਾਂ ਝੱਲਣ ਲਈ ਛੱਡ ਦਿੱਤਾ ਹੈ। ਮੰਤਰੀ 'ਤੇ ਤੰਜ ਕੱਸਦਿਆਂ ਦੀਵਾਨ ਨੇ ਕਿਹਾ ਕਿ ਜੇ ਮੰਤਰੀ ਆਪਣੇ ਹੀ ਹਲਕੇ ਨੂੰ ਠੀਕ ਨਹੀਂ ਕਰ ਸਕਦੇ, ਤਾਂ ਪੰਜਾਬ ਦੇ ਬਾਕੀ 116 ਵਿਧਾਨ ਸਭਾ ਹਲਕਿਆਂ ਦੇ ਹਾਲਾਤਾਂ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਮੈਮੋਰੈਂਡਮ ਦੇ ਵੇਰਵੇ ਦਿੰਦਿਆਂ ਦੀਵਾਨ ਨੇ ਕਿਹਾ ਕਿ ਲੁਧਿਆਣਾ (ਪੱਛਮੀ) ਦੇ ਵਸਨੀਕ ਇੱਕ ਬੇਮਿਸਾਲ ਨਾਗਰਿਕ ਸੁਵਿਧਾਵਾਂ ਦੇ ਸੰਕਟ ਦਾ ਸਾਹਮਣਾ ਕਰ ਰਹੇ ਹਨ, ਜਿਹੜਾ ਹਰ ਬੁਨਿਆਦੀ ਸੁਵਿਧਾ ਨੂੰ ਪ੍ਰਭਾਵਿਤ ਕਰ ਰਿਹਾ ਹੈ। ਇੱਥੋਂ ਤੱਕ ਕਿ ਸੜਕਾਂ ਦੀ ਹਾਲਤ ਇੰਨੀ ਖਰਾਬ ਹੋ ਚੁੱਕੀ ਹੈ ਕਿ ਹਾਦਸੇ ਰੋਜ਼ਾਨਾ ਦੀ ਕੜਵੀ ਹਕੀਕਤ ਬਣ ਗਏ ਹਨ। ਵੱਡੇ-ਵੱਡੇ ਖੱਡੇ ਖਤਰਨਾਕ ਰੂਪ ਧਾਰ ਚੁੱਕੇ ਹਨ ਅਤੇ ਆਵਾਜਾਈ ਕਰਨ ਵਾਲਿਆਂ ਲਈ ਇਹ ਰਸਤੇ ਕਿਸੇ ਅਜ਼ਾਬ ਤੋਂ ਘੱਟ ਨਹੀਂ ਰਹੇ। ਕਈ ਸੜਕਾਂ ਦਾ ਤਾਂ ਨਿਸ਼ਾਨ ਵੀ ਮਿਟ ਗਿਆ ਹੈ ਕਿਉਂਕਿ ਨਗਰ ਨਿਗਮ ਵੱਲੋਂ ਬੁਨਿਆਦੀ ਪੈਚਵਰਕ ਜਾਂ ਰੀ-ਕਾਰਪੇਟਿੰਗ ਵੀ ਨਹੀਂ ਕੀਤੀ ਗਈ। ਇਹ ਹਾਲਤ ਹੋਰ ਵੀ ਹੈਰਾਨੀਜਨਕ ਹੈ, ਕਿਉਂਕਿ ਇਸ ਹਲਕੇ ਵਿੱਚ ਕਈ ਸਿੱਖਿਆ ਸੰਸਥਾਵਾਂ ਅਤੇ ਹਸਪਤਾਲ ਮੌਜੂਦ ਹਨ। ਦੀਵਾਨ ਨੇ ਕਿਹਾ ਕਿ ਇਸਦੇ ਨਾਲ ਹੀ ਪਾਣੀ ਦੀ ਅਣਨਿਯਮਿਤ ਸਪਲਾਈ ਵੀ ਗੰਭੀਰ ਮੁੱਦਾ ਹੈ। ਇਸ ਲੜੀ ਹੇਠ, 24 ਘੰਟੇ ਪਾਣੀ ਦੀ ਸਪਲਾਈ ਦੇ ਵੱਡੇ ਦਾਅਵੇ



ਹੁਣ ਉਸ ਹਕੀਕਤ ਵਿੱਚ ਤਬਦੀਲ ਹੋ ਗਏ ਹਨ, ਜਿੱਥੇ ਲੋਕਾਂ ਨੂੰ ਦਿਨ ਵਿੱਚ ਤਿੰਨ ਵਾਰ ਵੀ ਪਾਣੀ ਨਹੀਂ ਮਿਲਦਾ। ਤੁਰੰਤ ਸੁਧਾਰਕ ਕਦਮ ਚੁੱਕਣੇ ਲਾਜ਼ਮੀ ਹਨ। ਉਨ੍ਹਾਂ ਨੇ ਦੱਸਿਆ ਕਿ ਹਲਕਾ ਓਵਰਫਲੋਅ ਅਤੇ ਜਾਮ ਹੋਏ ਸੀਵਰੇਜ ਸਿਸਟਮ ਦੀ ਸਮੱਸਿਆ ਨਾਲ ਵੀ ਜੂਝ ਰਿਹਾ ਹੈ। ਠਹਿਰੇ ਹੋਏ ਗੰਦੇ ਪਾਣੀ ਦੀ ਬਦਬੂ ਨੇ ਲੋਕਾਂ ਲਈ ਤਾਜ਼ਾ ਹਵਾ ਵਿੱਚ ਸਾਹ ਲੈਣਾ ਵੀ ਮੁਸ਼ਕਲ ਕਰ ਦਿੱਤਾ ਹੈ ਅਤੇ ਰੋਜ਼ਮਰ੍ਹਾ ਦੀ ਜ਼ਿੰਦਗੀ ਇੱਕ ਸੰਘਰਸ਼ ਬਣ ਗਈ ਹੈ। ਉਨ੍ਹਾਂ ਨੇ ਕਿਹਾ ਅਤੇ ਮੰਗ ਕੀਤੀ ਕਿ ਓ ਐਂਡ ਐਮ ਸੈੱਲ ਤੁਰੰਤ ਜ਼ਿੰਮੇਵਾਰੀ ਲਏ ਅਤੇ ਇਹ ਸਮੱਸਿਆਵਾਂ ਦੂਰ ਕਰੇ। ਇੱਕ ਹੋਰ ਮਹੱਤਵਪੂਰਨ ਮੁੱਦੇ ਨੂੰ ਉਠਾਉਂਦਿਆਂ, ਦੀਵਾਨ ਨੇ ਕਿਹਾ ਕਿ ਬੰਦ ਪਈਆਂ ਸਟ?ਰੀਟ ਲਾਈਟਾਂ ਨੇ ਸੁਰੱਖਿਆ ਲਈ ਗੰਭੀਰ ਖਤਰਾ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਰਾਤ ਦੇ ਸਮੇਂ ਹਾਦਸਿਆਂ ਦਾ ਜੋਖਮ ਕਈ ਗੁਣਾ ਵੱਧ ਗਿਆ ਹੈ। ਇੱਥੋਂ ਤੱਕ ਕਿ ਕੁਝ ਇਲਾਕਿਆਂ ਵਿੱਚ ਦਿਨ ਦੇ ਸਮੇਂ ਵੀ ਬੇਲੋੜੀ ਰੌਸ਼ਨੀ ਰਹਿੰਦੀ ਹੈ, ਜਦਕਿ ਕਈ ਇਲਾਕੇ ਰਾਤ ਨੂੰ ਪੂਰੀ ਤਰ੍ਹਾਂ ਹਨੇਰੇ ਵਿੱਚ ਡੁੱਬੇ ਰਹਿੰਦੇ ਹਨ। ਜਨਤਕ ਸੁਰੱਖਿਆ ਨੂੰ ਲਾਪਰਵਾਹੀ ਦੇ ਭਰੋਸੇ ਨਹੀਂ ਛੱਡਿਆ ਜਾ ਸਕਦਾ। ਉਨ੍ਹਾਂ ਨੇ ਲੁਧਿਆਣਾ (ਪੱਛਮੀ) ਦੇ ਜ਼ਿਆਦਾਤਰ ਪਾਰਕਾਂ ਦੀ ਬਦਹਾਲ ਹਾਲਤ ਬਾਰੇ ਗੱਲ ਕਰਦਿਆਂ, ਕਿਹਾ ਕਿ ਇਹ ਪੂਰੀ ਤਰ੍ਹਾਂ ਅਣਦੇਖੇ ਪਏ ਹਨ। ਇੱਥੇ ਸਫਾਈ ਦੀ ਘਾਟ ਹੈ, ਜੰਗਲੀ ਘਾਹ ਵਧ ਚੁੱਕੀ ਹੈ ਅਤੇ ਇਨ੍ਹਾਂ ਜਨਤਕ ਥਾਵਾਂ ਦੀ ਸੁੰਦਰਤਾ ਖਤਮ ਹੋ ਚੁੱਕੀ ਹੈ। ਸਭ ਤੋਂ ਵੱਡੀ ਉਦਾਹਰਨ ਰੋਜ਼ ਗਾਰਡਨ ਹੈ, ਜਿਹੜੀ ਲੁਧਿਆਣਾ ਦੇ ਸਭ ਤੋਂ ਵੱਡੇ ਅਤੇ ਪ੍ਰਸਿੱਧ ਪਾਰਕਾਂ ਵਿੱਚੋਂ ਇੱਕ ਹੈ , ਲੇਕਿਨ ਇਸਨੂੰ ਹੁਣ ਬਿਨਾਂ ਸੰਭਾਲ ਤੋਂ ਛੱਡਿਆ ਹੋਇਆ ਹੈ। ਇਸ ਹਾਲਤ ਨੇ ਸੈਰ ਕਰਨ ਵਾਲਿਆਂ ਤੋਂ ਸੁਰੱਖਿਅਤ ਥਾਵਾਂ ਖੋਹ ਲਈਆਂ ਹਨ ਅਤੇ ਬੱਚਿਆਂ ਨੂੰ ਘਰਾਂ ਵਿੱਚ ਰਹਿਣ ਲਈ ਮਜਬੂਰ ਕਰ ਦਿੱਤਾ ਹੈ। ਦੀਵਾਨ ਨੇ ਇਹ ਵੀ ਕਿਹਾ ਕਿ ਸੜਕਾਂ ਦੀ ਸਫਾਈ ਦਾ ਵੀ ਬੁਰਾ ਹਾਲ ਹੈ, ਜਿੱਥੇ ਰਸਤੇ ਗੰਦਗੀ ਨਾਲ ਭਰੇ ਪਏ ਹਨ। ਉਨ੍ਹਾਂ ਨੇ ਕਿਹਾ ਕਿ ਇਹ ਅਣਦੇਖੀ ਹਲਕੇ ਦੀ ਮਾੜੀ ਤਸਵੀਰ ਪੇਸ਼ ਕਰਦੀ ਹੈ ਅਤੇ ਲੋਕਾਂ ਦੀ ਸਿਹਤ ਲਈ ਵੀ ਖਤਰਾ ਬਣਦੀ ਹੈ। ਸਵੱਛ ਸਰਵੇਖਣ 2025 ਦੀ ਰਿਪੋਰਟ ਵਿੱਚ ਲੁਧਿਆਣਾ ਨੂੰ ਭਾਰਤ ਦਾ ਦੂਜਾ ਸਭ ਤੋਂ ਗੰਦਾ ਸ਼ਹਿਰ ਦਰਜ ਕੀਤਾ ਗਿਆ ਹੈ, ਜੋ ਇਸਦੀ ਸੈਨਿਟੇਸ਼ਨ ਪ੍ਰਣਾਲੀ 'ਤੇ ਗੰਭੀਰ ਦੋਸ਼ ਲਗਾਉਂਦਾ ਹੈ। ਘਰ-ਘਰ ਕੂੜਾ ਇਕੱਠਾ ਕਰਨ ਦੀ ਪ੍ਰਣਾਲੀ ਦੀ ਕਮੀ ਅਤੇ ਡਸਟਬਿਨਾਂ ਦੀ ਘਾਟ ਕਾਰਨ ਲੋਕ ਮਜਬੂਰ ਹੋ ਕੇ ਖੁੱਲ੍ਹੇ ਵਿੱਚ ਕੂੜਾ ਸੁੱਟ ਕਰਹੇ ਹਨ। ਇਨ੍ਹਾਂ ਹਾਲਾਤਾਂ ਦੇ ਮੱਦੇਨਜਰ ਜਾਂ ਤਾਂ ਘਰ-ਘਰ ਤੋਂ ਨਿਯਮਿਤ ਕੂੜਾ ਇਕੱਠਾ ਕਰਨ ਦੀ ਵਿਵਸਥਾ ਯਕੀਨੀ ਬਣਾਈ ਜਾਵੇ, ਜਾਂ ਫਿਰ ਚੰਡੀਗੜ੍ਹ ਵਾਂਗ ਉਚਿਤ ਥਾਵਾਂ ਤੇ ਡਸਟਬਿਨ ਅਤੇ ਕੂੜਾ ਇਕੱਠਾ ਕਰਨ ਵਾਲੇ ਪੁਆਇੰਟ ਬਣਾਏ ਜਾਣ। ਅਖੀਰ ਵਿੱਚ ਵਿੱਚ ਦੀਵਾਨ ਨੇ ਜ਼ੋਰ ਦਿੰਦਿਆਂ, ਕਿਹਾ ਕਿ ਮੈਮੋਰੈਂਡਮ ਵਿੱਚ ਇਹ ਸਾਰੀਆਂ ਸਮੱਸਿਆਵਾਂ ਵਿਸਥਾਰ ਨਾਲ ਦਰਜ ਕੀਤੀਆਂ ਗਈਆਂ ਹਨ ਅਤੇ ਮਿਊਂਸਿਪਲ ਕਮਿਸ਼ਨਰ ਨੂੰ ਬਿਨਾਂ ਕਿਸੇ ਹੋਰ ਦੇਰੀ ਦੇ ਤੁਰੰਤ ਲੋੜੀਂਦੇ ਕਦਮ ਚੁੱਕਣ ਦੀ ਮਜ਼ਬੂਤ ਅਪੀਲ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਨਾਲ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸੁਸ਼ੀਲ ਮਲਹੋਤਰਾ, ਸੀਨੀਅਰ ਕਾਂਗਰਸੀ ਆਗੂ ਇੰਦਰਜੀਤ ਕਪੂਰ, ਬੀ.ਐਮ. ਕਾਲੀਆ, ਹਰਭਗਤ ਸਿੰਘ ਗਰੇਵਾਲ, ਰਜਨੀਸ਼ ਸਿੰਗਲਾ, ਬਾਲ ਕ੍ਰਿਸ਼ਨ ਸ਼ਰਮਾ ਅਤੇ ਨੀਰਜ ਬਿਰਲਾ ਵੀ ਮੌਜੂਦ ਰਹੇ।

# ਜੀ.ਜੀ.ਐਨ.ਆਈ.ਐਮ.ਟੀ. ਵਿਖੇ ਉੱਦਮਤਾ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

**ਲੁਧਿਆਣਾ/ਤਮੰਨਾ ਬੇਦੀ**

ਗੁਜਰਾਂਵਾਲਾ ਗੁਰੂ ਨਾਨਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਜੀ. ਜੀ. ਐਨ. ਆਈ. ਐਮ. ਟੀ.), ਸਿਵਲ ਲਾਈਨਜ਼, ਲੁਧਿਆਣਾ ਨੇ ਭਾਰਤ ਸਰਕਾਰ ਦੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ ਮੰਤਰਾਲੇ (ਐਮ.ਐਸ.ਐਮ.ਈ.) ਦੇ ਸਹਿਯੋਗ ਨਾਲ ਆਪਣੇ ਉੱਦਮਤਾ ਕਲੱਬ ਅਤੇ ਸੰਸਥਾ ਦੀ ਇਨੋਵੇਸ਼ਨ ਕੌਂਸਲ (ਆਈ.ਆਈ.ਸੀ.) ਦੀ ਅਗਵਾਈ ਹੇਠ ਉੱਦਮਤਾ ਜਾਗਰੂਕਤਾ ਪ੍ਰੋਗਰਾਮ 'ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਉੱਦਮੀ ਸੋਚ ਵੱਲ ਪ੍ਰੇਰਿਤ ਕਰਨਾ ਅਤੇ ਮਾਰਗਦਰਸ਼ਨ ਕਰਨਾ ਸੀ, ਜਿਸ ਨਾਲ ਉਹ ਕਾਰੋਬਾਰੀ ਮੌਕਿਆਂ, ਸਰਕਾਰੀ ਯੋਜਨਾਵਾਂ ਅਤੇ ਉਭਰਦੇ ਉੱਦਮੀਆਂ ਲਈ ਉਪਲਬਧ ਵਿੱਤੀ ਸਹਾਇਤਾ ਪ੍ਰਣਾਲੀਆਂ ਬਾਰੇ ਜਾਣਕਾਰੀ ਪ੍ਰਦਾਨ ਕਰ ਸਕਣ। ਸੈਮੀਨਾਰ ਦਾ ਸੰਯੋਜਨ ਉੱਦਮਤਾ ਕਲੱਬ ਦੇ ਕੋਆਰਡੀਨੇਟਰ ਡਾ.




ਰਿਪੁਦਮਨ ਕੌਰ ਦੁਆਰਾ ਕੀਤਾ ਗਿਆ ਸੀ, ਜਿਨ੍ਹਾਂ ਨੇ ਵਿਸ਼ੇਸ਼ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜੀਜੀਐਨਆਈਐਮਟੀ ਪਿਛਲੇ 15 ਸਾਲਾਂ ਤੋਂ ਪ੍ਰੋ. ਮਨਜੀਤ ਸਿੰਘ ਛਾਬੜਾ ਦੀ ਦੂਰਦਰਸ਼ੀ ਅਗਵਾਈ ਹੇਠ ਲਗਾਤਾਰ ਉੱਦਮਤਾ ਜਾਗਰੂਕਤਾ ਪਹਿਲਕਦਮੀਆਂ ਦਾ ਆਯੋਜਨ ਕਰ ਰਿਹਾ ਹੈ। ਭਾਗੀਦਾਰਾਂ ਨੂੰ ਸੰਬੋਧਨ ਕਰਦੇ ਹੋਏ, ਜੀਜੀਐਨਆਈਐਮਟੀ ਦੇ ਡਾਇਰੈਕਟਰ ਪ੍ਰੋ. ਮਨਜੀਤ ਸਿੰਘ ਛਾਬੜਾ ਨੇ ਵਿਦਿਆਰਥੀਆਂ ਨੂੰ ਨਵੀਨਤਾ, ਆਰਥਿਕ ਵਿਕਾਸ ਅਤੇ ਨੌਕਰੀਆਂ ਪੈਦਾ ਕਰਨ ਦੇ ਮਾਰਗ ਵਜੋਂ ਉੱਦਮਤਾ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਨਵੀਨਤਾਕਾਰੀ ਵਿਚਾਰਾਂ ਦੀ ਪੜਚੋਲ ਕਰਨ ਅਤੇ ਸਫਲ ਉੱਦਮ ਸ਼ੁਰੂ ਕਰਨ ਅਤੇ ਪ੍ਰਬੰਧਨ ਦੇ ਵਿਹਾਰਕ ਪਹਿਲੂਆਂ ਨੂੰ ਸਮਝਣ ਵਿੱਚ ਮਦਦ ਕਰਨ ਲਈ ਤਿਆਰ ਕੀਤੇ ਗਏ ਹਨ। ਅੰਤਿਮ ਭਾਸ਼ਣ ਪੰਜਾਬ ਐਂਡ ਸਿੰਧ ਬੈਂਕ ਦੀ ਲੀਡ ਬੈਂਕ ਅਫਸਰ ਸ਼੍ਰੀਮਤੀ ਇੰਦਰਪ੍ਰੀਤ ਕੌਰ ਦੁਆਰਾ ਦਿੱਤਾ ਗਿਆ, ਜ਼ਿਲ੍ਹਾ ਪੱਧਰੀ ਬੈਂਕਿੰਗ ਤਾਲਮੇਲ ਅਤੇ ਜ਼ਿਲ੍ਹਾ ਕ੍ਰੈਡਿਟ ਯੋਜਨਾ ਰਾਹੀਂ ਵਿੱਤੀ ਸਮਾਵੇਸ਼ ਬਾਰੇ ਗੱਲ ਕੀਤੀ। ਉਸਨੇ ਵਿਦਿਆਰਥੀਆਂ ਨੂੰ ਸਟਾਰਟਅੱਪ ਅਤੇ ਛੋਟੇ ਉੱਦਮਾਂ ਲਈ ਉਪਲਬਧ ਬੈਂਕਿੰਗ ਸਹਾਇਤਾ ਬਾਰੇ ਵੀ ਜਾਣਕਾਰੀ ਦਿੱਤੀ। ਜੀਜੀਐਨਆਈਐਮਟੀ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ, ਸਾਰੇ ਸਤਿਕਾਰਯੋਗ ਪਤਵੰਤਿਆਂ, ਬੁਲਾਰਿਆਂ ਅਤੇ ਭਾਗੀਦਾਰਾਂ ਦਾ ਉਨ੍ਹਾਂ ਦੀ ਕੀਮਤੀ ਮੌਜੂਦਗੀ ਅਤੇ ਯੋਗਦਾਨ ਲਈ ਦਿਲੋਂ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਪ੍ਰੋਗਰਾਮ ਵਿਦਿਆਰਥੀਆਂ ਲਈ ਇੱਕ ਬਹੁਤ ਹੀ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਸੈਸ਼ਨ ਸਾਬਤ ਹੋਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਨਵੀਨਤਾਕਾਰੀ ਵਿਚਾਰਾਂ ਨੂੰ ਸਫਲ ਉੱਦਮਾਂ ਵਿੱਚ ਬਦਲਣ ਲਈ ਪ੍ਰਾਪਤ ਗਿਆਨ ਦੀ ਸਭ ਤੋਂ ਵਧੀਆ ਵਰਤੋਂ ਕਰਨ ਲਈ ਅੱਗੇ ਉਤਸ਼ਾਹਿਤ ਕੀਤਾ।

# ਵਿਧਾਇਕ ਕੁਲਵੰਤ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਨਿਗਮ ਕਮਿਸ਼ਨਰ ਨਾਲ ਮੀਟਿੰਗ

**ਲੁਧਿਆਣਾ/ਅਸ਼ਵਨੀ ਅਹੂਜਾ**



ਵਿਧਾਇਕ ਕੁਲਵੰਤ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਅੱਜ ਨਗਰ ਨਿਗਮ ਕਮਿਸ਼ਨਰ ਨੀਰੂ ਕਤਿਆਲ ਨਾਲ ਮੀਟਿੰਗ ਕੀਤੀ ਜਿੱਥੇ ਵਿਧਾਨ ਸਭਾ ਹਲਕਾ ਆਤਮ ਨਗਰ ਵਿੱਚ ਚੱਲ ਰਹੇ ਅਤੇ ਆਗਾਮੀ ਵਿਕਾਸ ਪ੍ਰੋਜੈਕਟਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਵਿਧਾਇਕ ਸਿੱਧੂ ਨੇ ਹਲਕੇ ਦੇ ਵਸਨੀਕਾਂ ਲਈ ਤੇਜ਼ ਅਤੇ ਬਿਹਤਰ ਤਰੱਕੀ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਵੀ ਕੀਤੀ। ਵਿਧਾਇਕ ਸਿੱਧੂ ਵੱਲੋਂ ਕਮਿਸ਼ਨਰ ਨੀਰੂ ਕਤਿਆਲ ਅੱਗੇ ਹਲਕੇ ਦੇ ਛੋਟੇ ਦੁਕਾਨਦਾਰ, ਫੜੀ ਵਾਲਿਆਂ ਦੀਆਂ ਮੁਸ਼ਕਿਲਾਂ ਵੀ ਰੱਖੀਆਂ ਅਤੇ ਉਹਨਾਂ ਨੂੰ ਗੰਭੀਰਤਾ ਅਤੇ ਸ਼ਲੀਨਤਾ ਨਾਲ ਹੱਲ ਕਰਨ ਬਾਰੇ ਵਿਚਾਰ ਕੀਤਾ ਗਿਆ। ਨਗਰ ਨਿਗਮ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਸਖ਼ਤ ਲਹਿਜੇ ਵਿੱਚ ਕਿਹਾ ਕਿ ਕਿਸੇ ਵੀ ਗਰੀਬ ਅਤੇ ਕਿਰਤੀ ਨੂੰ ਬਿਨਾਂ ਵਜ?ਹਾ ਤੰਗ ਪਰੇਸ਼ਾਨ ਨਾ ਕੀਤਾ ਜਾਵੇ। ਨਿਗਮ ਕਮਿਸ਼ਨਰ ਨੀਰੂ ਕਤਿਆਲ ਵੱਲੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੂੰ ਇਹ ਭਰੋਸਾ ਦਿੱਤਾ ਗਿਆ ਕਿ ਉਹਨਾਂ ਦੇ ਹਲਕੇ ਵਿੱਚ ਚੱਲ ਰਹੇ ਸਾਰੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਅਤੇ ਸਹੀ ਤਰੀਕੇ ਨਾਲ ਜਲਦ ਪੂਰਾ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਨਵੇਂ ਪ੍ਰੋਜੈਕਟਾਂ ਨੂੰ ਵੀ ਜਲਦ ਸ਼ੁਰੂ ਕਰਵਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਿਧਾਇਕ ਸਿੱਧੂ ਵੱਲੋਂ ਦਿੱਤੇ ਗਏ ਸੁਝਾਵਾਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਇਸ ਮੌਕੇ ਇਹ ਜਾਣਕਾਰੀ ਵੀ ਸਾਂਝੀ ਕੀਤੀ ਗਈ ਕਿ ਭਲਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ ਵਿਸ਼ਵਕਰਮਾ ਪਾਰਕ ਅਤੇ ਮਿਲਟਰੀ ਕੈਂਪ ਵਿਖੇ ਸੀਵਰੇਜ ਲਾਈਨ ਦੇ ਉਦਘਾਟਨ ਲਈ ਆਤਮ ਨਗਰ ਹਲਕੇ ਦਾ ਦੌਰਾ ਕੀਤਾ ਜਾਣਾ ਹੈ। ਇਸ ਸਬੰਧੀ ਉਨ੍ਹਾ ਸਾਰੀਆਂ ਜ਼ਰੂਰੀ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਨੂੰ ਅੰਤਿਮ ਰੂਪ ਦਿੱਤਾ।

# ਜੀ. ਜੀ. ਐਨ. ਆਈ. ਐਮ. ਟੀ ਐਚ. ਐਮ. ਸੀ. ਟੀ ਦੇ ਵਿਦਿਆਰਥੀਆਂ ਨੇ ਆਪਣੇ ਪ੍ਰਾਹੁਣਚਾਰੀ ਹੁਨਰ ਦਾ ਪ੍ਰਦਰਸ਼ਨ ਕੀਤਾ



**ਲੁਧਿਆਣਾ/ਤਮੰਨਾ ਬੇਦੀ**

ਜੀ. ਜੀ. ਐਨ. ਆਈ. ਐਮ. ਟੀ ਸਿਵਲ ਲਾਈਨਜ਼, ਹੋਟਲ ਮੈਨੇਜਮੈਂਟ ਦੇ ਵਿਦਿਆਰਥੀਆਂ ਨੂੰ ਹਾਲ ਹੀ ਵਿੱਚ ਲੁਧਿਆਣਾ ਦੇ ਧਨਾਨਸੂ ਵਿਖੇ ਟਾਟਾ ਸਟੀਲ ਪਲਾਂਟ ਦੇ ਉਦਘਾਟਨ ਸਮਾਰੋਹ ਦੌਰਾਨ ਮਾਨਯੋਗ ਮੁੱਖ ਮੰਤਰੀ ਐਸ. ਭਗਵੰਤ ਮਾਨ ਦੀ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ। 40 ਜੀ ਜੀ ਐਨ ਆਈ ਐਮ ਟੀ ਅਨਾਂ ਨੇ ਹੋਟਲ ਰੈਡੀਸਨ ਬਲੂ ਲੁਧਿਆਣਾ ਲਈ ਆਊਟਡੋਰ ਕੇਟਰਿੰਗ ਟੀਮ ਦੇ ਮੈਂਬਰਾਂ ਵਜੋਂ ਸੇਵਾ ਨਿਭਾਈ। ਮੁੱਖ ਮੰਤਰੀ ਅਤੇ ਪੰਜਾਬ ਕੈਬਨਿਟ ਮੰਤਰੀਆਂ ਦੁਆਰਾ ਸ਼ਿਰਕਤ ਕੀਤੀ ਗਈ ਇਹ ਸਮਾਗਮ ਵਿਦਿਆਰਥੀਆਂ ਲਈ ਇੱਕ ਕੀਮਤੀ ਸਿੱਖਣ ਦਾ ਅਨੁਭਵ ਸੀ। ਲਕਸ਼ਯ (ਬੀ ਐਚ ਐਮ ਸੀ ਟੀ ਦੂਜਾ ਸਮੈਸਟਰ) ਅਤੇ ਖੁਸ਼ ਕਰਨ ਸਿੰਘ (ਬੀ ਐਚ ਐਮ ਸੀ ਟੀ ਛੇਵਾਂ ਸਮੈਸਟਰ) ਭਾਗ ਲੈਣ ਵਾਲੇ ਵਿਦਿਆਰਥੀਆਂ ਵਿੱਚੋਂ ਸਨ। ਉਨ੍ਹਾਂ ਦੀ ਭਾਗੀਦਾਰੀ ਨੇ ਉਨ੍ਹਾਂ ਨੂੰ ਵੀਆਈਪੀ ਹੈਂਡਲਿੰਗ ਅਤੇ ਪ੍ਰਾਹੁਣਚਾਰੀ ਪ੍ਰਬੰਧਨ ਬਾਰੇ ਸਮਝ ਪ੍ਰਾਪਤ ਕਰਨ ਦੇ ਯੋਗ ਬਣਾਇਆ। ਜੀ ਜੀ ਐਨ ਆਈ ਐਮ ਟੀ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਉਨ੍ਹਾਂ ਦੇ ਪੇਸ਼ੇਵਰ ਵਿਕਾਸ ਲਈ ਹੋਰ ਮੌਕੇ ਪ੍ਰਦਾਨ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਟੀਮ ਨੂੰ ਸਲਾਹ ਦੇਣ ਲਈ ਮੁਖੀ ਪ੍ਰੋ. ਸ਼ਾਂਤੀਮਨੀ ਸਥਵਾਰਾ ਅਤੇ ਪ੍ਰੋ. ਹਨੀ ਚਾਵਲਾ ਨੂੰ ਵੀ ਵਧਾਈ ਦਿੱਤੀ।

ਜੀਜੀਐਨਆਈਐਮਟੀ ਦੇ ਡਾਇਰੈਕਟਰ ਪ੍ਰੋ. ਮਨਜੀਤ ਸਿੰਘ ਛਾਬੜਾ ਨੇ ਵਿਦਿਆਰਥੀਆਂ ਦੀ ਭਾਗੀਦਾਰੀ ਦੀ ਪ੍ਰਸ਼ੰਸਾ ਕੀਤੀ। ਇਨ੍ਹਾਂ ਵਿਦਿਆਰਥੀਆਂ ਨੂੰ ਪ੍ਰੋਗਰਾਮ ਦੌਰਾਨ ਉਨ੍ਹਾਂ ਦੀ ਦਿਲਚਸਪੀ ਨਾਲ ਭਾਗੀਦਾਰੀ ਲਈ ਹੋਟਲ ਰੈਡੀਸਨ ਬਲੂ ਤੋਂ ਸਰਟੀਫਿਕੇਟ ਵੀ ਪ੍ਰਾਪਤ ਹੋਏ।

# ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਅਧੀਨ 1.91 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ 219 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ/ਬਿਊਰੋ**

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਾਸ਼ੀਆਗ੍ਰਸਤ ਵਰਗਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਅਤੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।



ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸੇ ਦਿਸ਼ਾ ਵਿੱਚ ਅੱਗੇ ਵਧਦਿਆਂ ਹੋਇਆ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਮੌਜੂਦਾ ਵਿੱਤੀ ਸਾਲ ਦੌਰਾਨ 1,91,429 ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਲਈ 219 ਕਰੋੜ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਹ ਮਾਨ ਸਰਕਾਰ ਦੀ ਅਨੁਸੂਚਿਤ ਜਾਤੀਆਂ ਅਤੇ ਹੋਰ ਪਿੱਛੜੇ ਵਰਗਾਂ ਦੀ ਭਲਾਈ ਅਤੇ ਸਸ਼ਕਤੀਕਰਨ ਪ੍ਰਤੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਸਕੀਮ ਦੇ ਮਨੁੱਖੀ ਪੱਖ ਨੂੰ ਉਜਾਗਰ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ, "ਪੋਸਟ ਮੈਟ੍ਰਿਕ ਸਕਾਲਰਸ਼ਿਪ ਸਿਰਫ਼ ਵਿੱਤੀ ਸਹਾਇਤਾ ਨਹੀਂ, ਸਗੋਂ ਹਜ਼ਾਰਾਂ ਪਰਿਵਾਰਾਂ ਲਈ ਉਮੀਦ ਦੀ ਇੱਕ ਕਿਰਨ ਹੈ। ਕਈ ਘਰਾਂ ਲਈ ਇਹ ਸਕੀਮ ਬੱਚਿਆਂ ਨੂੰ ਉੱਚ ਸਿੱਖਿਆ ਹਾਸਲ ਕਰਨ ਅਤੇ ਆਪਣਾ ਭਵਿੱਖ ਸੁਨਹਿਰੀ ਬਣਾਉਣ ਦਾ ਮੌਕਾ ਪ੍ਰਦਾਨ ਕਰ ਰਹੀ ਹੈ। ਸਾਡੀ ਸਰਕਾਰ ਦਾ ਦ੍ਰਿੜ ਇਰਾਦਾ ਹੈ ਕਿ ਕੋਈ ਵੀ ਯੋਗ ਵਿਦਿਆਰਥੀ ਸਿਰਫ਼ ਆਰਥਿਕ ਕਮੀ ਕਾਰਨ ਆਪਣੀ ਪੜ੍ਹਾਈ ਤੋਂ ਵਾਂਝਾ ਨਾ ਰਹੇ।

# ਸੀ.ਆਈ.ਸੀ.ਯੂ ਨੇ ਐਮਐਸਐਮਈ ਬੰਦ ਹੋਣ ਤੋਂ ਰੋਕਣ ਲਈ ਤੁਰੰਤ ਗੈਸ ਸਪਲਾਈ ਸੁਚਾਰੂ ਬਣਾਉਣ ਲਈ ਸਰਕਾਰ ਨੂੰ ਕੀਤੀ ਅਪੀਲ : ਉਪਕਾਰ ਸਿੰਘ ਅਹੂਜਾ

**ਲੁਧਿਆਣਾ/ਅਸ਼ਵਨੀ ਅਹੂਜਾ**

ਇੰਡਸਟਰੀਅਲ ਐਂਡ ਕਮਰਸ਼ੀਅਲ ਅੰਡਰਟੇਕਿੰਗਜ਼ (ਸੀਆਈਸੀਯੂ) ਨੇ ਉਦਯੋਗਿਕ ਗੈਸ ਸਪਲਾਈ ਦੇ ਵਧਦੇ ਸੰਕਟ ਵਿਰੁੱਧ ਜ਼ੋਰਦਾਰ ਆਵਾਜ਼ ਉਠਾਈ ਹੈ ਅਤੇ ਸੀਐਮਓ ਦਫ਼ਤਰ ਅਤੇ ਮਾਨਯੋਗ ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਸ਼੍ਰੀ ਹਰਦੀਪ ਸਿੰਘ ਪੁਰੀ ਸਮੇਤ ਸੀਨੀਅਰ ਸਰਕਾਰੀ ਅਧਿਕਾਰੀਆਂ ਨੂੰ ਪੱਤਰ ਲਿਖ ਕੇ ਤੁਰੰਤ ਦਖਲ ਦੇਣ ਦੀ ਮੰਗ ਕੀਤੀ ਹੈ। ਆਪਣੇ ਸੰਚਾਰ ਵਿੱਚ, ਸੀਆਈਸੀਯੂ ਨੇ ਇਸ ਗੱਲ ਨੂੰ ਉਜਾਗਰ ਕੀਤਾ ਕਿ ਪਹਿਲਾਂ ਕੀਤੀਆਂ ਗਈਆਂ ਪ੍ਰਤੀਨਿਧਤਾਵਾਂ ਦੇ ਬਾਵਜੂਦ, ਉਦਯੋਗਿਕ ਗੈਸਾਂ ਦੀ ਸਪਲਾਈ ਵਿੱਚ ਲਗਾਤਾਰ ਵਿਘਨ ਕਾਰਨ ਸਥਿਤੀ ਹੋਰ ਵੀ ਵਿਗੜ ਗਈ ਹੈ। ਸੰਕਟ ਹੁਣ ਇੱਕ ਨਾਜ਼ੁਕ ਪੱਧਰ 'ਤੇ ਪਹੁੰਚ ਗਿਆ ਹੈ, ਜੋ ਐਮਐਸਐਮਈ ਉਦਯੋਗਾਂ ਨੂੰ ਬੰਦ ਹੋਣ ਵੱਲ ਧੱਕ ਰਿਹਾ ਹੈ। ਸੀਆਈਸੀਯੂ ਨੇ ਦੱਸਿਆ ਕਿ ਵਿਸ਼ਵਵਿਆਪੀ ਭੂ-ਰਾਜਨੀਤਿਕ ਤਣਾਅ, ਖਾਸ ਕਰਕੇ ਮੱਧ ਪੂਰਬ ਵਿੱਚ, ਨੇ ਕੁਦਰਤੀ ਗੈਸ ਦੀ ਉਪਲਬਧਤਾ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ, ਜਿਸ ਕਾਰਨ ਭਾਰਤ ਵਿੱਚ ਉਦਯੋਗਿਕ ਸਮੂਹਾਂ ਵਿੱਚ ਗੰਭੀਰ ਕਮੀ ਆਈ ਹੈ। ਨਤੀਜੇ ਵਜੋਂ, ਉਦਯੋਗ - ਖਾਸ ਕਰਕੇ ਇੰਜੀਨੀਅਰਿੰਗ, ਆਟੋ ਕੰਪੋਨੈਂਟਸ, ਫੈਬਰੀਕੇਸ਼ਨ ਅਤੇ ਮੈਟਲ ਪ੍ਰੋਸੈਸਿੰਗ - ਕਾਰਜਾਂ ਨੂੰ ਕਾਇਮ ਰੱਖਣ ਲਈ ਸੰਘਰਸ਼ ਕਰ ਰਹੇ ਹਨ। ਗੈਸ ਦੀ ਉਪਲਬਧਤਾ ਨਾ ਹੋਣ ਕਾਰਨ ਬਹੁਤ ਸਾਰੇ



ਯੂਨਿਟ ਪਹਿਲਾਂ ਹੀ ਘੱਟੋ-ਘੱਟ ਸਮਰੱਥਾ 'ਤੇ ਚੱਲ ਰਹੇ ਹਨ, ਜਦੋਂ ਕਿ ਵੱਡੀ ਗਿਣਤੀ ਬੰਦ ਹੋਣ ਦੇ ਕੰਢੇ 'ਤੇ ਹਨ। ਇਹ ਚਿੰਤਾਜਨਕ ਸਥਿਤੀ ਉਤਪਾਦਨ, ਰੁਜ਼ਗਾਰ ਅਤੇ ਸਮੁੱਚੇ ਉਦਯੋਗਿਕ ਵਾਤਾਵਰਣ ਪ੍ਰਣਾਲੀ ਲਈ ਗੰਭੀਰ ਖ਼ਤਰਾ ਪੈਦਾ ਕਰਦੀ ਹੈ। ਸੀਆਈਸੀਯੂ ਨੇ ਮੰਗ ਕੀਤੀ ਹੈ ਕਿ ਉਦਯੋਗਿਕ ਵਰਤੋਂ ਲਈ ਤੁਰੰਤ ਕਾਫ਼ੀ ਗੈਸ ਸਪਲਾਈ ਨਿਰਧਾਰਤ ਕੀਤੀ ਜਾਵੇ। ਆਪਣੀ ਸਖ਼ਤ ਚਿੰਤਾ ਸਾਂਝੀ ਕਰਦੇ ਹੋਏ, ਸੀਆਈਸੀਯੂ ਦੇ ਪ੍ਰਧਾਨ ਸ੍ਰੀ ਉਪਕਾਰ ਸਿੰਘ ਆਹੂਜਾ ਨੇ ਕਿਹਾ, 'ਮੌਜੂਦਾ ਸਥਿਤੀ ਬਹੁਤ ਗੰਭੀਰ ਅਤੇ ਚਿੰਤਾਜਨਕ ਹੈ। ਜੇਕਰ ਤੁਰੰਤ ਕਦਮ ਨਹੀਂ ਚੁੱਕੇ ਗਏ, ਤਾਂ ਆਉਣ ਵਾਲੇ ਦਿਨਾਂ ਵਿੱਚ ਬਹੁਤ ਸਾਰੀਆਂ ਐਮਐਸਐਮਈ ਯੂਨਿਟਾਂ ਨੂੰ ਬੰਦ ਕਰਨ ਲਈ ਮਜਬੂਰ ਕੀਤਾ ਜਾਵੇਗਾ। ਉਦਯੋਗਿਕ ਗੈਸ ਵਿਕਲਪਿਕ ਨਹੀਂ ਹੈ - ਇਹ ਨਿਰਮਾਣ ਲਈ ਇੱਕ ਜੀਵਨ ਰੇਖਾ ਹੈ। ਅਸੀਂ ਸਰਕਾਰ ਨੂੰ ਤੇਜ਼ੀ ਨਾਲ ਕਾਰਵਾਈ ਕਰਨ ਅਤੇ ਸਥਿਤੀ ਦੇ ਕਾਬੂ ਤੋਂ ਬਾਹਰ ਹੋਣ ਤੋਂ ਪਹਿਲਾਂ ਉਦਯੋਗਾਂ ਲਈ ਸਮਰਪਿਤ ਸਪਲਾਈ ਯਕੀਨੀ ਬਣਾਉਣ ਦੀ ਅਪੀਲ ਕਰਦੇ ਹਾਂ। ਉਨ੍ਹਾਂ ਅੱਗੇ ਕਿਹਾ, 'ਐਮਐਸਐਮਈ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹਨ ਅਤੇ ਰੁਜ਼ਗਾਰ ਦਾ ਇੱਕ ਵੱਡਾ ਸਰੋਤ ਹਨ। ਇਸ ਪੱਧਰ 'ਤੇ ਕਿਸੇ ਵੀ ਵਿਘਨ ਦਾ ਨੌਕਰੀਆਂ, ਨਿਰਯਾਤ ਅਤੇ ਸਮੁੱਚੇ ਉਦਯੋਗਿਕ ਵਿਕਾਸ 'ਤੇ ਵੱਡਾ ਪ੍ਰਭਾਵ ਪਵੇਗਾ। ਘੱਟੋ-ਘੱਟ ਯਕੀਨੀ ਵੰਡ ਸਮੇਂ ਦੀ ਲੋੜ ਹੈ।'

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਗਾਂਹਵਧੂ ਕਿਸਾਨਾਂ ਨੂੰ ਮੁੱਖ ਮੰਤਰੀ ਪੁਰਸਕਾਰ ਨਾਲ ਨਿਵਾਜਿਆ

**ਲੁਧਿਆਣਾ/ਵਾਸੂ ਜੇਤਲੀ**

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਵੱਲੋਂ ਪਸ਼ੂ ਪਾਲਣ ਕਿੱਤਿਆਂ ਵਿੱਚ ਨਿਵੇਕਲੀ ਕਾਰਗੁਜ਼ਾਰੀ ਵਿਖਾਉਣ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਮੁੱਖ ਮੰਤਰੀ ਪੁਰਸਕਾਰ ਪ੍ਰਦਾਨ ਕੀਤੇ ਗਏ।ਇਹ ਪੁਰਸਕਾਰ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਨੇ ਆਪਣੇ ਕਰ ਕਮਲਾਂ ਨਾਲ ਇਹਨਾਂ ਅਗਾਂਹਵਧੂ ਪਸ਼ੂ ਪਾਲਕਾਂ ਨੂੰ ਮੁੱਖ ਮੰਤਰੀ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਉਹਨਾਂ ਦੇ ਨਾਲ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਸ. ਹਰਦੀਪ ਸਿੰਘ ਮੁੰਡੀਆਂ ਕੈਬਨਿਟ ਮੰਤਰੀ, ਐਮ.ਐਲ.ਏ ਸਾਹਿਬਾਨ ਅਤੇ ਪਤਵੰਤੇ ਅਧਿਕਾਰੀ ਮੌਜੂਦ ਸਨ। ਡਾ. ਸਤਿਬੀਰ ਸਿੰਘ ਗੋਸਲ ਉਪ-ਕੁਲਪਤੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਡਾ. ਜਤਿੰਦਰ ਪਾਲ ਸਿੰਘ ਗਿੱਲ ਉਪ ਕੁਲਪਤੀ, ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੀ ਮੌਜੂਦਗੀ ਵਿੱਚ ਇਹ ਸਨਮਾਨ ਰਸਮ ਨਿਭਾਈ ਗਈ। ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਨੇ ਪੁਰਸਕਾਰਾਂ ਬਾਰੇ ਦੱਸਦਿਆਂ ਕਿਹਾ ਕਿ ਪਸ਼ੂ ਪਾਲਣ ਕਿੱਤਿਆਂ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਦੇ ਸਮੂਹ ਕਿਸਾਨਾਂ ਕੋਲੋਂ ਅਰਜ਼ੀਆਂ ਦੀ ਮੰਗ ਕੀਤੀ ਜਾਂਦੀ ਹੈ। ਪ੍ਰਾਪਤ ਹੋਈਆਂ ਅਰਜ਼ੀਆਂ ਦੀ ਮੁਢਲੀ ਜਾਂਚ ਪੜਤਾਲ ਤੋਂ



ਬਾਅਦ ਯੂਨੀਵਰਸਿਟੀ ਦੇ ਮਾਹਿਰਾਂ ਦੀ ਟੀਮ ਨੇ ਵੱਖ ਵੱਖ ਫਾਰਮਾਂ ਦਾ ਦੌਰਾ ਕੀਤਾ ਅਤੇ ਪਸ਼ੂ ਪਾਲਕਾਂ ਵੱਲੋਂ ਅਪਣਾਈਆਂ ਜਾਣ ਵਾਲੀਆਂ ਨਵੀਨਤਮ ਤੇ ਆਪਣੇ ਤੌਰ 'ਤੇ ਵਿਕਸਿਤ ਤਕਨੀਕਾਂ ਦਾ ਬਾਰੀਕੀ ਨਾਲ ਮੁਆਇਨਾ ਕਰਨ ਉਪਰੰਤ ਇਹ ਸਨਮਾਨ ਘੋਸ਼ਿਤ ਕੀਤੇ ਗਏ ਸਨ। ਸ. ਫਤਹਿ ਸਿੰਘ, ਪੁੱਤਰ ਸ. ਕਰਤਾਰ ਸਿੰਘ, ਜ਼ਿਲ੍ਹਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੂੰ ਸਨਮਾਨਿਤ ਕੀਤਾ ਗਿਆ। ਇਸ ਵੇਲੇ ਉਨ੍ਹਾਂ ਕੋਲ 300 ਜਾਨਵਰ ਹਨ, ਜਿਨ੍ਹਾਂ ਵਿੱਚੋਂ 85 ਦੁੱਧ ਦੇਣ ਵਾਲੀਆਂ ਮੱਝਾਂ ਰੋਜ਼ਾਨਾ 5 ਕੁਇੰਟਲ ਦੁੱਧ ਪੈਦਾ ਕਰ ਰਹੀਆਂ ਹਨ। ਉਹ ਖਪਤਕਾਰਾਂ ਨੂੰ ਸਿੱਧਾ ਦੁੱਧ ਵੀ ਵੇਚਦੇ ਹਨ ਅਤੇ ਇਸ ਦੇ ਨਾਲ ਹੀ ਉਹ ਪਨੀਰ, ਖੋਆ, ਘਿਓ ਅਤੇ ਹੋਰ ਗੁਣਵੱਤਾ ਭਰਪੂਰ ਉਤਪਾਦ ਵੀ ਤਿਆਰ ਕਰਦੇ ਹਨ। ਮੱਛੀ ਪਾਲਣ ਸ਼੍ਰੇਣੀ ਵਿੱਚ, ਸ. ਨਵਜੋਤ ਪਾਲ ਸਿੰਘ, ਪੁੱਤਰ ਸ. ਪਰਮਜੀਤ ਸਿੰਘ, ਜ਼ਿਲ੍ਹਾ ਫਿਰੋਜ਼ਪੁਰ ਨੇ ਪੁਰਸਕਾਰ ਜਿੱਤਿਆ। ਉਹ ਪਿਛਲੇ ਛੇ ਸਾਲਾਂ ਤੋਂ ਵਿਗਿਆਨਕ ਤੌਰ 'ਤੇ ਮੱਛੀ ਪਾਲਣ ਕਰ ਰਹੇ ਹਨ ਅਤੇ ਉਨ੍ਹਾਂ ਦੇ ਮੱਛੀ ਫਾਰਮ ਦੀ ਉਤਪਾਦਨ ਸਮਰੱਥਾ ਪ੍ਰਤੀ ਸਾਲ 15 ਟਨ ਹੈ। ਉਹ ਮੱਝਾਂ, ਗਾਵਾਂ, ਮੁਰਗੀਆਂ ਅਤੇ ਬੱਕਰੀਆਂ ਨੂੰ ਵੀ ਵਿਗਿਆਨਕ ਢੰਗ ਨਾਲ ਪਾਲ ਰਹੇ ਹਨ ਅਤੇ ਪਿਛਲੇ ਕਈ ਸਾਲਾਂ ਤੋਂ ਪਰਾਲੀ ਨਾ ਸਾੜ ਕੇ ਵਾਤਾਵਰਣ ਦੀ ਸੁਰੱਖਿਆ ਵਿੱਚ ਯੋਗਦਾਨ ਪਾ ਰਹੇ ਹਨ। ਸੂਰ ਪਾਲਣ ਦੀ ਸ਼੍ਰੇਣੀ ਵਿੱਚ ਇਹ ਸਨਮਾਨ ਸ. ਗੁਰਚਰਨ ਸਿੰਘ, ਪੁੱਤਰ ਸ. ਕੁੰਡਾ ਸਿੰਘ, ਜ਼ਿ?ਲ੍ਹਾ ਮਾਨਸਾ ਨੂੰ ਦਿੱਤਾ ਗਿਆ। ਉਨ੍ਹਾਂ ਨੇ ਇਹ ਕਿੱਤਾ 2018 ਵਿੱਚ ਸ਼ੁਰੂ ਕੀਤਾ ਸੀ। ਵਰਤਮਾਨ ਵਿੱਚ ਉਨ੍ਹਾਂ ਕੋਲ 400 ਜਾਨਵਰ ਹਨ। ਹਰ ਸਾਲ, ਉਨ੍ਹਾਂ ਦੇ ਫਾਰਮ ਤੋਂ 300-350 ਸੂਰ ਵੇਚੇ ਜਾ ਰਹੇ ਹਨ। ਉਨ੍ਹਾਂ ਦੇ ਫਾਰਮ 'ਤੇ ਇੱਕ ਸੂਰੀ ਨੇ 18 ਬੱਚਿਆਂ ਨੂੰ ਜਨਮ ਦੇ ਕੇ ਇੱਕ ਰਿਕਾਰਡ ਬਣਾਇਆ ਹੈ। ਉਹ ਸੂਰਾਂ ਦੀ ਸਿਹਤ ਸੰਭਾਲ ਲਈ ਵਿਗਿਆਨਕ ਤਰੀਕਿਆਂ ਅਤੇ ਜੈਵਿਕ ਸੁਰੱਖਿਆ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਦੇ ਹਨ। ਬੱਕਰੀ ਪਾਲਣ ਦੀ ਸ਼੍ਰੇਣੀ ਵਿੱਚ, ਸ. ਕੁਲਦੀਪ ਸਿੰਘ, ਪੁੱਤਰ ਸ. ਸੁਖਦਿਆਲ ਸਿੰਘ, ਜ਼ਿਲ੍ਹਾ, ਬਰਨਾਲਾ ਨੂੰ ਪੁਰਸਕਾਰ ਦਿੱਤਾ ਗਿਆ। ਕੁਲਦੀਪ ਸਿੰਘ ਨੇ 2023 ਵਿੱਚ ਬੱਕਰੀ ਫਾਰਮ ਸ਼ੁਰੂ ਕੀਤਾ ਸੀ। ਵਰਤਮਾਨ ਵਿੱਚ, ਉਨ੍ਹਾਂ ਕੋਲ ਲਗਭਗ 50 ਜਾਨਵਰ ਹਨ। ਉਨ੍ਹਾਂ ਨੇ ਬੱਕਰੀਆਂ ਦੇ ਪ੍ਰਜਨਨ ਪ੍ਰਬੰਧਨ ਵਿੱਚ ਵਿਗਿਆਨਕ ਤਰੀਕੇ ਅਪਣਾਏ ਹਨ, ਜਿਸ ਨਾਲ ਨਸਲ ਵਿੱਚ ਸੁਧਾਰ ਹੋ ਰਿਹਾ ਹੈ ਅਤੇ ਉਤਪਾਦਨ ਵਧ ਰਿਹਾ ਹੈ। ਡਾ. ਗਰੇਵਾਲ ਨੇ ਦੱਸਿਆ ਕਿ ਪੁਰਸਕਾਰ ਵਿਚ ਨਗਦ ਇਨਾਮ ਤੋਂ ਇਲਾਵਾ ਸਨਮਾਨ ਪੱਤਰ, ਸ਼ਾਲ ਅਤੇ ਸਜਾਵਟੀ ਤਖਤੀ ਦੇ ਕੇ ਸਨਮਾਨਿਆ ਜਾਂਦਾ ਹੈ। ਨਗਦ ਇਨਾਮ ਮੱਝਾਂ ਪਾਲਣ ਦੀ ਸ਼?ਰੇਣੀ ਵਿੱਚ 21000/- ਮੱਛੀ ਪਾਲਣ ਵਿੱਚ 11000/- ਸੂਰ ਪਾਲਣ ਲਈ 5100/- ਅਤੇ ਬੱਕਰੀ ਪਾਲਣ ਵਿੱਚ ਵੀ 5100/- ਰੁ: ਹੈ।

# ਬਜ਼ੁਰਗ ਨੂੰ ਸਟੇਜ ਤੋਂ ਧੱਕਾ ਦੇਣ ਦੇ ਮਾਮਲੇ 'ਚ ਘਿਰੇ ਵਿਧਾਇਕ ਦੇਵ ਮਾਨ

**ਲੁਧਿਆਣਾ/ਬਿਊਰੋ**

ਪੰਜਾਬ ਵਿੱਚ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਇੱਕ ਵਾਰ ਫਿਰ ਵਿਵਾਦਾਂ ਦੇ ਕੇਂਦਰ ਵਿੱਚ ਹਨ। ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਇੱਕ ਵੀਡੀਓ ਨੇ ਸਿਆਸੀ ਹਲਕਿਆਂ ਵਿੱਚ ਹਲਚਲ ਮਚਾ ਦਿੱਤੀ ਹੈ, ਜਿਸ ਵਿੱਚ ਵਿਧਾਇਕ ਇੱਕ ਜਨਤਕ ਸਮਾਗਮ ਦੌਰਾਨ ਇੱਕ ਬਜ਼ੁਰਗ ਵਿਅਕਤੀ ਨੂੰ ਸਟੇਜ ਤੋਂ ਲੱਤ ਮਾਰ ਕੇ ਧੱਕਾ ਦਿੰਦੇ ਹੋਏ ਦਿਖਾਈ ਦੇ ਰਹੇ ਹਨ। ਇਸ ਘਟਨਾ ਤੋਂ ਬਾਅਦ ਵਿਰੋਧੀ ਧਿਰਾਂ ਅਤੇ ਆਮ ਲੋਕਾਂ ਵੱਲੋਂ ਵਿਧਾਇਕ ਦੇ ਵਤੀਰੇ ਦੀ ਸਖ਼ਤ ਨਿਖੇਧੀ ਕੀਤੀ ਜਾ ਰਹੀ ਹੈ। ਚੌਤਰਫ਼ਾ ਘਿਰਨ ਤੋਂ ਬਾਅਦ ਵਿਧਾਇਕ ਦੇਵ ਮਾਨ ਨੇ ਆਪਣਾ ਪੱਖ ਰੱਖਦਿਆਂ ਸਪੱਸ਼ਟ ਕੀਤਾ ਕਿ ਵੀਡੀਓ ਨੂੰ ਗਲਤ ਸੰਦਰਭ ਵਿੱਚ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਮੁਤਾਬਕ ਉਕਤ ਬਜ਼ੁਰਗ ਨੇ ਬਹੁਤ ਜ਼ਿਆਦਾ ਸ਼ਰਾਬ ਪੀਤੀ ਹੋਈ ਸੀ ਅਤੇ ਉਹ ਵਾਰ-ਵਾਰ ਸਟੇਜ 'ਤੇ ਚੜ੍ਹ ਕੇ ਪ੍ਰੋਗਰਾਮ ਵਿੱਚ ਖਲਲ ਪਾ ਰਿਹਾ ਸੀ। ਵਿਧਾਇਕ ਨੇ ਦਾਅਵਾ ਕੀਤਾ ਕਿ ਬਜ਼ੁਰਗ ਨੂੰ ਕਈ ਵਾਰ ਨਿਮਰਤਾ ਨਾਲ ਹੇਠਾਂ ਉਤਰਨ ਲਈ ਕਿਹਾ ਗਿਆ ਸੀ, ਪਰ ਉਸ ਦੇ ਨਾ ਮੰਨਣ 'ਤੇ ਸਥਿਤੀ ਨੂੰ ਸੰਭਾਲਣ ਲਈ ਅਜਿਹਾ ਕਰਨਾ ਪਿਆ। ਉਨ੍ਹਾਂ ਅੱਗੇ ਕਿਹਾ, 'ਮੇਰਾ ਇਰਾਦਾ ਕਿਸੇ ਬਜ਼ੁਰਗ ਦਾ ਅਪਮਾਨ ਕਰਨਾ ਨਹੀਂ ਸੀ, ਪਰ ਜੇਕਰ ਮੇਰੇ ਕਾਰਜ ਨਾਲ ਕਿਸੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ ਤਾਂ ਮੈਂ ਮੁਆਫ਼ੀ ਮੰਗਦਾ ਹਾਂ।' ਇਹ ਮਾਮਲਾ 8 ਮਾਰਚ ਦਾ ਦੱਸਿਆ ਜਾ ਰਿਹਾ ਹੈ, ਜਦੋਂ ਲੁਧਿਆਣਾ ਦੇ ਦੁੱਗਰੀ ਇਲਾਕੇ ਵਿੱਚ ਮਰਹੂਮ ਪੰਜਾਬੀ ਗਾਇਕ ਜੋੜੀ ਅਮਰ ਸਿੰਘ ਚਮਕੀਲਾ ਅਤੇ ਅਮਰਜੋਤ ਕੌਰ ਦੀ 38ਵੀਂ ਬਰਸੀ ਮੌਕੇ ਇੱਕ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ ਸੀ। ਵਿਧਾਇਕ ਦੇਵ ਮਾਨ ਇਸ ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ ਸਨ। ਹਾਲਾਂਕਿ ਵਿਧਾਇਕ ਨੇ ਸਫਾਈ ਪੇਸ਼ ਕਰ ਦਿੱਤੀ ਹੈ, ਪਰ ਸਵਾਲ ਇਹ ਉੱਠ ਰਹੇ ਹਨ ਕਿ ਕੀ ਇੱਕ ਜਨਤਕ ਨੁਮਾਇੰਦੇ ਨੂੰ ਅਜਿਹੀ ਸਥਿਤੀ ਵਿੱਚ ਖ਼ੁਦ ਕਾਨੂੰਨ ਹੱਥ ਵਿੱਚ ਲੈਣਾ ਚਾਹੀਦਾ ਸੀ? ਵੀਡੀਓ ਵਿੱਚ ਦਿਖਾਈ ਦੇ ਰਿਹਾ ਸਖ਼ਤ ਵਤੀਰਾ ਵਿਧਾਇਕ ਦੀ ਸ਼ਖ਼ਸੀਅਤ 'ਤੇ ਕਈ ਸਵਾਲ ਖੜ੍ਹੇ ਕਰ ਰਿਹਾ ਹੈ। ਫਿਲਹਾਲ ਇਸ ਘਟਨਾ ਨੇ ਸੋਸ਼ਲ ਮੀਡੀਆ 'ਤੇ ਇੱਕ ਵੱਡੀ ਬਹਿਸ ਛੇੜ ਦਿੱਤੀ ਹੈ।

# ਲੁਧਿਆਣਾ ਵਿਖੇ ਟਾਟਾ ਸਟੀਲ ਦੇ ਗ੍ਰੀਨ ਪਲਾਂਟ ਤੋਂ ਰੀਬਾਰਾਂ ਦੀ ਪਹਿਲੀ ਖੇਪ ਰਵਾਨਾ

**ਲੁਧਿਆਣਾ/ਬਿਊਰੋ**

ਪੰਜਾਬ ਦੇ ਉਦਯੋਗਿਕ ਖੇਤਰ ਨੂੰ ਵੱਡਾ ਹੁਲਾਰਾ ਦਿੰਦਿਆਂ, ਲੁਧਿਆਣਾ ਵਿੱਚ ਟਾਟਾ ਸਟੀਲ ਲਿਮਟਿਡ ਦੇ ਨਵੇਂ ਉਦਘਾਟਨ ਕੀਤੇ ਗਏ 'ਗ੍ਰੀਨ ਸਟੀਲ ਪਲਾਂਟ' ਤੋਂ ਰੀਬਾਰਾਂ (ਸਰੀਆ) ਦੇ ਪਹਿਲੇ ਡਿਸਪੈਚ ਨੂੰ ਇਸ ਸ਼ੁੱਕਰਵਾਰ ਰਸਮੀ ਤੌਰ 'ਤੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਗਏ। ਹਾਈ ਪ੍ਰੋਫਾਈਲ ਉਦਘਾਟਨ ਤੋਂ ਤੁਰੰਤ ਬਾਅਦ, ਇਹ ਸਮਾਗਮ ਪਲਾਂਟ ਦੇ ਅਧਿਕਾਰਤ ਸੰਚਾਲਨ ਦੀ ਸ਼ੁਰੂਆਤ ਦਾ ਪ੍ਰਤੀਕ ਹੈ। ਪਹਿਲੀ ਖੇਪ ਨੂੰ ਟਾਟਾ ਸਟੀਲ ਦੇ ਵਾਈਸ-ਪ੍ਰੈਜ਼ੀਡੈਂਟ ਆਸ਼ੀਸ਼ ਅਨੁਪਮ ਨੇ ਹਰੀ ਝੰਡੀ ਦਿਖਾਈ। ਸਥਾਨਕ ਉਦਯੋਗ ਨੂੰ ਗਲੋਬਲ ਸਪਲਾਈ ਚੇਨ ਨਾਲ ਜੋੜਨ ਦੀ ਦਿਸ਼ਾ ਵਿੱਚ, ਇਹ ਲੋਡ ਲੁਧਿਆਣਾ ਦੀ ਨਾਮਵਰ ਲੌਜਿਸਟਿਕ ਫਰਮ 'ਨਿਊ ਕੁਲਦੀਪ ਗੁੱਡਜ਼ ਕੈਰੀਅਰਜ਼' ਦੇ ਇੱਕ ਟ੍ਰੇਲਰ ਰਾਹੀਂ ਭੇਜਿਆ ਗਿਆ, ਜੋ ਪਹਿਲਾਂ ਹੀ ਦੇਸ਼ ਦੀਆਂ ਵੱਡੀਆਂ ਸਟੀਲ




ਕੰਪਨੀਆਂ ਨਾਲ ਜੁੜੀ ਹੋਈ ਹੈ। ਇਸ ਮੌਕੇ ਨਿਊ ਕੁਲਦੀਪ ਗੁੱਡਜ਼ ਕੈਰੀਅਰਜ਼ ਦੇ ਸੀਈਓ ਸਰਬਜੀਤ ਸਿੰਘ ਨੇ ਪਹਿਲੀ ਖੇਪ ਲਈ ਚੁਣੇ ਜਾਣ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ, 'ਟਾਟਾ ਸਟੀਲ ਦਾ ਇਹ ਉੱਦਮ ਲੁਧਿਆਣਾ ਲਈ ਇੱਕ 'ਗੇਮ-ਚੇਂਜਰ' ਸਾਬਤ ਹੋਵੇਗਾ। ਇਹ ਨਾ ਸਿਰਫ਼ ਆਰਥਿਕ ਗਤੀਵਿਧੀਆਂ ਨੂੰ ਤੇਜ਼ ਕਰੇਗਾ, ਸਗੋਂ ਸਥਾਨਕ ਨੌਜਵਾਨਾਂ ਲਈ ਰੁਜ਼ਗਾਰ ਦੇ ਵੱਡੇ ਮੌਕੇ ਵੀ ਪੈਦਾ ਕਰੇਗਾ।' ਨਿਊ ਕੁਲਦੀਪ ਗੁੱਡਜ਼ ਕੈਰੀਅਰਜ਼ ਦੇ ਮਾਲਕ ਮੇਜਰਜੀਤ ਸਿੰਘ ਨੇ ਇਸ ਗ੍ਰੀਨ ਪ੍ਰੋਜੈਕਟ ਦੇ ਰਿਕਾਰਡ ਸਮੇਂ ਵਿੱਚ ਮੁਕੰਮਲ ਹੋਣ ਦੀ ਸ਼ਲਾਘਾ ਕੀਤੀ।

ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸਹਿਯੋਗ ਦੀ ਤਾਰੀਫ਼ ਕਰਦਿਆਂ ਕਿਹਾ ਕਿ ਇਸ ਨਾਲ ਪੰਜਾਬ ਦਾ ਅਕਸ 'ਨਿਵੇਸ਼ ਪੱਖੀ ਸੂਬੇ' ਵਜੋਂ ਹੋਰ ਮਜ਼ਬੂਤ ਹੋਇਆ ਹੈ। ਉਨ੍ਹਾਂ ਉਦਯੋਗ, ਸਥਾਨਕ ਸਰਕਾਰਾਂ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਨੇ ਸਰਕਾਰੀ ਰਸਮਾਂ ਨੂੰ ਸਮੇਂ ਸਿਰ ਪੂਰਾ ਕਰਵਾਉਣ ਅਤੇ ਲੋੜੀਂਦਾ ਸਹਿਯੋਗ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ।

# ਅਕਾਲੀ ਦਲ ਨੂੰ ਵੱਡਾ ਝਟਕਾ: ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਵਣ ਸਿੰਘ ਮੁਨੀਮ ਸਾਥੀਆਂ ਸਮੇਤ 'ਆਪ' ਵਿੱਚ ਸ਼ਾਮਲ

## ਮੁੱਖ ਮੰਤਰੀ ਭਗਵੰਤ ਮਾਨ ਨੇ ਹਲਕਾ ਇੰਚਾਰਜ ਤਲਬੀਰ ਗਿੱਲ ਦੀ ਮੌਜੂਦਗੀ ਵਿੱਚ ਅਕਾਲੀ ਆਗੂ ਨੂੰ ਪਾਰਟੀ ਵਿੱਚ ਕਰਾਇਆ ਸ਼ਾਮਲ

**ਚੰਡੀਗੜ੍ਹ/ਬਿਊਰੋ**

ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਉਸ ਵੇਲੇ ਵੱਡਾ ਝਟਕਾ ਲੱਗਿਆ ਜਦੋਂ ਅੰਮ੍ਰਿਤਸਰ ਦੇ ਬੀਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਵਣ ਸਿੰਘ ਮੁਨੀਮ ਆਪਣੇ ਸਮਰਥਕਾਂ ਸਮੇਤ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਹੋ ਗਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮਜੀਠਾ ਹਲਕੇ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਮੌਜੂਦਗੀ ਵਿੱਚ ਉਨ੍ਹਾਂ ਨੂੰ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਕਰਵਾਇਆ। ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੂਰੇ ਪੰਜਾਬ ਦੇ ਲੋਕ 'ਆਪ' ਦੀਆਂ ਲੋਕ-ਪੱਖੀ ਨੀਤੀਆਂ ਅਤੇ ਪਾਰਦਰਸ਼ੀ ਸ਼ਾਸਨ 'ਤੇ ਭਰੋਸਾ ਜਤਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ ਅਤੇ ਲੋਕ ਭਲਾਈ ਵਰਗੇ ਖੇਤਰਾਂ ਵਿੱਚ ਸਰਕਾਰ ਦੇ



ਕੰਮਾਂ ਤੋਂ ਪ੍ਰਭਾਵਿਤ ਹੋ ਕੇ ਦੂਜੀਆਂ ਪਾਰਟੀਆਂ ਦੇ ਆਗੂ ਅਤੇ ਵਰਕਰ ਲਗਾਤਾਰ 'ਆਪ' ਵਿੱਚ ਸ਼ਾਮਲ ਹੋ ਰਹੇ ਹਨ। ਇਸ ਮੌਕੇ ਮਜੀਠਾ ਹਲਕੇ ਦੇ ਚਵਿੰਡਾ ਦੇਵੀ ਤੋਂ ਵੀ ਕਈ ਆਗੂ 'ਆਪ' ਵਿੱਚ ਸ਼ਾਮਲ ਹੋਏ। ਇਨ੍ਹਾਂ ਵਿੱਚ ਨਰਿੰਦਰ ਸਿੰਘ, ਕੁਲਵੰਤ ਰਾਏ ਸੁੰਦਰ, ਵਿਜੇ ਕੁਮਾਰ ਭੰਡਾਰੀ, ਹਰਮੀਤ ਸਿੰਘ ਅਤੇ ਪਰਮਜੀਤ ਸਿੰਘ ਪ੍ਰੇਮ ਸ਼ਾਮਲ ਸਨ। ਸਰਵਣ ਸਿੰਘ ਮੁਨੀਮ ਨੇ ਭਗਵੰਤ ਮਾਨ ਦੀ ਅਗਵਾਈ ਵਿੱਚ ਵਿਸ਼ਵਾਸ ਪ੍ਰਗਟਾਉਂਦਿਆਂ ਕਿਹਾ ਕਿ ਉਹ 'ਆਪ' ਸਰਕਾਰ ਦੀ ਇਮਾਨਦਾਰ ਸ਼ਾਸਨ ਅਤੇ ਵਿਕਾਸ ਪ੍ਰਤੀ ਵਚਨਬੱਧਤਾ ਤੋਂ ਪ੍ਰਭਾਵਿਤ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਆਪਣੇ ਸਾਥੀਆਂ ਸਮੇਤ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਤਨਦੇਹੀ ਨਾਲ ਕੰਮ ਕਰਨਗੇ।

# ਭਾਰਤ ਦਾ ਦੂਜਾ ਸਭ ਤੋਂ ਵੱਡਾ ਟਾਟਾ ਸਟੀਲ ਪਲਾਂਟ ਪੰਜਾਬ ਵਿੱਚ ਕਾਰਜਸ਼ੀਲ, ਹਜ਼ਾਰਾਂ ਨੌਜਵਾਨਾਂ ਨੂੰ ਮਿਲੇਗਾ ਰੋਜ਼ਗਾਰ

## ਅਸੀਂ ਟਾਟਾ ਗਰੁੱਪ ਨੂੰ ਪੱਛਮੀ ਦੇਸ਼ਾਂ ਵਿੱਚ ਰਹਿੰਦੇ ਪੰਜਾਬੀਆਂ ਲਈ ਉਡਾਣਾਂ ਸ਼ੁਰੂ ਕਰਨ ਲਈ ਕੀਤੀ ਹੈ ਬੇਨਤੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਜ਼ਿਕਰ ਪੰਜਾਬ
ਲੁਧਿਆਣਾ/ਬਿਊਰੋ

'ਆਪ' ਦੀ ਅਗਵਾਈ ਵਾਲੀ ਸਰਕਾਰ ਅਧੀਨ ਪੰਜਾਬ ਦੀ ਉਦਯੋਗਿਕ ਸੁਰਜੀਤੀ ਨੂੰ ਭਰਪੂਰ ਹੁਲਾਰਾ ਮਿਲਿਆ ਹੈ ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੁਧਿਆਣਾ ਵਿੱਚ ਭਾਰਤ ਦੇ ਦੂਜੇ ਸਭ ਤੋਂ ਵੱਡੇ ਪਲਾਂਟ ਦਾ ਉਦਘਾਟਨ ਕੀਤਾ, ਜੋ ਫੈਸਲਾਕੁੰਨ ਨੀਤੀ ਦਾ ਪ੍ਰਤੱਖ ਪ੍ਰਮਾਣ ਹੈ। ਦੇਸ਼ ਵਿੱਚ ਪਹਿਲੀ ਵਾਰ ਹਜ਼ਾਰਾਂ ਨੌਕਰੀਆਂ ਦੇ ਵਾਅਦੇ ਅਤੇ ਗਰੀਨ ਊਰਜਾ-ਸੰਚਾਲਿਤ ਸਟੀਲ ਉਤਪਾਦਨ ਸ਼ੁਰੂ ਹੋਇਆ ਹੈ। ਮੁੱਖ ਮੰਤਰੀ ਨੇ ਪਿਛਲੀਆਂ ਸਰਕਾਰਾਂ ਨੂੰ ਘੇਰਦਿਆਂ ਜ਼ੋਰ ਦੇ ਕੇ ਕਿਹਾ ਕਿ ਜੋ ਉਦਯੋਗ ਕਦੇ ਗਲਤ ਨੀਤੀਆਂ ਕਾਰਨ ਪੰਜਾਬ ਚੋਂ ਬਾਹਰ ਗਏ ਸਨ, ਉਹ ਹੁਣ ਉਦਯੋਗ-ਪੱਖੀ ਸ਼ਾਸਨ ਅਧੀਨ ਵਾਪਸ ਆ ਰਹੇ ਹਨ। 3200 ਕਰੋੜ ਰੁਪਏ ਦੀ ਲਾਗਤ ਨਾਲ ਲੁਧਿਆਣਾ ਵਿੱਚ ਸਥਾਪਿਤ ਇਹ ਪਲਾਂਟ ਪੰਜਾਬ ਦੀ ਉਦਯੋਗਿਕ ਨੁਹਾਰ ਨੂੰ ਬਦਲਣ ਵੱਲ ਵੱਡਾ ਕਦਮ ਹੈ। ਟਾਟਾ ਸਟੀਲ ਦੇ ਦੂਜੇ ਸਭ ਤੋਂ ਵੱਡੇ ਪਲਾਂਟ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਇਹ ਇੱਕ ਯਾਦਗਾਰੀ ਦਿਨ ਹੈ ਕਿਉਂਕਿ ਸੂਬੇ ਦੇ ਆਰਥਿਕ ਵਿਕਾਸ ਨੂੰ ਵੱਡਾ ਹੁਲਾਰਾ ਦੇਣ ਦਾ ਇਤਿਹਾਸ ਰਚਿਆ ਗਿਆ ਹੈ। ਅੱਜ ਪੰਜਾਬ ਭਾਰਤ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸ ਨੇ ਇਸ ਇਲੈਕਟ੍ਰਿਕ ਆਰਕ ਫਰਨੇਸ-ਅਧਾਰਤ ਪਲਾਂਟ ਰਾਹੀਂ ਗਰੀਨ ਊਰਜਾ ਦੀ ਵਰਤੋਂ ਕਰਕੇ ਸਟੀਲ ਉਤਪਾਦਨ ਸ਼ੁਰੂ ਕੀਤਾ ਹੈ। ਇਹ ਪੰਜਾਬ ਲਈ ਇਤਿਹਾਸਕ ਤੇ ਵਿਸ਼ੇਸ਼ ਦਿਨ ਹੈ ਕਿਉਂਕਿ ਟਾਟਾ ਸਟੀਲ ਨੇ ਸਿੱਧੇ ਤੌਰ 'ਤੇ 2600 ਤੋਂ 2700 ਪਰਿਵਾਰਾਂ ਅਤੇ ਅਸਿੱਧੇ ਤੌਰ 'ਤੇ 8000-10000 ਪਰਿਵਾਰਾਂ ਦੇ ਭਵਿੱਖ ਨੂੰ ਰੌਸ਼ਨ ਕਰਨ ਦੀ ਜ਼ਿੰਮੇਵਾਰੀ ਲਈ ਹੈ। ਇਹ ਵਿਸ਼ਵ ਪੱਧਰੀ ਪਲਾਂਟ ਅਤਿ-ਆਧੁਨਿਕ ਗਰੀਨ ਊਰਜਾ ਤਕਨਾਲੋਜੀ ਨਾਲ ਲੈਸ ਹੈ। ਟਾਟਾ ਸਟੀਲ ਟੀਮ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਕਿਹਾ, " ਟਾਟਾ ਸਟੀਲ ਵਰਗੀ ਕੰਪਨੀ ਦਾ ਕਿਸੇ ਰਾਜ ਵਿੱਚ ਨਿਵੇਸ਼ ਕਰਨਾ ਉਸ ਦੇ ਭਵਿੱਖ ਵਿੱਚ ਵਿਸ਼ਵਾਸ, ਭਰੋਸੇਯੋਗਤਾ ਨੂੰ ਦਰਸਾਉਂਦਾ ਹੈ। ਟਾਟਾ ਸਟੀਲ ਦੀ ਮੌਜੂਦਗੀ ਸਪਸ਼ਟ ਸੰਦੇਸ਼ ਦਿੰਦੀ ਹੈ ਕਿ ਪੰਜਾਬ ਉਦਯੋਗਿਕ ਵਿਕਾਸ ਦੇ ਅਗਲੇ ਪੜਾਅ ਲਈ ਤਿਆਰ ਹੈ। ਇਹ ਨਿਵੇਸ਼ ਸਿਰਫ਼ ਇੱਕ ਪ੍ਰਾਜੈਕਟ ਨਹੀਂ ਹੈ, ਸਗੋਂ ਪੰਜਾਬ ਦੇ ਨੌਜਵਾਨਾਂ, ਸਾਡੇ ਇੰਜੀਨੀਅਰਾਂ, ਸਾਡੇ ਹੁਨਰਮੰਦ ਕਰਮਚਾਰੀਆਂ ਅਤੇ ਪੰਜਾਬ ਦੇ ਨਿਰਮਾਣ ਖੇਤਰ ਨੂੰ ਮਜ਼ਬੂਤ ਬਣਾਉਣ ਦਾ ਸੁਨਹਿਰੀ ਮੌਕਾ ਹੈ। ਭਵਿੱਖ ਦੇ ਦ੍ਰਿਸ਼ਟੀਕੋਣ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਅੱਗੇ ਕਿਹਾ, "ਪੰਜਾਬ ਹਮੇਸ਼ਾ ਉੱਦਮੀਆਂ ਦੀ ਧਰਤੀ ਰਿਹਾ ਹੈ ਅਤੇ ਲੁਧਿਆਣਾ ਵਰਗੇ ਸ਼ਹਿਰ ਉਨ੍ਹਾਂ ਦੀ ਉੱਦਮੀ ਭਾਵਨਾ, ਸਖ਼ਤ ਮਿਹਨਤ ਅਤੇ ਨਿਰਮਾਣ ਸ਼ਕਤੀ ਲਈ ਵਿਸ਼ਵ ਪੱਧਰ 'ਤੇ ਜਾਣੇ ਜਾਂਦੇ ਹਨ। ਟਾਟਾ ਸਟੀਲ ਪਲਾਂਟ ਵਰਗੀਆਂ ਆਧੁਨਿਕ ਸਹੂਲਤਾਂ ਨਾਲ ਅਸੀਂ ਆਪਣੀ ਵਿਰਾਸਤ ਨੂੰ ਹੋਰ ਮਜ਼ਬੂਤ ਕਰ ਰਹੇ ਹਾਂ ਅਤੇ ਪੰਜਾਬ ਨੂੰ ਭਵਿੱਖ ਨਿਰਮਾਣ ਲਈ ਤਿਆਰ ਕਰ ਰਹੇ ਹਾਂ। ਇਹ ਭਾਰਤ ਵਿੱਚ ਟਾਟਾ ਸਟੀਲ ਦਾ ਪਹਿਲਾ ਇਲੈਕਟ੍ਰਿਕ ਆਰਕ ਫਰਨੇਸ-ਅਧਾਰਤ




ਪਲਾਂਟ ਹੈ, ਜੋ ਦਰਸਾਉਂਦਾ ਹੈ ਕਿ ਪੰਜਾਬ ਸਿਰਫ਼ ਨਿਵੇਸ਼ ਹੀ ਨਹੀਂ, ਸਗੋਂ ਆਧੁਨਿਕ ਅਤੇ ਭਵਿੱਖ ਲਈ ਤਿਆਰ ਨਿਵੇਸ਼ ਵੀ ਆਕਰਸ਼ਿਤ ਕਰ ਰਿਹਾ ਹੈ। ਅਜਿਹਾ ਉਤਪਾਦਨ ਕੁਸ਼ਲਤਾ, ਸਥਿਰਤਾ ਅਤੇ ਸਰੋਤਾਂ ਦੀ ਬਿਹਤਰ ਵਰਤੋਂ ਵੱਲ ਵਿਸ਼ਵਵਿਆਪੀ ਤਬਦੀਲੀ ਨੂੰ ਦਰਸਾਉਂਦਾ ਹੈ। ਸਰਕਾਰ ਦੇ ਉਦਯੋਗਿਕ ਦ੍ਰਿਸ਼ਟੀਕੋਣ ਨੂੰ ਦੁਹਰਾਉਂਦਿਆਂ ਉਨ੍ਹਾਂ ਜ਼ੋਰ ਦੇ ਕੇ ਕਿਹਾ, "ਅਸੀਂ ਚਾਹੁੰਦੇ ਹਾਂ ਕਿ ਪੰਜਾਬ ਭਾਰਤ ਦੇ ਸਭ ਤੋਂ ਪਸੰਦੀਦਾ ਉਦਯੋਗਿਕ ਸਥਾਨਾਂ ਵਿੱਚੋਂ ਇੱਕ ਬਣੇ। ਅਸੀਂ ਚਾਹੁੰਦੇ ਹਾਂ ਕਿ ਕੰਪਨੀਆਂ ਪੰਜਾਬ ਨੂੰ ਸਿਰਫ਼ ਇੱਕ ਬਾਜ਼ਾਰ ਵਜੋਂ ਹੀ ਨਹੀਂ, ਸਗੋਂ ਇੱਕ ਲੰਬੇ ਸਮੇਂ ਦੇ ਨਿਰਮਾਣ ਭਾਈਵਾਲ ਵਜੋਂ ਦੇਖਣ। ਟਾਟਾ ਗਰੁੱਪ ਵਿਸ਼ਵ ਪੱਧਰ 'ਤੇ ਆਪਣੀ ਸਮਾਜਿਕ ਜ਼ਿੰਮੇਵਾਰੀ ਲਈ ਜਾਣਿਆ ਜਾਂਦਾ ਹੈ ਅਤੇ ਰਤਨ ਟਾਟਾ ਨੇ ਹਮੇਸ਼ਾ ਇਸ ਸਬੰਧ ਵਿੱਚ ਅੱਗੇ ਹੋ ਕੇ ਅਗਵਾਈ ਕੀਤੀ ਹੈ।" ਨਿੱਜੀ ਉਦਾਹਰਨ ਸਾਂਝੀ ਕਰਦਿਆਂ ਉਨ੍ਹਾਂ ਕਿਹਾ ਕਿ ਰਤਨ ਟਾਟਾ ਨੇ ਮੌਨਸੂਨ ਦੌਰਾਨ ਅਵਾਰਾ ਕੁੱਤਿਆਂ ਨੂੰ ਸੰਘਰਸ਼



ਕਰਦੇ ਦੇਖ ਕੇ ਬੰਬੇ ਹਾਊਸ ਵਿਖੇ ਡੌਗ ਸ਼ੈਲਟਰ ਸ਼ੁਰੂ ਕੀਤਾ ਸੀ। ਉਨ੍ਹਾਂ ਨੂੰ 'ਦੇਸ਼ ਦਾ ਬੇਟਾ' ਕਹਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਉਨ੍ਹਾਂ ਦਾ ਦੇਹਾਂਤ ਹੋਇਆ ਤਾਂ ਪੂਰੇ ਦੇਸ਼ ਨੇ ਰਾਸ਼ਟਰ ਨਿਰਮਾਣ ਅਤੇ ਦੇਸ਼ ਦਾ ਨਾਂ ਦੁਨੀਆਂ ਭਰ ਵਿੱਚ ਚਮਕਾਉਣ ਲਈ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਗਰੀਨ ਊਰਜਾ ਰਾਹੀਂ ਸਟੀਲ ਉਤਪਾਦਨ ਸ਼ੁਰੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਹੈ। ਆਪਣੀ ਜਾਪਾਨ ਫੇਰੀ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਨੇ ਅੱਗੇ ਕਿਹਾ, 'ਜਾਪਾਨ ਵਰਗੇ ਦੇਸ਼ ਪਹਿਲਾਂ ਹੀ ਵੱਡੇ ਪੱਧਰ 'ਤੇ ਗਰੀਨ ਊਰਜਾ ਵੱਲ ਵਧ ਰਹੇ ਹਨ ਅਤੇ ਇਹ ਪ੍ਰੋਜੈਕਟ ਦਰਸਾਉਂਦਾ ਹੈ ਕਿ ਪੰਜਾਬ ਭਵਿੱਖ ਵਿੱਚ ਨਿਵੇਸ਼ ਕਰ ਰਿਹਾ ਹੈ। ਪੰਜਾਬ ਦਾ ਮਜ਼ਬੂਤ ਹਵਾਈ, ਰੇਲ ਅਤੇ ਸੜਕੀ ਸੰਪਰਕ ਇਸ ਨੂੰ ਕਾਰੋਬਾਰ ਲਈ ਇੱਕ ਆਦਰਸ਼ ਸਥਾਨ ਬਣਾਉਂਦਾ ਹੈ। ਅਸੀਂ ਟਾਟਾ ਗਰੁੱਪ ਨਾਲ ਯੂਰਪ ਅਤੇ ਹੋਰ ਪੱਛਮੀ ਦੇਸ਼ਾਂ ਲਈ ਹੋਰ ਉਡਾਣਾਂ ਸ਼ੁਰੂ ਕਰਨ ਦਾ ਮੁੱਦਾ ਉਠਾਇਆ ਹੈ।' ਪੰਜਾਬ ਦੀ ਵਿਰਾਸਤ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ ਇਹ ਸੂਬਾ ਗੁਰੂਆਂ, ਸੰਤਾਂ, ਪੀਰਾਂ, ਸ਼ਹੀਦਾਂ ਅਤੇ ਦੇਸ਼ ਭਗਤਾਂ ਦੀ ਸੁਭਾਗੀ ਧਰਤੀ ਹੈ, ਜਿੱਥੇ ਨਫ਼ਰਤ ਦੇ ਬੀਜ ਨੂੰ ਛੱਡ ਕੇ ਹਰ ਬੀਜ ਉੱਗ ਸਕਦਾ ਹੈ। ਪੰਜਾਬ ਨੇ ਖੁਰਾਕ ਅਤੇ ਰਾਸ਼ਟਰੀ ਸੁਰੱਖਿਆ ਵਿੱਚ ਅਹਿਮ ਯੋਗਦਾਨ ਪਾਇਆ ਹੈ ਅਤੇ ਇਸ ਨੂੰ ਦੇਸ਼ ਦਾ 'ਅੰਨਦਾਤਾ' ਅਤੇ 'ਖੜਗ ਭੁਜਾ' ਦਾ ਖਿਤਾਬ ਵੀ ਪ੍ਰਾਪਤ ਹੈ। ਇਸ ਪਲਾਂਟ ਨਾਲ ਸੂਬੇ ਭਰ ਵਿੱਚ ਵੱਡੇ ਪੱਧਰ 'ਤੇ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ। ਇਸ ਪ੍ਰਾਜੈਕਟ ਦੇ ਪੱਧਰ ਨੂੰ ਉਜਾਗਰ ਕਰਦਿਆਂ ਉਨ੍ਹਾਂ ਅੱਗੇ ਕਿਹਾ, "ਅੱਜ ਅਸੀਂ ਇਤਿਹਾਸ ਲਿਖ ਰਹੇ ਹਾਂ ਕਿਉਂਕਿ ਟਾਟਾ ਨਾ ਸਿਰਫ਼ ਪੈਸਾ ਨਿਵੇਸ਼ ਕਰ ਰਿਹਾ ਹੈ, ਸਗੋਂ ਆਪਣੀ ਸਾਖ ਵੀ ਪੰਜਾਬ ਦੇ ਨਾਂ ਕਰ ਰਿਹਾ ਹੈ। 115 ਏਕੜ ਵਿੱਚ ਫੈਲੇ ਇਸ ਪਲਾਂਟ ਵਿੱਚ ਨਿਵੇਸ਼ 2,600 ਕਰੋੜ ਰੁਪਏ ਤੋਂ ਵਧ ਕੇ 3,200 ਕਰੋੜ ਰੁਪਏ ਹੋ ਗਿਆ ਹੈ ਅਤੇ ਇਹ 100 ਫੀਸਦ ਸਟੀਲ ਸਕ੍ਰੈਪ ਨੂੰ ਕੱਚੇ ਮਾਲ ਵਜੋਂ ਵਰਤੇਗਾ, ਜਿਸ ਨਾਲ ਇਹ ਵਾਤਾਵਰਣ ਪੱਖੀ ਵੀ ਰਹੇਗਾ। ਟਾਟਾ ਗਰੁੱਪ ਦੀਆਂ ਛੇ ਮਹਾਂਦੀਪਾਂ ਦੇ 100 ਤੋਂ ਵੱਧ ਦੇਸ਼ਾਂ ਵਿੱਚ ਯੂਨਿਟਾਂ ਕਾਰਜਸ਼ੀਲ ਹਨ ਅਤੇ ਇਹਨਾਂ ਵਿੱਚ 10 ਲੱਖ ਤੋਂ ਵੱਧ ਲੋਕ ਕੰਮ ਕਰਦੇ ਹਨ। ਪੰਜਾਬੀ ਇਮਾਨਦਾਰ ਅਤੇ ਸਮਰਪਿਤ ਭਾਵਨਾ ਨਾਲ ਕੰਮ ਵਿੱਚ ਵਿਸ਼ਵਾਸ ਰੱਖਦੇ ਹਨ, ਜਿਨ੍ਹਾਂ ਨੇ ਹਮੇਸ਼ਾ ਉਦਯੋਗ ਅਤੇ ਕਰਮਚਾਰੀਆਂ ਦਰਮਿਆਨ ਸਬੰਧਾਂ ਨੂੰ ਮਜ਼ਬੂਤ ਕੀਤਾ ਹੈ। ਸੂਬਾ ਸਰਕਾਰ ਵੱਲੋਂ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਵੱਡੇ ਪੱਧਰ 'ਤੇ ਨਿਵੇਸ਼ ਆਕਰਸ਼ਿਤ ਕੀਤਾ ਜਾ ਰਿਹਾ ਹੈ। ਪ੍ਰਾਪਤੀਆਂ ਦਾ ਵੇਰਵਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ, "ਪਿਛਲੇ ਚਾਰ ਸਾਲਾਂ ਦੌਰਾਨ 1.58 ਲੱਖ ਕਰੋੜ ਰੁਪਏ ਦਾ ਨਿਵੇਸ਼ ਆਇਆ ਹੈ, ਜਿਸ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਪੰਜ ਲੱਖ ਤੋਂ ਵੱਧ ਮੌਕੇ ਪੈਦਾ ਹੋਏ ਹਨ। ਸਾਡੀ ਪਹੁੰਚ ਸਰਲ ਹੈ, ਭਾਵ ਸਥਿਰ ਨੀਤੀਆਂ, ਤੇਜ਼ ਫੈਸਲੇ ਅਤੇ ਮਜ਼ਬੂਤ ਉਦਯੋਗਿਕ ਭਾਈਵਾਲੀ। ਸੂਬਾ ਸਰਕਾਰ ਨੂੰ ਅੜਿੱਕੇ ਖੜ੍ਹੇ ਕਰਨ ਦੀ ਥਾਂ ਨਿਵੇਸ਼ਕਾਂ ਲਈ ਅਨੁਕੂਲ ਮਾਹੌਲ ਬਣਾਉਣਾ ਚਾਹੀਦਾ ਹੈ। ਆਪਣੀ ਵਚਨਬੱਧਤਾ ਪ੍ਰਗਟਾਉਂਦਿਆਂ ਉਨ੍ਹਾਂ ਕਿਹਾ, "ਪੰਜਾਬ ਨਿਵੇਸ਼ ਦਾ ਸਵਾਗਤ ਕਰਨ ਲਈ ਤਿਆਰ ਹੈ ਅਤੇ ਉਦਯੋਗਾਂ ਨੂੰ ਸਮਰਥਨ ਦਿੰਦਾ ਹੈ, ਜੋ ਨੌਕਰੀਆਂ ਪੈਦਾ ਕਰਦੇ ਹਨ ਅਤੇ ਆਰਥਿਕਤਾ ਨੂੰ ਮਜ਼ਬੂਤ ਕਰਦੇ ਹਨ। ਹਰ ਨਵੀਂ ਫੈਕਟਰੀ ਅਤੇ ਨਿਵੇਸ਼ ਰਾਜ ਨੂੰ ਰੋਜ਼ਗਾਰ ਪੈਦਾ ਕਰਨ ਦੇ ਨੇੜੇ ਜਾਣ ਵਿੱਚ ਮਦਦ ਕਰਦਾ ਹੈ। ਜਦੋਂ ਉਦਯੋਗ ਵਧਦੇ ਹਨ, ਪੰਜਾਬ ਵਧਦਾ ਹੈ ਅਤੇ ਜਦੋਂ ਪੰਜਾਬ ਵਧਦਾ ਹੈ ਤਾਂ ਦੇਸ਼ ਵਧਦਾ ਹੈ। ਜਦੋਂ ਉਦਯੋਗ ਨੌਕਰੀਆਂ ਪੈਦਾ ਕਰਦੇ ਹਨ ਤਾਂ ਨੌਜਵਾਨਾਂ ਨੂੰ ਸੂਬੇ ਵਿੱਚ ਮੌਕੇ ਲੱਭਦੇ ਹਨ, ਜੋ ਪੰਜਾਬ ਨੂੰ ਮੈਨੂਫੈਕਚਰਿੰਗ ਰਾਹੀਂ ਉੱਚ ਉਦਯੋਗਿਕ ਵਿਕਾਸ ਵੱਲ ਲੈ ਕੇ ਜਾਂਦੇ ਹਨ। ਪੰਜਾਬ ਗਲੋਬਲ ਮੁਕਾਬਲੇਬਾਜ਼ੀ ਅਤੇ ਮਜ਼ਬੂਤ ਉਦਯੋਗਿਕ ਵਾਤਾਵਰਨ ਪ੍ਰਣਾਲੀ ਵੱਲ ਵਧ ਰਿਹਾ ਹੈ। ਸਹਿਯੋਗ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਨੇ ਅੱਗੇ ਕਿਹਾ, 'ਉਦਯੋਗਿਕ ਵਿਕਾਸ ਹਮੇਸ਼ਾ ਇੱਕ ਭਾਈਵਾਲੀ ਹੁੰਦਾ ਹੈ। ਜਦੋਂ ਸਰਕਾਰ ਅਤੇ ਉਦਯੋਗ ਵਿਸ਼ਵਾਸ ਅਤੇ ਸਪੱਸ਼ਟਤਾ ਨਾਲ ਮਿਲ ਕੇ ਕੰਮ ਕਰਦੇ ਹਨ ਤਾਂ ਪ੍ਰੋਜੈਕਟ ਤੇਜ਼ੀ ਨਾਲ ਅੱਗੇ ਵਧਦੇ ਹਨ ਅਤੇ ਨਤੀਜੇ ਵਧੀਆ ਨਿਕਲਦੇ ਹਨ।' ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਇਹ ਪ੍ਰੋਜੈਕਟ ਪੰਜਾਬ ਦੇ ਉਦਯੋਗਿਕ ਵਿਕਾਸ ਦੀ ਕਹਾਣੀ ਵਿੱਚ ਇੱਕ ਅਹਿਮ ਥੰਮ੍ਹ ਬਣੇਗਾ। ਇਹ ਪ੍ਰੋਜੈਕਟ ਹੋਰ ਕੰਪਨੀਆਂ ਨੂੰ ਪੰਜਾਬ ਨੂੰ ਇੱਕ ਮਜ਼ਬੂਤ ਨਿਰਮਾਣ ਟਿਕਾਣੇ ਵਜੋਂ ਉਤਸ਼ਾਹਿਤ ਕਰੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟਾਟਾ ਸਟੀਲ ਅਤੇ ਉਦਯੋਗ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੰਦੇ ਹੋਏ ਕਿਹਾ ਕਿ ਉਹ ਪੰਜਾਬ ਦੀ ਤਰੱਕੀ ਵਿੱਚ ਭਾਈਵਾਲ ਹਨ। ਉਨ੍ਹਾਂ ਕਿਹਾ, 'ਇਹ ਪ੍ਰੋਜੈਕਟ ਸੂਬੇ ਦੇ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਮੀਲ ਪੱਥਰ ਹੈ। ਇਹ ਪੰਜਾਬ ਨੂੰ ਉਦਯੋਗਿਕ ਧੁਰੇ ਵਿੱਚ ਬਦਲਣ ਅਤੇ ਆਰਥਿਕ ਵਿਕਾਸ ਵਿੱਚ ਤੇਜ਼ੀ ਲਿਆਉਣ ਵਿੱਚ ਮਦਦ ਕਰੇਗਾ। ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਨਾ ਸਿਰਫ਼ ਖੇਤੀ ਵਿੱਚ ਸਗੋਂ ਉਦਯੋਗ ਵਿੱਚ ਵੀ ਦੇਸ਼ ਦੀ ਅਗਵਾਈ ਕਰੇਗਾ।' ਇਸ ਤੋਂ ਪਹਿਲਾਂ ਉਦਯੋਗ ਮੰਤਰੀ ਸੰਜੀਵ ਅਰੋੜਾ ਨੇ ਪਤਵੰਤਿਆਂ ਦਾ ਸਵਾਗਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ, ਹਰਦੀਪ ਸਿੰਘ ਮੁੰਡੀਆਂ, ਮੁੱਖ ਸਕੱਤਰ ਕੇ. ਏ. ਪੀ. ਸਿਨਹਾ ਤੇ ਹੋਰ ਹਾਜ਼ਰ ਸਨ।

# ਏਕ ਜੋਤ ਸੰਸਥਾ ਨੇ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਵਸ 'ਤੇ ਮੈਡੀਕਲ ਕੈਂਪ ਲਗਾਇਆ

## ਸਮਾਜਿਕ ਸੰਗਠਨਾਂ ਨੂੰ ਨੌਜਵਾਨਾਂ ਨੂੰ ਉਨ੍ਹਾਂ ਦੀ ਕਹਾਣੀ ਤੋਂ ਜਾਣੂ ਕਰਵਾਉਣ ਲਈ ਅਜਿਹੇ ਸਮਾਗਮ ਕਰਵਾਉਣੇ ਚਾਹੀਦੇ ਹਨ: ਵਰੁਣ ਮਹਿਤਾ

ਜ਼ਿਕਰ ਪੰਜਾਬ
ਲੁਧਿਆਣਾ/ਤਮੰਨਾ ਬੇਦੀ

ਏਕ ਜੋਤ ਯੂਥ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਅਨਿਲ ਕੁਮਾਰ ਨੇ ਨਵਾਂ ਜਨਤਾ ਨਗਰ ਸਥਿਤ ਗੁਰਦੁਆਰਾ ਗੁਰੂਨਾਨਕ ਪ੍ਰਕਾਸ਼ ਵਿਖੇ ਅਮਰ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਇੱਕ ਮੁਫਤ ਮੈਡੀਕਲ ਚੈੱਕਅਪ ਕੈਂਪ ਅਤੇ ਖੂਨਦਾਨ ਕੈਂਪ ਲਗਾਇਆ। ਇਸ ਮੌਕੇ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਮੈਂਬਰ ਅਜਿੰਦਰਾ ਕੌਰ, ਸਨਾਤਨ ਸੇਵਾ ਸੰਮਤੀ ਦੇ ਜ਼ੋਨ ਜਨਰਲ ਸਕੱਤਰ ਵਰੁਣ ਮਹਿਤਾ, ਜ਼ਿਲ੍ਹਾ ਇੰਚਾਰਜ ਨਿਖਿਲ ਸ਼ਰਮਾ, ਬਲਾਕ ਕੋਆਰਡੀਨੇਟਰ ਭਰਤ ਸ਼ਰਮਾ ਨੋਨੀ, ਚੇਅਰਮੈਨ ਪਵਿੱਤਰਾ ਸਿੰਘ ਸਿੱਧੂ ਅਤੇ ਹੋਰ ਪ੍ਰਮੁੱਖ ਤੌਰ 'ਤੇ ਸ਼ਾਮਲ ਹੋਏ। ਅਜਿੰਦਰਾ ਕੌਰ ਅਤੇ ਵਰੁਣ ਮਹਿਤਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਅਜਿਹੇ ਮਹਾਨ ਸ਼ਹੀਦਾਂ ਦੇ ਸ਼ਹੀਦੀ ਦਿਵਸ 'ਤੇ ਅਜਿਹਾ ਸਮਾਗਮ ਕਰਵਾਉਣਾ ਸਾਡੀ ਨੌਜਵਾਨ ਪੀੜ੍ਹੀ ਵਿੱਚ ਸਮਾਜ ਸੇਵਾ ਦੀ ਭਾਵਨਾ ਜਗਾਉਣ ਅਤੇ ਸਮਾਜ ਦੇ ਲੋੜਵੰਦ ਵਰਗਾਂ ਨੂੰ ਲਾਭ ਪਹੁੰਚਾਉਣ ਦਾ ਇੱਕ ਸ਼ਲਾਘਾਯੋਗ ਉਪਰਾਲਾ ਹੈ। ਵਰੁਣ ਮਹਿਤਾ ਨੇ ਕਿਹਾ ਕਿ ਸੰਸਥਾ ਲੋੜਵੰਦ ਬੱਚਿਆਂ ਨੂੰ ਨੋਟਬੁੱਕ, ਕਿਤਾਬਾਂ, ਰਾਸ਼ਨ ਪ੍ਰਦਾਨ ਕਰਦੀ ਹੈ ਅਤੇ ਸਮੇਂ-ਸਮੇਂ 'ਤੇ ਅਜਿਹੇ ਮੈਡੀਕਲ ਕੈਂਪ ਲਗਾਉਂਦੀ ਹੈ। ਇਸ ਤਰ੍ਹਾਂ ਕਰਨ ਨਾਲ ਸਮਾਜ ਦੀ ਸੱਚੀ ਸੇਵਾ ਹੋ ਰਹੀ ਹੈ। ਸਨਾਤਨ ਸੇਵਾ ਸਮਿਤੀ ਦੇ ਜ਼ਿਲ੍ਹਾ ਇੰਚਾਰਜ ਨਿਖਿਲ ਸ਼ਰਮਾ ਅਤੇ ਭਰਤ ਸ਼ਰਮਾ ਨੋਨੀ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਅਜਿਹੀਆਂ ਸਮਾਜ ਸੇਵੀ ਸੰਸਥਾਵਾਂ ਦਾ ਸਨਮਾਨ ਕਰਦੀ ਹੈ ਅਤੇ ਨੌਜਵਾਨਾਂ ਨੂੰ ਨਸ਼ਾ ਮੁਕਤ ਰਹਿਣ ਲਈ ਪ੍ਰੇਰਿਤ ਕਰਦੀ ਹੈ।ਸੁਸਾਇਟੀ ਦੇ ਪ੍ਰਧਾਨ ਅਨਿਲ ਕੁਮਾਰ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਮਹੀਨਾਵਾਰ ਮੈਡੀਕਲ ਕੈਂਪ ਅਤੇ ਰਾਸ਼ਨ ਵੰਡ ਕੈਂਪ ਲਗਾ ਕੇ ਸੈਂਕੜੇ ਪਰਿਵਾਰਾਂ ਦੀ ਮਦਦ ਕਰ ਰਹੀ ਹੈ। ਇਸ ਮੌਕੇ ਕਰਨੈਲ ਸਿੰਘ, ਗੁਲਸ਼ਨ ਕੁਮਾਰ, ਭੁਪਿੰਦਰ ਸਿੰਘ, ਪੰਕਜ ਗੁਪਤਾ, ਰਾਮ ਪ੍ਰਕਾਸ਼, ਗੁਰੂ ਦਰਸ਼ਨ ਸਿੰਘ, ਗੁਰਪ੍ਰੀਤ ਸਿੰਘ, ਸੁਖਮੰਦਰ ਸਿੰਘ ਮਨੀ, ਮੀਰਾ ਸ਼ਰਮਾ, ਮਹਿਲਾ ਪ੍ਰਧਾਨ ਗੌਰੀ ਸ਼ਰਮਾ ਅਤੇ ਛੋਟੀ ਵਾਣੀ ਸ਼ਰਮਾ ਨੇ ਸ਼ਹੀਦਾਂ ਦਾ ਸੁਰੀਲਾ ਗੁਣਗਾਨ ਕੀਤਾ।



# ਵਿਧਾਇਕਾਂ ਨੂੰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੀ ਪੂਰੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ : ਮਨੀਸ਼ ਸਿਸੋਦੀਆ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

'ਯੁੱਧ ਨਸ਼ੇ ਵਿਰੁੱਧ' (ਨਸ਼ਿਆਂ ਵਿਰੁੱਧ ਜੰਗ) ਮੁਹਿੰਮ ਦੇ ਬੈਨਰ ਹੇਠ ਅੰਮ੍ਰਿਤਸਰ ਵਿੱਚ ਪਾਰਟੀ ਆਗੂਆਂ, ਵਿਧਾਇਕਾਂ, ਬਲਾਕ ਇੰਚਾਰਜਾਂ ਅਤੇ ਅਹੁਦੇਦਾਰਾਂ ਨੂੰ ਸੰਬੋਧਨ ਕਰਦੇ ਹੋਏ, ਆਮ ਆਦਮੀ ਪਾਰਟੀ (ਆਪ) ਦੇ ਪੰਜਾਬ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ, ਵਿਧਾਇਕਾਂ ਨੂੰ ਪੂਰੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ ਅਤੇ ਹਰ ਪਿੰਡ ਲਈ ਰੋਜ਼ਾਨਾ ਜਵਾਬਦੇਹੀ ਯਕੀਨੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਨੇ ਪੂਰੇ ਪੰਜਾਬ ਰਾਜ ਵਿੱਚ ਨਸ਼ਿਆਂ ਵਿਰੁੱਧ ਇੱਕ ਮਜ਼ਬੂਤ, ਮਿਸ਼ਨ-ਮੋਡ ਲੜਾਈ ਦਾ ਸੱਦਾ ਦਿੱਤਾ, ਇਸ ਗੱਲ 'ਤੇ ਜ਼ੋਰ ਦਿੱਤਾ ਕਿ 'ਆਪ' ਦੀ ਨੀਂਹ ਸੱਤਾ ਜਾਂ ਵਿਸ਼ੇਸ਼ ਅਧਿਕਾਰਾਂ ਦੀ ਭਾਲ ਵਿੱਚ ਨਹੀਂ, ਸਗੋਂ ਸੰਘਰਸ਼ ਅਤੇ ਕੁਰਬਾਨੀ ਵਿੱਚ ਹੈ।

# ਜਵੱਦੀ ਟਕਸਾਲ ਵਿਖੇ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਜੋਤੀ ਜੋਤ ਦਿਵਸ ਨੂੰ ਸਮਰਪਿਤ ਹਫਤਾਵਾਰੀ ਨਾਮ ਸਿਮਰਨ ਸਮਾਗਮ ਕਰਵਾਇਆ



ਜ਼ਿਕਰ ਪੰਜਾਬ
ਲੁਧਿਆਣਾ/ਪ੍ਰਿਤਪਾਲ ਸਿੰਘ ਪਾਲੀ

ਗੁਰਬਾਣੀ, ਗੁਰ ਇਤਿਹਾਸ ਦੇ ਪ੍ਰਚਾਰ-ਪ੍ਰਸਾਰ ਅਤੇ ਪੁਰਾਤਨ ਗੁਰਮਤਿ ਸੰਗੀਤ ਦੀ ਬਹਾਲੀ ਲਈ ਨਿਰੰਤਰ ਕਾਰਜਸ਼ੀਲ ਜਵੱਦੀ ਟਕਸਾਲ ਵਿਖੇ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਜੋਤੀ ਜੋਤ ਦਿਵਸ ਨੂੰ ਸਮਰਪਿਤ ਹਫਤਾਵਾਰੀ ਨਾਮ ਸਿਮਰਨ ਸਮਾਗਮ ਕਰਵਾਇਆ ਗਿਆ। ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਨੇ ਗੁਰੂ ਸਾਹਿਬ ਜੀ ਦੇ ਜੀਵਨ, ਰਚਨਾ ਅਤੇ ਸਿਧਾਂਤ ਵਿਸ਼ੇ ਤੇ ਵਿਚਾਰਾਂ ਦੀ ਸਾਂਝ ਪਾਉਂਦਿਆਂ ਫੁਰਮਾਇਆ ਕਿ ਗੁਰ ਇਤਿਹਾਸ ਵਾਚਿਆਂ ਸਹਿਜੇ ਹੀ ਪਤਾ ਲੱਗਦਾ ਹੈ ਕਿ ਗੁਰੂ ਨਾਨਕ ਦੇਵ ਜੀ ਨੇ ਭਾਈ ਲਹਿਣਾ ਜੀ ਦੀ ਸੇਵਾ, ਭਗਤੀ-ਭਾਵ, ਅਗਿਆਕਾਰਤਾ, ਸ਼ਹਿਨਸ਼ੀਲਤਾ ਤੇ ਹੋਰ ਅਨੇਕਾਂ ਗੁਣਾਂ ਨੂੰ ਦੇਖਦਿਆਂ ਆਪਣੇ ਸਰੀਰ ਦਾ ਅੰਗ ਸਵੀਕਾਰ ਕਰ ਕੇ ਭਾਈ ਲਹਿਣਾ ਤੋਂ 'ਅੰਗਦ' ਨਾਮ ਰੱਖਿਆ। ਬਾਬਾ ਜੀ ਨੇ ਸਮਝਾਇਆ ਕਿ ਜਦੋਂ ਕੋਈ ਸਿੱਖ ਗੁਰੂ ਦਾ ਹੋ ਕੇ ਜਿਉਂਦਾ ਹੈ ਤਾਂ ਗੁਰੂ ਮਿਹਰ ਕਰਕੇ ਆਪਣੇ ਅੰਗ-ਸੰਗ ਰੱਖਦਾ ਹੈ। ਪ੍ਰੰਤੂ ਗੁਰੂ ਨੂੰ ਸਮਰਪਿਤ ਹੋਣ ਦੀ ਭਾਵਨਾ ਕਿਸੇ ਵਿਰਲੇ ਵਿਚ ਹੀ ਹੁੰਦੀ ਹੈ। ਬਾਬਾ ਜੀ ਨੇ ਕਿਹਾ ਕਿ ਨਿਮਰਤਾ, ਪਰਉਪਕਾਰ, ਸਿਮਰਨ, ਦਇਆ, ਸੇਵਾ-ਭਗਤੀ, ਹਉਮੈ ਤੋਂ ਰਹਿਤ ਜੀਵਨ ਰਹਿਤ ਜੀਵਨ ਉਹਨਾਂ ਦੀ ਸਿੱਖਿਆ ਦੇ ਮਹੱਤਵਪੂਰਨ ਪਹਿਲੂ ਹਨ। ਸਿੱਖੀ ਮਹਿਲ ਦੀਆਂ ਦੀਵਾਰਾਂ ਦੀ ਉਸਾਰੀ 'ਚ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਵੱਡਾ ਯੋਗਦਾਨ ਹੈ। ਉਨ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਸਿੰਚੇ ਦੀ ਦ੍ਰਿੜਤਾ ਨਾਲ ਰਾਖੀ ਕੀਤੀ। ਸਿੱਖੀ ਸਿਧਾਂਤਾਂ ਦਾ ਪ੍ਰਪੱਕਤਾ ਨਾਲ ਪ੍ਰਚਾਰ ਕੀਤਾ। ਬਾਬਾ ਜੀ ਨੇ ਸ੍ਰੀ ਗੁਰੂ ਅਮਰਦਾਸ ਅੰਗਦ ਦੇਵ ਜੀ ਦੇ ਦੀਆਂ ਰਚਨਾਵਾਂ ਦਾ ਜ਼ਿਕਰ ਕਰਦਿਆਂ ਵੱਖ-ਵੱਖ ਪਹਿਲੂਆਂ ਨੂੰ ਛੋਹਿਆ, ਉਥੇ ਗੁਰਮੁਖਤਾ ਦੀ ਗੱਲ ਨੂੰ ਬੜੀ ਬੇਬਾਕੀ ਨਾਲ ਦਰਸਾਇਆ। ਬਾਬਾ ਜੀ ਨੇ ਗੁਰੂ ਸਾਹਿਬ ਜੀ ਦੀ ਬਾਣੀ ਦੇ ਹਵਾਲਿਆਂ ਨਾਲ ਸਮਝਾਇਆ ਕਿ ਉਨ੍ਹਾਂ ਦਾ ਆਪਣੇ ਗੁਰੂ ਤੇ ਐਸਾ ਭਰੋਸਾ, ਐਸਾ ਆਪਾ ਸਮਰਪਿਤ, ਅਜਿਹੀ ਸੇਵਾ, ਆਦਿ ਬਹੁਤ ਕਠਿਨ ਪੈਂਡਾ ਹੈ।

# ਪ੍ਰਮੁੱਖ ਜ਼ਿਲ੍ਹਿਆਂ ਤੋਂ ਓ.ਟੀ.ਐਸ. ਸਕੀਮ ਤਹਿਤ 111.16 ਕਰੋੜ ਰੁਪਏ ਦੀ ਪ੍ਰਾਪਤੀ ਨਾਲ ਭਗਵੰਤ ਮਾਨ ਸਰਕਾਰ ਵਿੱਚ ਕਾਰੋਬਾਰੀਆਂ ਦਾ ਭਰੋਸਾ ਹੋਇਆ ਪ੍ਰਤੱਖ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਿਹਾ ਕਿ ਵੈਟ ਬਕਾਏ ਲਈ ਯਕਮੁਸ਼ਤ ਨਿਪਟਾਰਾ (ਓ.ਟੀ.ਐਸ.) ਸਕੀਮ ਨੂੰ ਭਾਰੀ ਹੁੰਗਾਰਾ ਮਿਲਿਆ ਹੈ, ਜਿਸ ਤਹਿਤ ਲਗਭਗ 298.39 ਕਰੋੜ ਰੁਪਏ ਦੇ ਬਕਾਏ ਵਾਲੀਆਂ 7,845 ਅਰਜ਼ੀਆਂ ਪ੍ਰਾਪਤ ਹੋਈਆਂ ਹਨ ਅਤੇ 111.16 ਕਰੋੜ ਪ੍ਰਾਪਤ ਕੀਤੇ ਜਾ ਚੁੱਕੇ ਹਨ। ਪੁਰਾਣੇ ਟੈਕਸ ਬੋਝ ਨੂੰ ਖਤਮ ਕਰਨ ਦੇ ਨਾਲ-ਨਾਲ ਮਾਲੀਏ ਨੂੰ ਹੁਲਾਰਾ ਦੇਣ ਲਈ ਇਸ ਨੂੰ ਇੱਕ ਫੈਸਲਾਕੁੰਨ ਕਦਮ ਦੱਸਦਿਆਂ, ਵਿੱਤ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਇਸ ਰਾਹਤ ਦੀ ਸਮਾਂ ਸੀਮਾ 31 ਮਾਰਚ ਤੱਕ ਹੈ, ਜਿਸ ਤੋਂ ਬਾਅਦ ਸਰਕਾਰ ਸਖ਼ਤ ਵਸੂਲੀ ਦੇ ਮੋਡ ਵਿੱਚ ਆ ਜਾਵੇਗੀ, ਅਤੇ ਇਸ ਕਾਰਵਾਈ ਲਈ ਲਗਭਗ 8,000 ਜਾਇਦਾਦਾਂ ਦੀ ਪਹਿਲਾਂ ਹੀ ਪਛਾਣ ਕੀਤੀ ਜਾ ਚੁੱਕੀ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਸ ਸਕੀਮ ਨਾਲ ਪਹਿਲਾਂ ਹੀ ਕੁੱਲ 111.16 ਕਰੋੜ ਰੁਪਏ ਦੀ ਪ੍ਰਾਪਤੀ ਹੋ ਚੁੱਕੀ ਹੈ। ਲੁਧਿਆਣਾ, ਅੰਮ੍ਰਿਤਸਰ, ਜਲੰਧਰ, ਪਟਿਆਲਾ ਅਤੇ ਰੋਪੜ ਡਿਵੀਜ਼ਨਾਂ ਦੀ ਸਰਗਰਮ ਸ਼ਮੂਲੀਅਤ ਸ਼ਲਾਘਾਯੋਗ ਹੈ। ਇਨ੍ਹਾਂ ਪ੍ਰਮੁੱਖ ਜ਼ਿਲ੍ਹਿਆਂ ਤੋਂ ਮਿਲਿਆ ਭਰਵਾਂ ਹੁੰਗਾਰਾ ਸਕੀਮ ਦੇ ਵੱਡੇ ਵਿੱਤੀ ਲਾਭਾਂ ਬਾਰੇ ਵੱਧ ਰਹੀ ਜਾਗਰੂਕਤਾ ਨੂੰ ਦਰਸਾਉਂਦਾ ਹੈ। ਇੱਕ ਜ਼ੋਰਦਾਰ ਅਪੀਲ ਜਾਰੀ ਕਰਦਿਆਂ ਉਨ੍ਹਾਂ ਕਿਹਾ,



"ਕਿਉਂਕਿ ਇਹ ਸਕੀਮ 31 ਮਾਰਚ, 2026 ਨੂੰ ਆਪਣੇ ਅੰਤਿਮ ਪੜਾਅ 'ਤੇ ਪਹੁੰਚ ਰਹੀ ਹੈ, ਇਸ ਲਈ ਸਾਰੇ ਯੋਗ ਟੈਕਸਦਾਤਾਵਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਸੂਬੇ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਸ਼ਹਾਦਤ 'ਤੇ ਸੀਟੀ ਗਰੁੱਪ ਵਿੱਚ ਦਸਤਾਰ ਬੰਨ੍ਹਣ ਦਾ ਮੁਕਾਬਲਾ



ਜ਼ਿਕਰ ਪੰਜਾਬ
ਜਲੰਧਰ/ਬਲਵਿੰਦਰ ਕੁਮਾਰ

ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਸ਼ਹਾਦਤ ਨੂੰ ਨਮਨ ਕਰਦੇ ਹੋਏ ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵਿੱਚ ਦਸਤਾਰ ਬੰਨ੍ਹਣ ਦਾ ਮੁਕਾਬਲਾ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮਕਸਦ ਸਿੱਖ ਦਸਤਾਰ ਨਾਲ ਜੁੜੀ ਸੱਭਿਆਚਾਰਕ ਮਹੱਤਤਾ ਨੂੰ ਉਜਾਗਰ ਕਰਨਾ ਅਤੇ ਵਿਦਿਆਰਥੀਆਂ ਵਿੱਚ ਆਪਣੀ ਵਿਰਾਸਤ ਲਈ ਮਾਣ ਦੀ ਭਾਵਨਾ ਪੈਦਾ ਕਰਨਾ ਸੀ। ਇਸ ਮੁਕਾਬਲੇ ਵਿੱਚ 30 ਤੋਂ ਵੱਧ ਵਿਦਿਆਰਥੀਆਂ ਨੇ ਬੜੇ ਜੋਸ਼ ਨਾਲ ਹਿੱਸਾ ਲਿਆ। ਉਨ੍ਹਾਂ ਨੇ ਮੋਰਨੀ, ਪਟਿਆਲਾ ਸ਼ਾਹੀ, ਵੱਟਾ ਵਾਲੀ ਅਤੇ ਪੂੰਸ਼ਣੀ ਵਰਗੇ ਰਵਾਇਤੀ ਅੰਦਾਜ਼ਾਂ ਵਿੱਚ ਦਸਤਾਰ ਬੰਨ੍ਹਣ ਦੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਨ੍ਹਾਂ ਦੀ ਤੇਜ਼ੀ, ਸਹੀ ਤਰੀਕਾ ਅਤੇ ਪੇਸ਼ਕਾਰੀ ਨੇ ਸਭ ਦਾ ਮਨ ਮੋਹ ਲਿਆ। ਇਸ ਮੁਕਾਬਲੇ ਦਾ ਨਤੀਜਾ ਟਰਬਨ ਅਕੈਡਮੀ ਦੀ ਟੀਮ ਚਨਪ੍ਰੀਤ ਸਿੰਘ, ਜਸ਼ਨਪ੍ਰੀਤ ਸਿੰਘ ਅਤੇ ਲਵਪ੍ਰੀਤ ਸਿੰਘ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਭਾਗੀਦਾਰਾਂ ਨੂੰ ਤਕਨੀਕ, ਅੰਦਾਜ਼ ਅਤੇ ਕੁੱਲ ਪੇਸ਼ਕਾਰੀ ਦੇ ਆਧਾਰ 'ਤੇ ਅੰਕ ਦਿੱਤੇ। ਇਸ ਮੌਕੇ 'ਤੇ ਕੈਂਪਸ ਡਾਇਰੈਕਟਰ ਡਾ. ਸ਼ਿਵ ਕੁਮਾਰ, ਡਾਇਰੈਕਟਰ ਅਕੈਡਮਿਕ ਓਪਰੇਸ਼ਨਜ਼ ਡਾ. ਸੰਗਰਾਮ ਸਿੰਘ, ਡੀਨ ਸਟੂਡੈਂਟ ਵੈਲਫੇਅਰ ਡਾ. ਅਰਜਨ ਸਿੰਘ ਅਤੇ ਸੀਟੀ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ ਦੇ ਪ੍ਰਿੰਸੀਪਲ ਦਿਵੋਯ ਛਾਬੜਾ ਮੌਜੂਦ ਸਨ। ਉਨ੍ਹਾਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਪ੍ਰੋਗਰਾਮ ਸੱਭਿਆਚਾਰਕ ਜਾਗਰੂਕਤਾ ਵਧਾਉਣ ਅਤੇ ਭਗਤ ਸਿੰਘ ਦੀ ਵਿਰਾਸਤ ਨੂੰ ਸਲਾਮ ਕਰਨ ਦਾ ਇੱਕ ਮਾਧਿਅਮ ਹੈ। ਮੁਕਾਬਲੇ ਦੇ ਅੰਤ ਵਿੱਚ ਸੁਖਦੀਪ ਸਿੰਘ ਨੇ ਪਹਿਲਾ ਸਥਾਨ ਹਾਸਲ ਕਰਦੇ ਹੋਏ 3100 ਦਾ ਇਨਾਮ ਜਿੱਤਿਆ। ਮਨਜਿੰਦਰ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕਰਕੇ 2100 ਜਿੱਤੇ, ਜਦਕਿ ਪ੍ਰਭਜੀਤ ਸਿੰਘ ਤੀਜੇ ਸਥਾਨ 'ਤੇ ਰਹੇ ਅਤੇ ਉਨ੍ਹਾਂ ਨੂੰ 1100 ਨਾਲ ਸਨਮਾਨਿਤ ਕੀਤਾ ਗਿਆ। ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਗਏ। ਅੰਤ ਵਿੱਚ ਮਹਿਮਾਨਾਂ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੁੜੇ ਰਹਿਣ ਅਤੇ ਸਮਾਜ ਵਿੱਚ ਸਕਾਰਾਤਮਕ ਯੋਗਦਾਨ ਦੇਣ ਲਈ ਪ੍ਰੇਰਿਤ ਕੀਤਾ। ਇਹ ਸਮਾਗਮ ਦੇਸ਼ਭਗਤੀ ਦੇ ਜਜ਼ਬੇ ਨਾਲ ਸਮਾਪਤ ਹੋਇਆ, ਜੋ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਆਦਰਸ਼ਾਂ ਨੂੰ ਜੀਵੰਤ ਕਰਦਾ ਹੈ।

# ਬਾਬਾ ਬਿਧੀ ਚੰਦ ਜੀ ਸੰਪਰਦਾ ਦੇ ਦਸਵੇਂ ਮੁਖੀ ਬਾਬਾ ਸੋਹਣ ਸਿੰਘ ਦੇ ਸਾਲਾਨਾ ਬਰਸੀ ਸਮਾਗਮਾਂ 'ਚ ਐਡਵੋਕੇਟ ਧਾਮੀ ਨੇ ਕੀਤੀ ਸ਼ਮੂਲੀਅਤ



ਜ਼ਿਕਰ ਪੰਜਾਬ
ਅੰਮ੍ਰਿਤਸਰ/ਬਿਊਰੋ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਲ ਪੰਥ ਬਾਬਾ ਬਿਧੀ ਚੰਦ ਜੀ ਸੰਪਰਦਾ ਦੇ ਦਸਵੇਂ ਮੁਖੀ ਬਾਬਾ ਸੋਹਣ ਸਿੰਘ ਜੀ ਦੀ ਸਾਲਾਨਾ ਬਰਸੀ ਦੇ ਸਮਾਗਮਾਂ ਦੌਰਾਨ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਅਤੇ ਬਾਬਾ ਜੀ ਦੇ ਗੁਰਮਤਿ ਨੂੰ ਸਮਰਪਿਤ ਜੀਵਨ ਤੋਂ ਸੰਗਤ ਨੂੰ ਪ੍ਰੇਰਨਾ ਲੈਣ ਲਈ ਕਿਹਾ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਸੋਹਣ ਸਿੰਘ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸੰਪਰਦਾ ਲਈ ਕੀਤੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਅਜਿਹੀਆਂ ਮਹਾਨ ਸ਼ਖਸੀਅਤਾਂ ਸਿੱਖ ਕੌਮ ਦਾ ਮਾਣ ਹਨ। ਉਨ੍ਹਾਂ ਕਿਹਾ ਕਿ ਬਾਬਾ ਜੀ ਨੇ ਗੁਰੂ ਗ੍ਰੰਥ ਅਤੇ ਗੁਰੂ ਪੰਥ ਦੀ ਚੜ੍ਹਦੀ ਕਲਾ ਲਈ ਆਪਣਾ ਜੀਵਨ ਸਮਰਪਿਤ ਕੀਤਾ ਅਤੇ ਸਿੱਖੀ ਪ੍ਰਚਾਰ ਲਈ ਵੱਡੀਆਂ ਸੇਵਾਵਾਂ ਦਿੱਤੀਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਦਲ ਪੰਥ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੌਜੂਦਾ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਵੱਲੋਂ ਨਿਭਾਈਆਂ ਜਾ ਰਹੀਆਂ ਪੰਥਕ ਸੇਵਾਵਾਂ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਵੱਲੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।

# ਬਿਹਾਰ ਸਥਾਪਨਾ ਦਿਵਸ 'ਤੇ ਰਾਜਪਾਲ ਨੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜ਼ਰੀਏ ਪੰਜਾਬ ਅਤੇ ਬਿਹਾਰ ਵਿਚਕਾਰ ਸਬੰਧਾਂ ਨੂੰ ਰੇਖਾਂਕਿਤ ਕੀਤਾ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

**ਰਾਜਪਾਲ ਨੇ ਬਿਹਾਰ ਸਥਾਪਨਾ ਦਿਵਸ 'ਤੇ ਸ਼ੁਭਕਾਮਨਾਵਾਂ ਦਿੱਤੀਆਂ, ਏਕਤਾ ਅਤੇ ਸੱਭਿਆਚਾਰਕ ਵਿਵਿਧਤਾ 'ਤੇ ਬਲ ਦਿੱਤਾ**

ਪੰਜਾਬ ਲੋਕ ਭਵਨ ਵਿਖੇ ਬਿਹਾਰ ਸਥਾਪਨਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਆਪਣੀ ਧਰਮਪਤਨੀ ਸ਼੍ਰੀਮਤੀ ਅਨੀਤਾ ਕਟਾਰੀਆ ਦੇ ਨਾਲ ਸਮਾਗਮ ਵਿੱਚ ਸ਼ਾਮਲ ਹੋਏ। ਰਾਜਪਾਲ ਸ਼੍ਰੀ ਕਟਾਰੀਆ ਨੇ ਬਿਹਾਰ ਦੀ ਸਮ੍ਰਿੱਧ ਇਤਿਹਾਸਿਕ, ਸੱਭਿਆਚਾਰਕ ਅਤੇ ਬੌਧਿਕ ਵਿਰਾਸਤ ਨੂੰ ਰੇਖਾਂਕਿਤ ਕਰਦੇ ਹੋਏ ਪ੍ਰਦੇਸ਼ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀ ਨਿਰੰਤਰ ਪ੍ਰਗਤੀ, ਏਕਤਾ ਅਤੇ ਸਮ੍ਰਿੱਧੀ ਦੀ ਕਾਮਨਾ ਕੀਤੀ। 'ਏਕ ਭਾਰਤ ਸ਼੍ਰੇਸ਼ਠ ਭਾਰਤ' ਦੀ ਭਾਵਨਾ ਦੇ ਤਹਿਤ ਆਯੋਜਿਤ ਇਸ ਸਮਾਰੋਹ ਵਿੱਚ ਬਿਹਾਰ ਦੀ ਸੱਭਿਆਚਾਰਕ ਵਿਰਾਸਤ ਨੂੰ ਵਿਭਿੰਨ ਪ੍ਰਸਤੁਤੀਆਂ ਦੇ ਜ਼ਰੀਏ ਪ੍ਰਦਰਸ਼ਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਝਿਝਿਆ, ਜਟ-ਜਟਿਨ ਅਤੇ ਛਠ ਪੂਜਾ ਜਿਹੇ ਜੀਵੰਤ ਲੋਕ ਨ੍ਰਿਤ ਪ੍ਰਸਤੁਤ ਕੀਤੇ ਗਏ। ਉੱਤਰ ਜ਼ੋਨ ਸੱਭਿਆਚਾਰਕ ਕੇਂਦਰ ਦੁਆਰਾ ਪ੍ਰਸਤੁਤ ਇਨ੍ਹਾਂ ਪ੍ਰਸਤੁਤੀਆਂ ਨੇ ਰਾਜ ਦੀਆਂ ਵਿਵਿਧ ਪਰੰਪਰਾਵਾਂ ਨੂੰ ਪ੍ਰਦਰਸ਼ਿਤ ਕੀਤਾ ਅਤੇ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ। ਪ੍ਰੋਗਰਾਮ ਦੇ ਦੌਰਾਨ ਬਿਹਾਰ ਦੇ ਰਾਜਪਾਲ ਦਾ ਵੀਡੀਓ ਸੰਦੇਸ਼ ਅਤੇ ਰਾਜ 'ਤੇ ਅਧਾਰਿਤ ਇੱਕ ਦਸਤਾਵੇਜ਼ੀ ਫਿਲਮ ਵੀ ਦਿਖਾਈ ਗਈ। ਆਪਣੇ ਸੰਬੋਧਨ ਵਿੱਚ ਰਾਜਪਾਲ ਨੇ ਕਿਹਾ ਕਿ ਵਿਭਿੰਨ ਰਾਜਾਂ ਦੇ ਸਥਾਪਨਾ ਦਿਵਸ ਮਨਾਉਣ ਨਾਲ ਸੱਭਿਆਚਾਰਕ ਵਿਵਿਧਤਾ ਨੂੰ ਹੁਲਾਰਾ ਮਿਲਦਾ ਹੈ ਅਤੇ ਰਾਸ਼ਟਰੀ ਏਕਤਾ ਮਜ਼ਬੂਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਆਯੋਜਨ ਰਾਜਾਂ ਦੇ ਦਰਮਿਆਨ ਸਹਿਯੋਗ, ਸਦਭਾਵ ਅਤੇ ਆਪਸੀ ਸਨਮਾਨ ਨੂੰ ਵਧਾਉਂਦੇ ਹਨ। ਬਿਹਾਰ ਦੇ ਇਤਿਹਾਸ ਅਤੇ ਸੱਭਿਆਚਾਰ ਦਾ ਉਲੇਖ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਇਸ ਰਾਜ ਨੇ ਸਿੱਖਿਆ, ਦਰਸ਼ਨ, ਸ਼ਾਸਨ ਅਤੇ ਸਮਾਜਿਕ ਚਿੰਤਨ ਦੇ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ ਹੈ ਅਤੇ ਇਹ ਬੁੱਧ ਧਰਮ, ਜੈਨ ਧਰਮ, ਸਿੱਖ ਧਰਮ ਅਤੇ ਹਿੰਦੂ ਧਰਮ ਜਿਹੇ ਪ੍ਰਮੁੱਖ ਧਰਮਾਂ ਦਾ ਸੰਗਮ ਸਥਲ ਵੀ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਬਿਹਾਰ ਅਤੇ ਪੰਜਾਬ ਦੇ ਦਰਮਿਆਨ ਸਬੰਧ ਸਾਂਝੀ ਅਧਿਆਤਮਿਕ ਵਿਰਾਸਤ ਨਾਲ ਮਜ਼ਬੂਤ ਹੋਏ ਹਨ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ, ਜੋ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਸਥਾਨ ਹੈ, ਸਾਹਸ, ਭਗਤੀ ਅਤੇ ਸੇਵਾ 'ਤੇ ਅਧਾਰਿਤ ਇਸ ਸਥਾਈ ਸਬੰਧ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਇਹ ਸਾਂਝੀ ਵਿਰਾਸਤ ਭਾਰਤ ਦੀ 'ਏਕਤਾ ਵਿੱਚ ਵਿਵਿਧਤਾ' ਨੂੰ ਦਰਸਾਉਂਦੀ ਹੈ ਅਤੇ ਬਿਹਾਰ ਦੇ ਲੋਕਾਂ ਦੀ ਪ੍ਰਤਿਭਾ ਅਤੇ ਪਰਿਸ਼੍ਰਮ ਰਾਸ਼ਟਰ ਨਿਰਮਾਣ ਵਿੱਚ ਨਿਰੰਤਰ ਯੋਗਦਾਨ ਦੇ ਰਹੇ ਹਨ। ਰਾਜਪਾਲ ਨੇ ਨਾਗਰਿਕਾਂ ਨੂੰ ਸਮਾਜਿਕ ਸਦਭਾਵ ਬਣਾਈ ਰੱਖਣ ਅਤੇ ਇੱਕ ਮਜ਼ਬੂਤ ਤੇ ਵਿਕਸਿਤ ਭਾਰਤ ਦੇ ਨਿਰਮਾਣ ਲਈ ਮਿਲ ਕੇ ਕਾਰਜ ਕਰਨ ਦਾ ਸੱਦਾ ਦਿੱਤਾ। ਇਸ ਅਵਸਰ 'ਤੇ ਭਾਰਤ ਦੇ ਐਡੀਸ਼ਨਲ ਸਾਲਿਸਟਰ ਜਨਰਲ ਸ਼੍ਰੀ ਸੱਤਿਆ ਪਾਲ ਜੈਨ; ਪੰਜਾਬ ਦੇ ਮੁੱਖ ਸਕੱਤਰ ਸ਼੍ਰੀ ਕੇ.ਏ.ਪੀ. ਸਿਨਹਾ; ਪੰਜਾਬ ਦੇ ਰਾਜਪਾਲ ਦੇ ਪ੍ਰਿੰਸੀਪਲ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ, ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਅਤੇ ਚੰਡੀਗੜ੍ਹ, ਪੰਜਾਬ ਅਤੇ ਬਿਹਾਰ ਤੋਂ ਆਏ ਪ੍ਰਤਿਸ਼ਠਿਤ ਮਹਿਮਾਨ ਵੀ ਉਪਸਥਿਤ ਸਨ।

